@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 24 November 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 24 ਨਵੰਬਰ 2024, 10 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 14, qpatrika@gmail.com ਫੋਨ : 9971359517 www.qaumipatrika.org

ਦਿੱਲੀ 'ਚ ਚੋਣਾਂਤੋਂ ਪਹਿਲਾਂ ਮੁੱਖ ਮੰਤਰੀ ਆਤਿਸ਼ੀ ਨੂੰ ਵੱਡੀ ਰਾਹਤ

ਨਵੀਂ ਦਿੱਲੀ, 23 ਨਵੰਬਰ। ਰਾਸਟਰੀ ਰਾਜਧਾਨੀ ਦੀ ਇਕ ਅਦਾਲਤ ਨੇ ਦਿੱਲੀ ਦੀ ਮੁੱਖ ਮੰਤਰੀ ਆਤਿਸੀ ਵਿਰੁੱਧ ਅਪਰਾਧਿਕ ਮਾਣਹਾਨੀ ਮਾਮਲੇ ਦੀ ਕਾਰਵਾਈ 'ਤੇ ਰੋਕ ਲਾ ਦਿੱਤੀ। ਵਿਸੇਸ

ਜੱਜ ਵਿਸਾਲ ਨੇ ਅਗਲੇ ਹੁਕਮਾਂ ਤੱਕ ਮੈਜਿਸਟਰੇਟ ਅਦਾਲਤ 'ਚ ਕਾਰਵਾਈ 'ਤੇ ਇਹ ਰੋਕ ਲਾਈ। ਮੈਜਿਸਟ੍ਰੇਟ ਅਦਾਲਤ ਨੇ ਭਾਜਪਾ ਦੇ ਇਕ ਨੇਤਾ ਵੱਲੋਂ ਦਾਇਰ ਸ਼ਿਕਾਇਤ 'ਤੇ ਆਤਿਸੀ ਨੂੰ ਸੰਮਨ ਜਾਰੀ ਕੀਤਾ ਸੀ। ਭਾਜਪਾ ਨੇਤਾ ਨੇ ਆਤਿਸੀ 'ਤੇ ਉਨ੍ਹਾਂ ਦੀ ਮਾਣਹਾਨੀ ਕਰਨ ਦਾ ਦੋਸ ਲਾਇਆ ਸੀ। ਵਿਸੇਸ ਜੱਜ ਨੇ ਆਤਿਸੀ ਵੱਲੋਂ ਦਾਇਰ ਪਟੀਸਨ 'ਤੇ ਇਹ ਹੁਕਮ ਦਿੱਤਾ। ਆਤਿਸੀ ਨੇ ਉਕਤ ਮਾਮਲੇ 'ਚ ਸੰਮਨ ਜਾਰੀ ਕਰਨ ਵਾਲੀ ਮੈਜਿਸਟ੍ਰੇਟ ਅਦਾਲਤ ਦੇ ਹੁਕਮਾਂ ਨੂੰ ਚੁਣੌਤੀ ਦਿੱਤੀ

ਜਸਟਿਸ ਡੀ ਕ੍ਰਿਸਨਕੁਮਾਰ ਨੇ ਮਣੀਪੁਰ ਹਾਈ ਕੋਰਟ ਦੇ 8ਵੇਂ ਚੀਫ ਜਸਟਿਸ ਵਜੋਂ ਚੁੱਕੀ ਸਹੁੰ

ਇੰਫਾਲ 23 ਨਵੰਬਰ। ਜਸਟਿਸ ਡੀ ਕ੍ਰਿਸਨਕੁਮਾਰ ਨੇ ਮਣੀਪੁਰ ਹਾਈ ਕੋਰਟ ਦੇ 8ਵੇਂ ਚੀਫ ਜਸਟਿਸ ਵਜੋਂ ਸਹੁੰ ਚੁੱਕੀ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਰਾਜਪਾਲ ਲਕਸਮਣ ਪ੍ਰਸਾਦ ਆਚਾਰੀਆ ਨੇ ਇੰਫਾਲ ਦੇ ਰਾਜ ਭਵਨ ਵਿੱਚ ਸਹੁੰ ਚੁੱਕ ਸਮਾਗਮ ਵਿੱਚ ਨਵੇਂ ਚੀਫ ਜਸਟਿਸ ਨੂੰ ਅਹੁਦੇ ਦੀ ਸਹੁੰ ਚੁਕਾਈ।

ਸੁਪਰੀਮ ਕੋਰਟ ਕਾਲੇਜੀਅਮ ਵੱਲੋਂ ਸਿਫਾਰਸ ਕੀਤੇ ਜਾਣ ਦੇ 48 ਘੰਟਿਆਂ ਦੇ ਅੰਦਰ ਬੁੱਧਵਾਰ ਨੂੰ ਉਨ੍ਹਾਂ ਨੂੰ ਹਾਈ ਕੋਰਟ ਦਾ ਚੀਫ ਜਸਟਿਸ ਨਿਯੁਕਤ ਕੀਤਾ ਗਿਆ। ਉਨ੍ਹਾਂ ਨੇ ਸੇਵਾਮੁਕਤ ਹੋਏ ਜਸਟਿਸ ਸਿਧਾਰਥ ਮ੍ਰਿਦੁਲ ਦੀ ਥਾਂ ਲਈ। ਜਸਟਿਸ ਡੀ. ਕ੍ਰਿਸਨਕੁਮਾਰ ਨੇ ਪਹਿਲਾਂ ਮਦਰਾਸ ਹਾਈ ਕੋਰਟ ਦੇ ਜੱਜ ਵਜੋਂ ਸੇਵਾ ਨਿਭਾਈ ਸੀ। ਮੁੱਖ ਮੰਤਰੀ ਐੱਨ. ਬੀਰੇਨ ਸਿੰਘ ਨੇ ਨਵੇਂ ਚੀਫ ਜਸਟਿਸ ਨੂੰ ਵਧਾਈ ਦਿੱਤੀ ਹੈ।

ਪ੍ਰਿਯੰਕਾ ਗਾਂਧੀ ਨੇ 4 ਲੱਖ ਤੋਂ ਵੱਧ ਵੋਟਾਂ ਨਾਲ ਜਿੱਤੀ ਵਾਇਨਾਡ ਸੀਟ

ਵਾਇਨਾਡ 23 ਨਵੰਬਰ। ਕਾਂਗਰਸ ਨੇਤਾ ਪ੍ਰਿਯੰਕਾ ਗਾਂਧੀ ਵਾਡਰਾ ਨੇ ਵਾਇਨਾਡ ਤੋਂ ਜਿੱਤ ਦਰਜ ਕੀਤੀ ਹੈ। ਉਹ 4,10,931 ਵੋਟਾਂ ਦੇ ਫਰਕ ਨਾਲ ਜਿੱਤੇ ਹਨ। ਉਨ੍ਹਾਂ ਨੇ ਮਾਕਸਵਾਦੀ ਕਮਿਊਨਿਸਟ ਪਾਰਟੀ ਦੇ ਸਤਿਅਨ ਮੋਕੇਰੀ ਨੂੰ ਅਤੇ ਭਾਜਪਾ ਦੀ ਅਗਵਾਈ ਵਾਲੀ ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਨੇ ਨਵਿਆ ਹਰੀਦਾਸ ਨੂੰ ਮਾਤ ਦਿੱਤੀ ਹੈ। ਵਾਇਨਾਡ

ਲੋਕ ਸਭਾ ਸੀਟ ਲਈ ਜ਼ਿਮਨੀ ਚੋਣਾਂ 13 ਨਵੰਬਰ ਨੂੰ ਹੋਈਆਂ ਸੀ। ਇਸ ਵਿਚ 16 ਉਮੀਦਵਾਰ ਚੋਣ ਮੈਦਾਨ ਵਿਚ ਉਤਰੇ। ਪ੍ਰਿਯੰਕਾ ਪਹਿਲੀ ਵਾਰ ਚੋਣ ਮੈਦਾਨ ਵਿਚ ਉਤਰੀ। ਵਾਇਨਾਡ 'ਚ ਇਸ ਵਾਰ ਕਰੀਬ 65 ਫੀਸਦੀ ਵੋਟਿੰਗ ਹੋਈ ਹੈ। ਅਪ੍ਰੈਲ ਵਿਚ ਜਦੋਂ ਰਾਹੁਲ ਗਾਂਧੀ ਇੱਥੋਂ ਚੋਣ ਲੜ ਰਹੇ ਸਨ ਤਾਂ 74 ਫੀਸਦੀ ਵੋਟਿੰਗ ਹੋਈ ਸੀ। ਦੱਸਣਯੋਗ ਹੈ ਕਿ ਲੋਕ ਸਭਾ ਚੋਣਾਂ ਵਿਚ ਰਾਹੁਲ ਗਾਂਧੀ ਨੇ ਉੱਤਰ ਪ੍ਰਦੇਸ਼ ਦੇ ਰਾਏਬਰੇਲੀ ਅਤੇ ਕੇਰਲ ਦੀ ਵਾਇਨਾਡ ਸੀਟ ਤੋਂ ਚੋਣ ਲੜੀ ਸੀ। ਦੋਹਾਂ ਹੀ ਸੀਟਾਂ 'ਤੇ ਰਾਹੁਲ ਨੇ ਜਿੱਤ ਹਾਸਲ ਕੀਤੀ ਸੀ। ਹਾਲਾਂਕਿ ਬਾਅਦ ਵਿਚ ਉਨ੍ਹਾਂ ਨੇ ਲੋਕ ਸਭਾ ਵਿਚ ਰਾਏਬਰੇਲੀ ਸੀਟ ਤੋਂ ਨੁਮਾਇੰਦਗੀ ਕਰਨ ਦਾ ਫੈਸਲਾ ਕੀਤਾ। ਰਾਹੁਲ ਦੇ ਇਸ ਫੈਸਲੇ ਨਾਲ ਖਾਲੀ ਹੋ ਗਈ, ਜਿਸ 'ਤੇ 13 ਨਵੰਬਰ ਨੂੰ ਜ਼ਿਮਨੀ ਚੋਣ ਹੋਈ ਸੀ।

ਅਸੀਂ ਝਾਰਖੰਡ 'ਚ ਲੋਕਤੰਤਰ ਦੀ ਪ੍ਰੀਖਿਆ 'ਚ ਸਫਲ ਹੋਏ: ਹੇਮੰਤ ਸੋਰੇਨ

ਸਿੰਮੀ ਕੌਰ ਬੱਬਰ

ਰਾਂਚੀ 23 ਨਵੰਬਰ। ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਸਨੀਵਾਰ ਨੂੰ ਵਿਧਾਨ ਸਭਾ ਚੋਣਾਂ ਵਿਚ ਵਿਰੋਧੀ 'ਇੰਡੀਆਂ' ਗਠਜੋੜ ਦੇ ਸਾਨਦਾਰ ਪ੍ਰਦਰਸਨ ਲਈ ਸੂਬੇ ਦੇ ਲੋਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਲੋਕਤੰਤਰ ਦੀ ਪ੍ਰੀਖਿਆ ਵਿਚ ਸਫਲ ਹੋਈ ਹੈ। ਝਾਰਖੰਡ ਮੁਕਤੀ ਮੋਰਚਾ (ਜੇ.ਐੱਮ.ਐੱਮ.), ਕਾਂਗਰਸ, ਰਾਸਟਰੀ ਜਨਤਾ ਦਲ (ਆਰ.ਜੇ.ਡੀ.) ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਲਿਬਰੇਸਨ ਦਾ ਗਠਜੋੜ ਫੈਸਲਾਕੁੰਨ ਜਿੱਤ ਵੱਲ ਵਧ ਰਿਹਾ ਹੈ। ਉਸ ਨੇ 31 ਸੀਟਾਂ ਜਿੱਤ ਲਈਆਂ ਹਨ ਅਤੇ 24 ਹੋਰ 'ਤੇ ਅੱਗੇ ਹੈ। ਸੋਰੇਨ ਨੇ ਬਰਹਾਟ ਸੀਟ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਗਮਲਿਯਲ ਹੇਮਬਰਮ ਨੂੰ 39,791 ਵੋਟਾਂ ਦੇ ਫਰਕ ਨਾਲ ਹਰਾਇਆ ਹੈ। ਸੋਰੇਨ ਨੇ ਇੱਥੇ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ, "ਅਸੀਂ ਝਾਰਖੰਡ ਵਿੱਚ ਲੋਕਤੰਤਰ ਦੀ ਪ੍ਰੀਖਿਆ ਸਫਲ ਹੋਏ ਹਾਂ , ਅਸੀਂ ਚੋਣ ਨਤੀਜਿਆਂ ਤੋਂ ਬਾਅਦ ਆਪਣੀ ਰਣਨੀਤੀ ਨੂੰ ਅੰਤਿਮ ਰੂਪ ਦੇਵਾਂਗੇ। ਮੈਂ ਇਸ ਸਾਨਦਾਰ ਪ੍ਰਦਰਸਨ ਲਈ ਸੂਬੇ ਦੇ ਲੋਕਾਂ ਦਾ ਧੰਨਵਾਦ ਕਰਦਾ ਹਾਂ।" ਸੋਰੇਨ ਨੇ ਇਹ ਵੀ ਕਿਹਾ ਕਿ ਝਾਰਖੰਡ 'ਅਬੂਆ ਰਾਜ, ਅਬੂਆ ਸਰਕਾਰ' (ਆਪਣਾ ਰਾਜ, ਆਪਣੀ ਸਰਕਾਰ) ਦੀ ਸਕ੍ਰਿਪਟ ਲਿਖਣ ਲਈ ਤਿਆਰ ਹੈ। ਇਸ ਦੌਰਾਨ ਕਾਂਗਰਸ ਦੇ ਰਾਸਟਰੀ ਜਨਰਲ ਸਕੱਤਰ ਗੁਲਾਮ ਅਹਿਮਦ ਮੀਰ ਨੇ ਕਿਹਾ, "ਸੋਰੇਨ ਝਾਰਖੰਡ ਦੇ ਮੁੱਖ ਮੰਤਰੀ ਹਨ ਅਤੇ ਅੱਗੇ ਵੀ ਬਣੇ ਰਹਿਣਗੇ।" ਝਾਰਖੰਡ 'ਚ ਹੇਮੰਤ ਸੋਰੇਨ ਨੇ ਵੱਡੀ ਗੇਮ ਖੇਡੀ। ਹੁਣ ਇਕ ਵਾਰ ਫਿਰ ਉਨ੍ਹਾਂ ਦੀ ਅਗਵਾਈ ਹੇਠ ਸੂਬੇ 'ਚ 'ਇੰਡੀਆ' ਗੱਠਜੋੜ ਦੀ ਸਰਕਾਰ ਬਣੇਗੀ। ਇਸ ਗੱਠਜੋੜ ਦੀ ਜਿੱਤ ਸਿਹਰਾ ਹੇਮੰਤ ਸੋਰੇਨ ਦੀਆਂ 5 ਚਾਲਾਂ ਨੂੰ ਜਾਂਦਾ ਹੈ। ਵਿਰੋਧੀ ਇਨ੍ਹਾਂ ਚਾਲਾਂ 'ਚ ਬੁਰੀ ਤਰ੍ਹਾਂ ਫਸ ਗਏ ਤੇ ਉਨ੍ਹਾਂ ਦੀ ਪੂਰੀ ਖੇਡ ਖਰਾਬ ਹੋ ਗਈ। ਆਓ ਇਸ ਬਾਰੇ ਜਾਣਦੇ ਹਾਂ। ਹੇਮੰਤ ਸੋਰੇਨ ਇਕ ਵਾਰ ਆਦਿਵਾਸੀਆਂ ਦਾ ਭਰੋਸਾ ਜਿੱਤਣ 'ਚ ਸਫਲ ਰਹੇ ਹਨ। ਝਾਰਖੰਡ ਦੀਆਂ ਬਹੁਤ ਸਾਰੀਆਂ ਸੀਟਾਂ 'ਤੇ ਆਦਿਵਾਸੀਆਂ ਦਾ ਦਬਦਬਾ ਹੈ, ਜਿਨ੍ਹਾਂ 'ਚੋਂ ਵਧੇਰੇ 'ਇੰਡੀਆ' ਗੱਠਜੋੜ ਦੇ ਹੱਕ 'ਚ ਗਈਆਂ ਹਨ। ਇਸ ਤੋਂ ਸਪੱਸਟ ਹੁੰਦਾ ਹੈ ਕਿ ਆਦਿਵਾਸੀਆਂ ਨੇ ਇਕ ਵਾਰ ਫਿਰ ਹੇਮੰਤ ਸੋਰੇਨ 'ਤੇ ਭਰੋਸਾ ਪ੍ਰਗਟਾਇਆ ਹੈ। ਇਹ ਭਰੋਸਾ ਇੰਨਾ ਮਜਬੂਤ ਸਾਬਤ ਹੋ ਰਿਹਾ ਹੈ ਕਿ ਚੰਪਾਈ ਸੋਰੇਨ ਦੇ ਭਾਜਪਾ 'ਚ ਸਾਮਲ ਹੋਣ ਤੋਂ ਬਾਅਦ ਵੀ ਵੋਟਰਾਂ ਨੇ ਝਾਰਖੰਡ ਮੁਕਤੀ ਮੋਰਚਾ ਤੇ ਹੇਮੰਤ ਸੋਰੇਨ

ਦਾ ਸਾਥ ਨਹੀਂ ਛੱਡਿਆ। ਹੇਮੰਤ ਸੋਰੇਨ ਨੇ ਭਾਜਪਾ 'ਤੇ 'ਕੱਟਣ-ਵੱਢਣ' ਦੀ ਸਿਆਸਤ ਕਰਨ ਦਾ ਦੋਸ ਲਾਇਆ ਸੀ ਤੇ 'ਬੇਟੀ-ਮਾਟੀ-ਰੋਟੀ' ਦਾ ਨਾਅਰਾ ਦਿੱਤਾ ਸੀ ਜੋ ਹਿੱਟ ਹੋ ਗਿਆ। ਉਨ੍ਹਾਂ 'ਬਟੇਂਗੇ ਤੋ ਕਟੇਂਗੇ' ਅਤੇ ਬੰਗਲਾਦੇਸੀ ਘੁਸਪੈਠ ਦੇ ਮੁੱਦਿਆਂ ਰਾਹੀਂ ਧਰੁਵੀਕਰਨ ਦੀ ਭਾਜਪਾ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ। ਇਸ ਦਾ ਅਸਰ ਇਹ ਹੋਇਆ ਕਿ 'ਇੰਡੀਆ' ਗੱਠਜੋੜ ਮੁਸਲਿਮ ਤੇ ਯਾਦਵ ਵੋਟਾਂ ਨੂੰ ਆਪਣੇ ਵੱਲ ਖਿੱਚਣ 'ਚ ਸਫਲ ਰਿਹਾ। ਨਤੀਜੇ ਵਜੋਂ ਇਸ ਗੱਠਜੋੜ ਨੂੰ ਮੁਸਲਿਮ-ਯਾਦਵ ਤੇ ਆਦਿਵਾਸੀ ਸੀਟਾਂ 'ਤੇ ਬੰਪਰ ਜਿੱਤ ਮਿਲੀ। ਹੇਮੰਤ ਸੋਰੇਨ ਨੇ ਵਿਰੋਧੀ ਧਿਰ ਦੀ ਰਣਨੀਤੀ ਨੂੰ ਸਮਝਣ 'ਚ ਸਮਾਂ ਬਰਬਾਦ ਨਹੀਂ ਕੀਤਾ। ਜਦੋਂ ਉਨ੍ਹਾਂ ਨੂੰ ਕਥਿਤ ਜਮੀਨ ਘਪਲੇ ਵਿਚ ਜੇਲ ਭੇਜਿਆ ਗਿਆ ਤਾਂ ਉਨ੍ਹਾਂ ਇਸ ਨੂੰ ਆਦਿਵਾਸੀ ਲੋਕਾਂ ਦੀ ਇੱਜਤ ਨਾਲ ਜੋੜ ਦਿੱਤਾ। ਜੇਲ ਤੋਂ ਰਿਹਾਅ ਹੋਣ ਪਿੱਛੋਂ ਉਨ੍ਹਾਂ ਹਰ ਘਰ 'ਚ ਇਹ ਸੁਨੇਹਾ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਕਿ ਗਰੀਬਾਂ ਦੇ ਆਗੂ ਹੇਮੰਤ ਸੋਰੇਨ ਨੂੰ ਭਾਜਪਾ ਨੇ ਇਕ ਸਾਜ਼ਿਸ਼ ਅਧੀਨ ਜੇਲ 'ਚ ਡੱਕ ਦਿੱਤਾ ਹੈ। ਇਸ ਤੋਂ ਬਾਅਦ ਆਦਿਵਾਸੀ ਵੋਟਰਾਂ ਨੇ ਚੋਣਾਂ 'ਚ ਪੂਰੇ ਉਤਸਾਹ ਨਾਲ ਹਿੱਸਾ ਲਿਆ, ਜਿਸ ਦਾ 'ਇੰਡੀਆ' ਗੱਠਜੋੜ ਨੂੰ ਫਾਇਦਾ ਹੋਇਆ। ਹੇਮੰਤ ਸੋਰੇਨ ਸਿਆਸਤ ਦੇ ਹੰਢੇ ਹੋਏ ਖਿਡਾਰੀ ਹਨ।

ਕਿਉਂ ਨਹੀਂ ਰੋਕ ਰਹੇ ਟਰੱਕਾਂ ਦੀ ਐਂਟਰੀ? ਪ੍ਰਦੂਸ਼ਣ ਨੂੰ ਲੈ ਕੇ ਸੁਪਰੀਮ ਕੋਰਟ ਨੇ ਦਿੱਲੀ ਸਰਕਾਰ ਲਾਈ ਫਟਕਾਰ

ਨਵੀਂ ਦਿੱਲੀ 23 ਨਵੰਬਰ। ਦਿੱਲੀ ਵਿਚ ਵਧਦੇ ਪ੍ਰਦੂਸਣ ਨੂੰ ਲੈ ਕੇ ਸੁਪਰੀਮ ਕੋਰਟ ਨੇ ਸਖਤ ਰੁਖ ਅਪਣਾਇਆ ਹੈ। ਜਸਟਿਸ ਅਭੈ ਐਸ. ਓਕਾ ਅਤੇ ਜਸਟਿਸ ਆਗਸਟਿਨ ਜਾਰਜ ਮਸੀਹ ਦੇ ਬੈਂਚ ਨੇ ਸੁਣਵਾਈ ਦੌਰਾਨ ਪੁੱਛਿਆ ਕਿ ਦਿਨ ਵੇਲੇ ਵੀ ਟਰੱਕ ਕਿਉਂ ਚੱਲਦੇ ਹਨ? ਅਦਾਲਤ ਨੇ ਦਿੱਲੀ ਸਰਕਾਰ ਅਤੇ ਪੁਲਸ ਨੂੰ 113 ਐਂਟਰੀ ਪੁਆਇੰਟਾਂ 'ਤੇ ਸਖਤ ਨਿਗਰਾਨੀ ਯਕੀਨੀ ਬਣਾਉਣ ਲਈ ਕਿਹਾ ਹੈ। ਬੈਂਚ ਨੇ ਕਿਹਾ ਕਿ ਸਾਡੇ ਲਈ ਇਹ ਮੰਨ ਲੈਣਾ ਬਹੁਤ ਮੁਸ਼ਕਲ ਹੈ ਕਿ ਦਿੱਲੀ ਵਿਚ ਟਰੱਕਾਂ ਦੀ ਐਂਟਰੀ ਰੋਕ ਦਿੱਤੀ ਗਈ ਹੈ। ਬੈਂਚ ਨੇ ਕਿਹਾ ਕਿ ਇਸ ਲਈ ਉਹ ਦਿੱਲੀ ਵਿਚ ਟਰੱਕਾਂ ਦੀ ਐਂਟਰੀ 'ਤੇ ਨਜਰ ਰੱਖਣ ਲਈ ਕੇਂਦਰ ਨੂੰ 113 ਥਾਵਾਂ 'ਤੇ ਪੁਲਸ ਕਰਮੀਆਂ ਦੀ ਤਾਇਨਾਤੀ ਦਾ ਨਿਰਦੇਸ਼ ਦੇਣ ਦਾ ਪ੍ਰਸਤਾਵ ਰੱਖਦੀ ਹੈ। ਸੁਪਰੀਮ ਕੋਰਟ ਨੇ ਦਿੱਲੀ ਸਰਕਾਰ ਤੋਂ ਪੁੱਛਿਆ ਹੈ ਕਿ ਟਰੱਕਾਂ ਦੀ ਐਂਟਰੀ ਰੋਕਣ ਲਈ ਕੀ ਕਦਮ ਚੁੱਕੇ ਗਏ ਹਨ। ਅਦਾਲਤ ਨੇ ਨਾਰਾਜਗੀ ਜਾਹਰ ਕਰਦਿਆਂ ਕਿਹਾ ਕਿ ਗਰੈਪ-4 (ਗਰੇਡਡ ਰਿਸਪਾਂਸ ਐਕਸਨ ਪਲਾਨ) ਤਹਿਤ ਸਿਰਫ ਜਰੂਰੀ ਵਸਤਾਂ ਲੈ ਕੇ ਜਾਣ ਵਾਲੇ ਟਰੱਕਾਂ ਦੀ ਹੀ ਇਜਾਜਤ ਹੋਣੀ ਚਾਹੀਦੀ ਹੈ ਪਰ ਐਂਟਰੀ ਪੁਆਇੰਟਾਂ 'ਤੇ ਨਿਗਰਾਨੀ ਨਾ ਹੋਣ ਕਾਰਨ ਅਤੇ ਰਿਸਵਤਖੋਰੀ ਦੇ ਦੋਸਾਂ ਕਾਰਨ ਦਿੱਲੀ ਵਿਚ ਨਿਯਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਦਿੱਲੀ ਸਰਕਾਰ ਵਲੋਂ ਪੇਸ਼ ਵਕੀਲ ਨੇ ਬੈਂਚ ਨੂੰ ਦੱਸਿਆ ਕਿ ਰਾਸ਼ਟਰੀ ਰਾਜਧਾਨੀ ਵਿਚ ਕੁੱਲ 113 ਐਂਟਰੀ ਬਿੰਦੂ ਹਨ, ਜਿਸ ਵਿਚੋਂ 13 ਟਰੱਕਾਂ ਲਈ ਹਨ। ਸੁਪਰੀਮ ਕੋਰਟ ਨੇ ਪ੍ਰਦੂਸ਼ਣ 'ਚ ਚਿੰਤਾਜਨਕ ਵਾਧਾ ਰੋਕਣ ਲਈ ਸਖਤ ਕਦਮ ਚੁੱਕਣ ਵਿਚ ਦੇਰੀ ਨੂੰ ਲੈ ਕੇ ਨਾਰਾਜਗੀ ਜਾਹਰ ਕੀਤੀ। ਕੋਰਟ ਨੇ ਦਿੱਲੀ- ਸੂਬਿਆਂ ਨੂੰ ਗਰੈਪ-4 ਤਹਿਤ ਪਾਬੰਦੀ ਲਾਗੂ ਕਰਨ ਲਈ ਤੁਰੰਤ ਟੀਮ ਦਾ ਗਠਨ ਕਰਨ ਦਾ 18 ਨਵੰਬਰ ਨੂੰ ਨਿਰਦੇਸ਼ ਦਿੱਤਾ ਸੀ ਅਤੇ ਕਿਹਾ ਸੀ ਕਿ ਅਗਲਾ ਹੁਕਮ ਦਿੱਤੇ ਜਾਣ 'ਤੇ ਇਹ ਪਾਬੰਦੀ ਲਾਗੂ ਰਹੇਗੀ।

ਮੁੱਖ ਮੰਤਰੀ ਅਹੁਦੇ ਲਈ ਮਹਾਯੁਤੀ ਕੋਲ ਕੋਈ ਪੱਕਾ ਫਾਰਮੂਲਾ ਨਹੀਂ: ਏਕਨਾਥ ਸ਼ਿੰਦੇ

ਏਜੰਸੀਆਂ

ਮੁੰਬਈ 23 ਨਵੰਬਰ। ਮਹਾਰਾਸਟਰ ਵਿਧਾਨ ਸਭਾ ਚੋਣਾਂ ਵਿਚ ਮਹਾਯੁਤੀ ਗਠਜੋੜ ਦੇ ਭਾਰੀ ਬਹੁਮਤ ਨਾਲ ਜਿੱਤਣ ਦੀਆਂ ਸੰਭਾਵਨਾਵਾਂ ਦੇ ਵਿਚਕਾਰ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਸਨੀਵਾਰ ਨੂੰ ਕਿਹਾ ਕਿ ਗਠਜੋੜ ਕੋਲ ਕੋਈ ਨਿਸਚਿਤ ਫਾਰਮੂਲਾ ਨਹੀਂ ਹੈ ਕਿ ਸਭ ਤੋਂ ਵੱਧ ਸੀਟਾਂ ਜਿੱਤਣ ਵਾਲੀ ਪਾਰਟੀ ਦੇ ਵਿਅਕਤੀ ਨੂੰ ਹੀ ਮੁੱਖ ਮੰਤਰੀ ਦਾ ਅਹੁਦਾ ਮਿਲੇਗਾ। ਸ਼ਿੰਦੇ ਨੇ ਕਿਹਾ ਕਿ ਉਨ੍ਹਾਂ ਦੀ ਵੱਡੀ ਪਹਿਲਕਦਮੀ 'ਮੁੱਖ ਮੰਤਰੀ ਮਾਂਝੀ ਲਾਡਕੀ ਬਹਿਨ ਯੋਜਨਾ' ਕਾਰਨ ਵਿਧਾਨ ਸਭਾ ਚੋਣਾਂ 'ਚ ਰੁਝਾਨ ਮਹਾਯੁਤੀ ਦੇ ਪੱਖ 'ਚ ਹਨ। ਮਹਾਰਾਸਟਰ ਵਿਧਾਨ ਸਭਾ ਦੀਆਂ 288 ਸੀਟਾਂ 'ਤੇ ਹੋਈਆਂ ਚੋਣਾਂ ਦੇ ਨਤੀਜਿਆਂ 'ਚ ਹੁਣ ਤੱਕ ਦੇ ਰੁਝਾਨਾਂ ਤੋਂ ਪਤਾ ਚੱਲਦਾ ਹੈ ਕਿ ਭਾਰਤੀ ਜਨਤਾ ਪਾਰਟੀ (ਭਾਜਪਾ), ਸ਼ਿਵ ਸੈਨਾ ਅਤੇ ਰਾਸਟਰਵਾਦੀ ਕਾਂਗਰਸ ਪਾਰਟੀ (ਐੱਨ.ਸੀ.ਪੀ.) ਦਾ ਗਠਜੋੜ 'ਮਹਾਯੁਤੀ' ਸੂਬੇ 'ਚ ਸੱਤਾ ਨੂੰ ਬਰਕਰਾਰ ਰੱਖੇਗਾ। ਸ਼ਿੰਦੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ, "ਮੈਂ ਰਾਜ ਦੀਆਂ ਸਾਰੀਆਂ ਲਾਡਲੀਆਂ ਭੈਣਾਂ ਅਤੇ ਭਰਾਵਾਂ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਸਾਨੂੰ ਵੱਡੀ ਗਿਣਤੀ ਵਿੱਚ ਵੋਟ ਦਿੱਤਾ। ਵੋਟਿੰਗ ਦਾ ਰੁਝਾਨ ਸਾਡੇ ਕੰਮ ਦਾ ਸਮਰਥਨ ਹੈ।" ਉਨ੍ਹਾਂ ਕਿਹਾ, "ਸਮਾਜ ਦੇ ਹਰ ਵਰਗ ਨੇ ਸਾਡੇ ਵਿਕਾਸ ਦੇ ਯਤਨਾਂ ਸਦਕਾ ਸਾਨੂੰ ਵੋਟਾਂ ਪਾਈਆਂ ਹਨ। ਜਨਤਾ ਨੇ ਸਾਡੇ ਕੰਮ ਨੂੰ ਦੇਖਿਆ ਹੈ ਅਤੇ ਆਪਣੀਆਂ ਵੋਟਾਂ ਰਾਹੀਂ ਇਸ ਦਾ ਜਵਾਬ ਦਿੱਤਾ ਹੈ।" ਸ਼ਿੰਦੇ ਨੇ ਇਸ ਗੱਲ 'ਤੇ ਜੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀ ਪਹੁੰਚ ਹਮੇਸਾ ਲੋਕ-

ਪੱਖੀ ਰਹੀ ਹੈ। ਇਸ ਲਈ ਉਹ ਵੱਡੀ ਜਿੱਤ ਦਰਜ ਕਰਨ ਲਈ ਤਿਆਰ ਹਨ। ਉਨ੍ਹਾਂ ਵਿਕਾਸ ਪ੍ਰਾਜੈਕਟਾਂ ਅਤੇ ਭਲਾਈ ਸਕੀਮਾਂ ਪ੍ਰਤੀ ਪ੍ਰਸਾਸਨ ਦੀ ਵਚਨਬੱਧਤਾ ਦਾ ਵੀ ਜ਼ਿਕਰ ਕੀਤਾ। ਸੂਬੇ ਦੇ ਚੋਣ ਨਤੀਜਿਆਂ ਵਿੱਚ ਮੁੱਖ ਮੰਤਰੀ ਮਾਝੀ ਲੜਕੀ ਬਹਿਨ ਯੋਜਨਾ ਇੱਕ ਅਹਿਮ ਕਾਰਕ ਬਣ ਗਈ ਹੈ। ਇਸ ਯੋਜਨਾ ਦੇ ਤਹਿਤ ਯੋਗ ਔਰਤਾਂ ਨੂੰ 1500 ਰੁਪਏ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਮਹਾਰਾਸਟਰ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਵਿੱਚ 'ਲੜਕੀ ਬਹਿਨ ਯੋਜਨਾ' ਦਾ ਸਭ ਤੋਂ ਅਹਿਮ ਯੋਗਦਾਨ ਹੈ। ਸ਼ਿੰਦੇ ਨੇ ਕਿਹਾ ਕਿ ਮਹਾਯੁਤੀ ਕੋਲ ਕੋਈ ਪੱਕਾ ਫਾਰਮੂਲਾ ਨਹੀਂ ਹੈ ਕਿ ਸਭ ਤੋਂ ਵੱਧ ਸੀਟਾਂ ਜਿੱਤਣ ਵਾਲੀ ਪਾਰਟੀ ਦੇ ਹੀ ਮੁੱਖ ਮੰਤਰੀ

ਪੰਜਾਬ ਦੇ ਇਨ੍ਹਾਂ ਪਿੰਡਾਂ ਲਈ ਖਤਰੇ ਦੀ ਘੰਟੀ, ਸਾਵਧਾਨ ਹੋ ਜਾਣ ਲੋਕ

ਸ੍ਰੀ ਚਮਕੌਰ ਸਾਹਿਬ 23 ਨਵੰਬਰ। ਸ੍ਰੀ ਚਮਕੌਰ ਸਾਹਿਬ ਦੇ ਇਲਾਕੇ ’ਚੋਂ ਪੀਣ ਵਾਲੇ ਪਾਣੀ ਦੇ 3 ਨਮੂਨੇ ਫੇਲ੍ਹ ਹੋਣ ਕਾਰਨ ਲੋਕਾਂ ’ਚ ਖਲਬਲੀ ਮਚ ਗਈ। ਇਸ ਸਬੰਧੀ ਜਦੋਂ ਸੀਨੀਅਰ ਮੈਡੀਕਲ ਅਫ਼ਸਰ ਡਾ. ਗੋਬਿੰਦ ਟੰਡਨ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਮੰਨਿਆ ਕਿ ਇਲਾਕੇ ਦੇ 8 ਪਿੰਡਾਂ ’ਚੋਂ ਪਾਣੀ ਦੇ ਸੈਂਪਲ ਭਰੇ ਸਨ, ਜਿਨ੍ਹਾਂ ਵਿਚੋਂ ਖਰੜ ਲੈਬੋਰੇਟਰੀ ਤੋਂ 3 ਸੈਂਪਲ ਫੇਲ੍ਹ ਹੋਣ ਦੀ ਰਿਪੋਰਟ ਆਈ ਹੈ ਜਦਕਿ 5 ਸੈਂਪਲ ਪਾਸ ਹਨ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਦੂਸ਼ਿਤ ਪਾਣੀ ਪੀਣ ਨਾਲ ਉਲਟੀਆਂ ਤੇ ਦਸਤ ਲੱਗ ਸਕਦੇ ਹਨ। ਵਿਭਾਗ ਨੇ ਆਪਣੇ ਵੱਲੋਂ ਸਬੰਧਤ ਪਿੰਡਾਂ ’ਚ ਪਹੁੰਚ ਕੇ ਦਵਾਈਆਂ ਵੀ ਵੰਡ ਦਿੱਤੀਆਂ ਹਨ। ਹਸਪਤਾਲ ਦੇ ਸਬੰਧਤ ਅਧਿਕਾਰੀ ਨੇ ਦੱਸਿਆ ਕਿ ਇਹ ਸੈਂਪਲ ਪਿੰਡ ਬਰਸਾਲਪੁਰ, ਪਿੱਪਲ ਮਾਜਰਾ, ਸਲੇਮਪੁਰ, ਮਕੜੌਨਾ ਅਤੇ ਅਮਰਾਲੀ ਆਦਿ ਪਿੰਡਾਂ ’ਚੋਂ ਭਰੇ ਗਏ ਸਨ, ਜਿਨ੍ਹਾਂ ’ਚੋਂ ਪਿੰਡ ਸਲੇਮਪੁਰ, ਪਿੱਪਲ ਮਾਜਰਾ ਤੇ ਅਮਰਾਲੀ ਦੇ ਪੀਣ ਵਾਲੇ ਪਾਣੀ ਦੇ ਸੈਂਪਲ ਫੇਲ੍ਹ ਦੱਸੇ ਗਏ ਹਨ। ਇਨ੍ਹਾਂ ਪਿੰਡਾਂ ਦੇ ਪਾਣੀਆਂ ਨੂੰ ਨਾ-ਪੀਣ ਯੋਗ ਕਰਾਰ ਦਿੱਤਾ ਗਿਆ ਹੈ। ਉਪਰੋਕਤ ਅਧਿਕਾਰੀ ਨੇ ਦੱਸਿਆ ਕਿ ਸਿਹਤ ਵਿਭਾਗ ਨੇ ਤੁਰੰਤ ਐਕਸ਼ਨ ਕਰਦਿਆਂ ਸਬੰਧਤ ਪਿੰਡਾਂ ’ਚ ਜਾ ਕੇ ਪਾਣੀ ’ਚ ਕਲੋਰੀਨ ਤੇ ਪਾਣੀ ਉਬਾਲ ਕੇ ਪੀਣ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਹੈ। ਉਨ੍ਹਾਂ ਮੁੱਢਲੇ ਤੌਰ ’ਤੇ ਇਹ ਵੀ ਦੱਸਿਆ ਕਿ ਇਸ ਦਾ ਕਾਰਨ ਜਲ ਸਪਲਾਈ ਵਾਲੀਆਂ ਪਾਈਪਾਂ ’ਚ ਨਾਲੀਆਂ ਦਾ ਪਾਣੀ ਮਿਕਸ ਹੋਣਾ ਹੈ, ਜਿਸ

ਸਬੰਧੀ ਵਿਭਾਗ ਨੂੰ ਜਾਣੂ ਕਰਵਾ ਦਿੱਤਾ ਗਿਆ ਹੈ। ਚਮਕੌਰ ਸਾਹਿਬ ਦੇ 5 ਟਿਊਬਵੈੱਲਾਂ ’ਚੋਂ ਵਾਟਰ ਸਪਲਾਈ ਵਿਭਾਗ ਦੇ 1 ਟਿਊਬਵੈੱਲ ਦੇ ਬੰਦ ਹੋਣ ਦੀ ਖਬਰ ਹੈ। ਦੱਸਿਆ ਜਾਂਦਾ ਹੈ ਕਿ ਇਹ ਟਿਊਬਵੈੱਲ ਲਗਭਗ 10 ਸਾਲ ਪਹਿਲਾਂ ਲੱਖਾਂ ਰੁਪਏ ਦੀ ਲਾਗਤ ਨਾਲ ਲਾਇਆ ਗਿਆ ਸੀ ਅਤੇ ਹੁਣ ਇਸ ਟਿਊਬਵੈੱਲ ਨੇ ਪਾਣੀ ਕੱਢਣ ਦੀ ਬਜਾਏ ਰੇਤਾ ਕੱਢਣਾ ਸ਼ੁਰੂ ਕਰ ਦਿੱਤਾ, ਜਿਸ ਤੋਂ ਸਾਫ਼ ਜਾਹਿਰ ਹੈ ਕਿ ਇਸ ਟਿਊਬਵੈੱਲ ਦਾ ਬੋਰ ਕਰਨ ਸਮੇਂ ਮਾਹਰਾਂ ਨੇ ਪਾਣੀ ਦਾ ਪੱਤਣ ਸਹੀ ਦੇਖ ਕੇ ਬੋਰ ਨਹੀਂ ਕੀਤਾ। ਜਦੋਂ ਇਸ ਸਬੰਧੀ ਵਾਟਰ ਸਪਲਾਈ ਦੇ ਐੱਸ.ਡੀ.ਓ. ਸੰਦੀਪ ਸ਼ਰਮਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪਿੰਡ ਅਮਰਾਲੀ ਸਾਡੇ ਅਧੀਨ ਨਹੀਂ ਆਉਂਦਾ ਜਦਕਿ ਸਲੇਮਪੁਰ ਪਿੰਡ ਦੇ ਸੈਂਪਲ ਸਿਹਤ ਵਿਭਾਗ ਮੁਤਾਬਿਕ ਫੇਲ੍ਹ ਹੋ ਸਕਦੇ ਹਨ, ਸਾਡੇ ਵਿਭਾਗ ਅਨੁਸਾਰ ਫੇਲ੍ਹ ਨਹੀਂ ਹਨ। ਉਨ੍ਹਾਂ ਇਸ ਦੀ ਜਾਂਚ ਵੀ ਕੀਤੀ ਹੈ ਜੋ ਕਿ ਸੈਂਪਲ ਪਾਸ ਪਾਏ ਗਏ ਹਨ। ਉਪਰੋਕਤ ਅਧਿਕਾਰੀ ਨੇ ਦੱਸਿਆ ਕਿ ਸਿਹਤ ਵਿਭਾਗ ਦਾ ਸੈਂਪਲ ਲੈਣ ਦਾ ਤਰੀਕਾ ਗਲਤ ਹੈ। ਇਸ ਸਬੰਧੀ ਐੱਸ.ਡੀ.ਐੱਮ. ਨੂੰ ਜਾਣੂ ਕਰਵਾ ਦਿੱਤਾ ਗਿਆ ਹੈ। ਪਾਣੀ ਦੀ ਸੈਂਪਲਿੰਗ ਤੇ ਦੂਸ਼ਿਤ ਹੋਣ ਵਾਲੀਆਂ ਅਫ਼ਵਾਹਾਂ ਦਾ ਖੰਡਨ ਕਰਦਿਆਂ ਕਿਹਾ ਕਿ ਪਿੰਡਾਂ ’ਚ ਪਾਣੀ ਦਾ ਪ੍ਰਬੰਧ ਪੰਚਾਇਤਾਂ ਅਧੀਨ ਹੀ ਆਉਂਦਾ ਹੈ। ਸਮੱਸਿਆ ਬਾਰੇ ਪੁੱਛੇ ਜਾਣ ’ਤੇ ਕੌਂਸਲਰ ਸੁਖਵੀਰ ਸਿੰਘ ਨੇ ਦੱਸਿਆ ਕਿ ਚਮਕੌਰ ਸਾਹਿਬ ਦਾ ਪਾਣੀ ਦੂਸ਼ਿਤ ਨਹੀਂ ਹੋਇਆ ਹੈ। ਜੋ ਟਿਊਬਵੈੱਲ ਬੰਦ ਹੋਇਆ ਹੈ ਉਹ ਸਲੱਮ ਏਰੀਆ ਹੈ ਪਰ ਫਿਰ ਵੀ ਪਾਣੀ ਦੀ ਸਪਲਾਈ ਦੂਜੇ ਟਿਊਬਵੈੱਲਾਂ ਤੋਂ ਨਿਰੰਤਰ ਜਾਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਵਾਟਰ ਸਪਲਾਈ ਵਿਭਾਗ ਨੇ ਅਜੇ ਤੱਕ ਨਗਰ ਪੰਚਾਇਤ ਨੂੰ ਚਮਕੌਰ ਸਾਹਿਬ ਦੇ ਵਾਟਰ ਸਪਲਾਈ ਦੇ ਅਧਿਕਾਰਤ ਚਾਰਜ ਨਹੀਂ ਦਿੱਤੇ, ਨਹੀਂ ਤਾਂ ਇਹ ਟਿਊਬਵੈੱਲ ਨਗਰ ਪੰਚਾਇਤ ਵੀ ਠੀਕ ਕਰਵਾ ਸਕਦੀ ਹੈ।

ਵਿਆਹ ਤੋਂ ਪੰਜ ਦਿਨ ਬਾਅਦ ਲਾੜੇ ਨਾਲ ਵਾਪਰੀ ਅਣਹੋਣੀ, ਕੀ ਸੋਚਿਆ ਤੇ ਕੀ ਹੋ ਗਿਆ

ਫਾਜਿਲਕਾ 23 ਨਵੰਬਰ। ਫਾਜ਼ਿਲਕਾ ‘ਚ ਵਿਆਹ ਤੋਂ 5 ਦਿਨ ਬਾਅਦ ਹੀ ਲਾੜੇ ਨਾਲ ਵੱਡਾ ਹਾਦਸਾ ਵਾਪਰ ਗਿਆ। ਹਾਦਸਾ ਇੰਨਾ ਭਿਆਨਕ ਸੀ ਕਿ ਲਾੜੇ ਦੀ ਲੱਤ ਟੁੱਟ ਕੇ 10 ਫੁੱਟ ਦੂਰ ਜਾ ਡਿੱਗੀ। ਦਰਅਸਲ ਉਕਤ ਨੌਜਵਾਨ ਸਗਨ ਸਕੀਮ ਲਈ ਆਧਾਰ ਕਾਰਡ ਲੈਣ ਜਾ ਰਿਹਾ ਸੀ ਕਿ ਰਾਹ ਵਿਚ ਹੀ ਨੌਜਵਾਨ ਦੇ ਮੋਟਰਸਾਈਕਲ ਦੀ ਬਲਦ ਰਿਹੜੇ ਨਾਲ ਟੱਕਰ ਹੋ ਗਈ। ਇਸ ਹਾਦਸੇ ਵਿਚ ਇਕ ਹੋਰ ਨੌਜਵਾਨ ਗੰਭੀਰ ਜਖਮੀ ਹੋਇਆ ਹੈ। ਨੌਜਵਾਨਾਂ ਨੂੰ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ ਜਿਥੋਂ ਇਕ ਦੀ ਗੰਭੀਰ ਹਾਲਤ ਦੇਖਦੇ ਹੋਏ ਉਸ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ। ਨੌਜਵਾਨ ਦੇ ਪਿਤਾ ਜਗਦੀਸ਼ ਸਿੰਘ ਨੇ ਦੱਸਿਆ ਕਿ ਉਸ ਦਾ ਲੜਕਾ ਖੁਈਖੇੜਾ ਕੋਲ ਆਧਾਰਕਾਰਡ ਲੈਣ ਆਇਆ ਸੀ। ਇਸ ਦੌਰਾਨ ਵਾਪਸ ਜਾਂਦੇ ਸਮੇਂ ਰਸਤੇ ਵਿਚ ਅੱਗੇ ਜਾ ਰਹੇ ਬਲਦ ਰਿਹੜੇ ਨਾਲ ਉਸ ਦੀ ਟੱਕਰ ਹੋ ਗਈ। ਇਸ ਦੌਰਾਨ ਉਸ ਦਾ ਸਾਲਾ

ਵੀ ਉਸ ਦੇ ਨਾਲ ਸੀ, ਹਾਦਸੇ ਵਿਚ ਦੋਵੇਂ ਗੰਭੀਰ ਜਖਮੀ ਹੋ ਗਏ। ਹਾਦਸੇ ਦੌਰਾਨ ਉਸ ਦੇ ਪੁੱਤਰ ਦੀ ਲੱਤ ਕੱਟੀ ਗਈ। ਉਨ੍ਹਾਂ ਦੱਸਿਆ ਕਿ 5 ਦਿਨ ਪਹਿਲਾਂ ਹੀ ਉਸ ਦੇ ਪੁੱਤਰ ਦਾ ਵਿਆਹ ਹੋਇਆ ਸੀ ਅਤੇ ਹੁਣ ਉਹ ਸ਼ਗਨ ਸਕੀਮ ਦਾ ਫਾਰਮ ਭਰਨ ਲਈ ਆਧਾਰ ਕਾਰਡ ਲੈਣ ਜਾ ਰਿਹਾ ਸੀ। ਪਰਿਵਾਰ ਨੇ ਹਾਦਸੇ ਨੂੰ ਲੈ ਕੇ ਕਰਵਾਈ ਦੀ ਮੰਗ ਕਰਦਿਆਂ ਇਨਸਾਫ ਦੀ ਗੁਹਾਰ ਲਗਾਈ ਹੈ। ਦੂਜੇ ਪਾਸੇ ਮੌਕੇ ‘ਤੇ ਮੌਜੂਦ ਡਾਕਟਰ ਚਰਨਪਾਲ ਨੇ ਦੱਸਿਆ ਕਿ ਉਨ੍ਹਾਂ ਕੋਲ ਸੜਕ ਹਾਦਸੇ ਵਿਚ ਜਖਮੀ ਹੋਏ ਦੋ ਲੋਕ ਆਏ ਹਨ। ਜਦਕਿ ਇਕ ਨੌਜਵਾਨ ਦੀ ਲੱਤ ਸਰੀਰ ਤੋਂ ਵੱਖ ਹੋ ਚੁੱਕੀ ਸੀ। ਜਿਸ ਦੀ ਹਾਲਤ ਗੰਭੀਰ ਦੇਖਦੇ ਹੋਏ ਉਸ ਨੂੰ ਅੰਮ੍ਰਿਤਸਰ ਰੈਫਰ ਕੀਤਾ ਗਿਆ ਹੈ। ਫਿਲਹਾਲ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ ਹੈ।

ਕੀਰਤਪੁਰ ਸਾਹਿਬ ਦੇ ਥਾਣੇ ਨੇ ਹਾਸਲ ਕੀਤੀ ਵੱਡੀ ਉਪਲੱਬਧੀ, ਹਰ ਪਾਸੇ ਹੋ ਰਹੇ ਚਰਚੇ

ਚੰਡੀਗੜ੍ਹ/ਜਲੰਧਰ 23 ਨਵੰਬਰ। ਕੀਰਤਪੁਰ ਸਾਹਿਬ ਪੁਲਸ ਥਾਣੇ ਨੇ 2023 ਦੀ ਸਾਲਾਨਾ ਰੈਂਕਿੰਗ ’ਚ ਦੇਸ਼ ਭਰ ’ਚੋਂ ਅੱਠਵਾਂ ਅਤੇ ਪੰਜਾਬ ’ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਾਪਤੀ ਦਰਜ ਕੀਤੀ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਦੱਸਿਆ ਕਿ ਪੁਲਸ ਥਾਣਿਆਂ ਦੀ ਇਹ ਸਾਲਾਨਾ ਰੈਂਕਿੰਗ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਤੈਅ ਕੀਤੇ ਮਾਪਦੰਡਾਂ ਦੇ ਆਧਾਰ ’ਤੇ ਕੀਤੀ ਜਾਂਦੀ ਹੈ। ਦੇਸ਼ ਦੇ ਚੋਟੀ ਦੇ 10 ਪੁਲਸ ਥਾਣਿਆਂ ’ਚੋਂ ਕੀਰਤਪੁਰ ਸਾਹਿਬ ਦੇ ਥਾਣੇ ਨੂੰ ਚੁਣਿਆ ਗਿਆ ਹੈ। ਇਸ ਪ੍ਰਾਪਤੀ ਤਹਿਤ ਪੁਲਸ ਥਾਣੇ ਨੂੰ ਕੇਂਦਰੀ ਗ੍ਰਹਿ ਮੰਤਰੀ ਤੇ ਕੇਂਦਰੀ ਗ੍ਰਹਿ ਸਕੱਤਰ ਵੱਲੋਂ ਸਾਂਝੇ ਤੌਰ ’ਤੇ ਦੋ ਸਰਟੀਫਿਕੇਟ ਪ੍ਰਾਪਤ ਹੋਏ ਹਨ। ਉਨ੍ਹਾਂ ਨੇ ਆਈ. ਜੀ.

ਹੈੱਡਕੁਆਰਟਰ ਡਾ. ਸੁਖਚੈਨ ਸਿੰਘ ਗਿੱਲ ਅਤੇ ਐੱਸ. ਐੱਸ. ਪੀ. ਰੂਪਨਗਰ ਗੁਲਨੀਤ ਸਿੰਘ ਖੁਰਾਣਾ ਨੂੰ ਦੋਵੇਂ ਸਰਟੀਫਿਕੇਟ ਸੌਂਪੇ ਅਤੇ ਉਨ੍ਹਾਂ ਨੂੰ ਅਤੇ ਐੱਸ. ਐੱਚ. ਓ. ਕੀਰਤਪੁਰ ਸਾਹਿਬ ਨੂੰ ਇਹ ਮੀਲ ਪੱਥਰ ਸਥਾਪਿਤ ਕਰਨ ’ਤੇ ਵਧਾਈ ਦਿੱਤੀ। ਗ੍ਰਹਿ ਮੰਤਰਾਲੇ ਵੱਲੋਂ ਜਾਂਚ ਦਾ ਨਿਪਟਾਰਾ, ਸ਼ਿਕਾਇਤਾਂ ਦਾ ਨਿਪਟਾਰਾ, ਪ੍ਰਭਾਵੀ ਢੰਗ ਨਾਲ ਸ਼ਿਕਾਇਤ ਨਿਪਟਾਰੇ, ਰਿਕਾਰਡ ਦੀ ਸਾਂਭ-ਸੰਭਾਲ, ਕਨਵਿਕਸ਼ਨ ਰੇਟ ਆਦਿ ਦੇ ਆਧਾਰ ’ਤੇ ਪੁਲਸ ਥਾਣਿਆਂ ਦੀ ਸਾਲਾਨਾ ਦਰਜਾਬੰਦੀ ਕੀਤੀ ਜਾਂਦੀ ਹੈ। ਡੀ. ਜੀ. ਪੀ. ਨੇ ਦੱਸਿਆ ਕਿ ਕੀਰਤਪੁਰ ਸਾਹਿਬ ਪੁਲਸ ਥਾਣੇ ਨੇ ਕੁਸ਼ਲ ਅਤੇ ਸੁਚੱਜੀ ਪੁਲਿਸਿੰਗ ਪ੍ਰਤੀ ਆਪਣੀ ਵਚਨਬੱਧਤਾ ਦਾ ਸਬੂਤ ਦਿੰਦਿਆਂ ਇਨ੍ਹਾਂ ਖੇਤਰਾਂ ’ਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਕੀਰਤਪੁਰ ਸਾਹਿਬ ਪੁਲਸ ਵੱਲੋਂ ਅਪਣਾਈਆਂ ਗਈਆਂ ਪ੍ਰਭਾਵਸ਼ਾਲੀ ਪੁਲਸ ਰਣਨੀਤੀਆਂ ਅਤੇ ਲੋਕ ਪੱਖੀ ਪਹੁੰਚ ਨੂੰ ਦਰਸਾਉਂਦੀ ਹੈ।

ਚੰਡੀਗੜ੍ਹ ਦੇ ਮਦਰੱਸੇ ‘ਚ ਸ਼ਰਮਨਾਕ ਘਟਨਾ, 12 ਸਾਲਾ ਬੱਚੇ ਨਾਲ ਜੋ ਹੋਇਆ ਸੁਣ ਹੈਰਾਨ ਰਹਿ ਗਏ ਸਭ

ਚੰਡੀਗੜ੍ਹ 23 ਨਵੰਬਰ। ਮਨੀਮਾਜਰਾ ਸਥਿਤ ਇਕ ਮਦਰੱਸੇ ਵਿਚ ਉਰਦੂ ਪੜ੍ਹਾਉਣ ਵਾਲੇ ਨੌਜਵਾਨ ਨੇ ਨਾਬਾਲਿਗ ਬੱਚੇ ਨੂੰ ਹਵਸ ਦਾ ਸ਼ਿਕਾਰ ਬਣਾਇਆ। ਘਟਨਾ ਦਾ ਪਤਾ ਪਰਿਵਾਰਕ ਮੈਂਬਰਾਂ ਨੂੰ ਉਸ ਸਮੇਂ ਲੱਗਿਆ ਜਦੋਂ 13 ਸਾਲ ਦੇ ਮਾਸੂਮ ਨੇ ਮਦਰੱਸੇ ਵਿਚ ਪੜ੍ਹਨ ਤੋਂ ਇਨਕਾਰ ਕਰ ਦਿੱਤਾ। ਬੱਚੇ ਨੇ ਮਾਂ ਨੂੰ ਮਦਰੱਸੇ ਵਿਚ ਪੜ੍ਹਾਉਣ ਵਾਲੇ ਮੁਲਜ਼ਮ ਅਧਿਆਪਕ ਵੱਲੋਂ ਉਸਦੇ ਨਾਲ ਗਲਤ ਕੰਮ ਬਾਰੇ ਦੱਸਿਆ। ਇਸ ਮਗਰੋਂ ਬੱਚੇ ਦੇ ਪਰਿਵਾਰਕ ਮੈਂਬਰਾਂ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ। ਮਨੀਮਾਜਰਾ ਥਾਣਾ ਪੁਲਸ ਨੇ ਬੱਚੇ ਦਾ ਮੈਡੀਕਲ ਕਰਵਾਉਣ ਤੋਂ ਬਾਅਦ ਸ਼ਿਕਾਇਤ ਦੇ ਆਧਾਰ ’ਤੇ ਮੁਲਜ਼ਮ ਅਧਿਆਪਕ ਸਾਲਿਕ ਖ਼ਿਲਾਫ ਪਾਕਸੋ ਸਣੇ ਹੋਰ ਧਾਰਾਵਾਂ ਦੇ ਤਹਿਤ ਕੇਸ ਦਰਜ ਕਰਕੇ ਗ੍ਰਿਫਤਾਰ ਕੀਤਾ ਹੈ। ਗ੍ਰਿਫ਼ਤਾਰ ਮੁਲਜ਼ਮ ਮਦਰੱਸੇ ਵਿਚ ਆਉਣ ਵਾਲੇ ਬੱਚਿਆਂ ਨੂੰ ਉਰਦੂ ਪੜ੍ਹਾਉਂਦਾ ਹੈ। ਸਾਰੰਗਪੁਰ ਥਾਣਾ ਖੇਤਰ ਵਿਚ ਰਹਿਣ ਵਾਲੇ ਵਿਅਕਤੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਆਪਣੇ ਬੱਚੇ ਨੂੰ ਧਰਮ ਨਾਲ ਰੂਬਰੂ ਕਰਵਾਉਣ ਲਈ ਉਰਦੂ ਦੀ ਤਾਮੀਲ ਦਿਵਾਉਣਾ ਚਾਹੁੰਦਾ ਸੀ। ਉਨ੍ਹਾਂ ਨੇ ਆਪਣੇ 13 ਸਾਲ ਦੇ ਬੱਚੇ ਨੂੰ ਉਰਦੂ ਸਿਖਾਉਣ ਲਈ ਮਨੀਮਾਜਰਾ ਦੇ ਮਦਰੱਸੇ ਵਿਚ ਭੇਜਣਾ ਸ਼ੁਰੂ ਕੀਤਾ। ਕੁਝ ਦਿਨ ਪਹਿਲਾਂ ਉੱਥੇ ਉਰਦੂ ਪੜ੍ਹਾਉਣ ਵਾਲੇ ਨੌਜਵਾਨ ਨੇ ਬੇਟੇ ਨਾਲ ਕੁਕਰਮ ਕੀਤਾ। ਉਸ ਦੇ ਬੇਟੇ ਨੇ ਘਰ ਪਹੁੰਚਣ ਤੋਂ ਬਾਅਦ ਆਪਣੀ ਮਾਂ ਨੂੰ ਪੂਰੀ ਗੱਲ ਦੱਸੀ। ਬੇਟੇ ਦੇ ਨਾਲ ਘਨੌਣੀ ਹਰਕਤ ਦੀ ਸ਼ਿਕਾਇਤ ਮਨੀਮਾਜਰਾ ਥਾਣਾ ਪੁਲਸ ਨੂੰ ਦਿੱਤੀ। ਡੀ.ਐੱਸ.ਪੀ. ਜਸਬੀਰ ਸਿੰਘ ਅਤੇ ਮਨੀਮਾਜਰਾ ਥਾਣਾ ਮੁਖੀ ਰਾਮਦਿਆਲ ਸਿੰਘ ਟੀਮ ਦੇ ਨਾਲ ਮਸਜਿਦ ਵਿਚ ਪਹੁੰਚੇ। ਪੁਲਸ ਨੇ ਉੱਥੇ ਉਸ ਕਮਰੇ ਦਾ ਨਿਰੀਖਣ ਕੀਤਾ, ਜਿੱਥੇ ਮੁਲਜ਼ਮ ਨੇ ਬੱਚੇ ਦੇ ਨਾਲ ਵਾਰਦਾਤ ਨੂੰ ਅੰਜਾਮ ਦਿੱਤਾ। ਪੁਲਸ ਨੇ ਬੱਚੇ ਦਾ ਮੈਡਕੀਲ ਕਰਵਾਉਣ ਤੋਂ ਬਾਅਦ ਪਰਿਵਾਰਕ ਮੈਂਬਰਾਂ ਦੀ ਸ਼ਿਕਾਇਤ ਅਤੇ ਬੱਚੇ ਦੇ ਬਿਆਨਾਂ ’ਤੇ ਮੁਲਜ਼ਮ ਦੇ ਖ਼ਿਲਾਫ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ। ਵਾਰਦਾਤ ਤੋਂ ਬਾਅਦ ਪੁਲਸ ਮਾਮਲੇ ਦੀ ਜਾਂਚ ਕਰਨ ਵਿਚ ਜੁਟ ਗਈ ਹੈ। ਪੁਲਸ ਸੂਤਰਾਂ ਦੇ ਅਨੁਸਾਰ ਸ਼ੱਕ ਹੈ ਕਿ ਮੁਲਜ਼ਮ ਨੇ ਹੋਰ ਵੀ ਬੱਚਿਆਂ ਨੂੰ ਡਰਾ-ਧਮਕਾ ਕੇ ਆਪਣਾ ਸ਼ਿਕਾਰ ਬਣਾਇਆ ਹੋਵੇ। ਇਸ ਲਈ ਪੁਲਸ ਮੁਲਜ਼ਮ ਤੋਂ ਸਖਤੀ ਨਾਲ ਪੁੱਛਗਿੱਛ ਕਰਨ ਵਿਚ ਜੁਟੀ ਹੈ। ਨਾਲ ਹੀ ਪੁਲਸ ਮਦਰਸੇ ਵਿਚ ਆਉਣ ਵਾਲੇ ਬੱਚਿਆਂ ਅਤੇ ਉੱਥੇ ਹੋਰ ਲੋਕਾਂ ਤੋਂ ਵੀ ਪੁੱਛਗਿੱਛ ਕਰਨ ਵਿਚ ਲੱਗੀ ਹੈ।

ਦੇਸ ‘ਚ ਗੈਰ-ਕਾਨੂੰਨੀ ਤਰੀਕੇ ਨਾਲ ਦਾਖਲ ਹੋਏ ਬੰਗਲਾਦੇਸ਼ੀ ਨਾਗਰਿਕ ਗ੍ਰਿਫ਼ਤਾਰ

ਤਿਰੂਪੁਰ 23 ਨਵੰਬਰ। ਦੇਸ ਵਿਚ ਕਥਿਤ ਤੌਰ ‘ਤੇ ਗੈਰ-ਕਾਨੂੰਨੀ ਤਰੀਕੇ ਨਾਲ ਦਾਖਲ ਹੋਏ 6 ਬੰਗਲਾਦੇਸੀ ਨੌਜਵਾਨਾਂ ਨੂੰ ਤਾਮਿਲਨਾਡੂ ਦੇ ਤਿਰੂਪੁਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਨੇ ਵੀਰਵਾਰ ਨੂੰ ਇਹ

ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਬੰਗਲਾਦੇਸੀ ਨਾਗਰਿਕਾਂ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ ਜਦੋਂ ਉਹ ਪਲਦਮ ਜਾਣ ਵਾਲੀ ਬੱਸ ‘ਚ ਸਵਾਰ ਹੋਣ ਵਾਲੇ ਸਨ, ਉਸ ਦੌਰਾਨ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਤੁਰੰਤ ਕਾਰਵਾਈ ਫੋਰਸ ਦੇ ਜਵਾਨਾਂ ਸਮੇਤ ਪੁਲਸ ਦਲ ਨੇ ਸ਼ੱਕ ਦੇ ਆਧਾਰ ‘ਤੇ ਨੌਜਵਾਨਾਂ ਨੂੰ ਰੋਕਿਆ ਅਤੇ ਉਨ੍ਹਾਂ ਤੋਂ ਆਧਾਰ ਕਾਰਡ ਸਮੇਤ ਹੋਰ ਦਸਤਾਵੇਜ ਮੰਗੇ, ਜੋ ਉਹ ਨਹੀਂ ਦਿਖਾ ਸਕੇ। ਪੁਲਸ ਦਲ ਨੂੰ ਪੁੱਛ-ਗਿੱਛ ‘ਚ ਪਤਾ ਲੱਗਾ ਕਿ ਇਹ 6 ਲੋਕ 2 ਹਫਤੇ ਪਹਿਲਾਂ ਬੰਗਲਾਦੇਸ਼ ਤੋਂ ਆਏ ਸਨ ਅਤੇ ਉਨ੍ਹਾਂ ਨੂੰ ਮੁਦਾਲਿਪਲਾਇਮ ‘ਚ ਇਕ ਕੰਪਨੀ ਨੇ ਵਾਪਸ ਭੇਜ ਦਿੱਤਾ ਸੀ। ਪੁਲਸ ਅਧਿਕਾਰੀ ਨੇ ਦੱਸਿਆ ਕਿ ਉਹ ਤਿਰੂਪੁਰ ਤੋਂ ਪੱਲਦਮ ਜਾਣ ਲਈ ਬੱਸ ‘ਚ ਸਵਾਰ ਹੋਣ ਵਾਲੇ ਸਨ ਤਾਂ ਕਿ ਕਿਸੇ ਦੂਜੀ ਕੰਪਨੀ ‘ਚ ਕੰਮ ਦੀ ਭਾਲ ਕਰ ਸਕਣ। ਇਸੇ ਦੌਰਾਨ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਸ ਨੇ ਦੱਸਿਆ ਕਿ ਗ੍ਰਿਫ਼ਤਾਰ ਲੋਕਾਂ ਦੀ ਪਛਾਣ ਥਾਣਵੀਰ (39), ਰਾਸ਼ਿਬ ਗਵੁਨ (43), ਮੁਹੰਮਦ ਅਸਲਮ (40), ਮੁਹੰਮਦ ਅਲ ਇਸਲਾਮ (37), ਮੁਹੰਮਦ ਰਾਹੁਲ ਅਮੀਨ (30) ਅਤੇ ਸ਼ਮੁਨ ਸ਼ੇਖ (38) ਵਜੋਂ ਹੋਈ ਹੈ ਅਤੇ ਇਹ ਸਾਰੇ ਬੰਗਲਾਦੇਸ਼ ਦੇ ਨਾਰਾਇਣਗੰਜ ਦੇ ਰਹਿਣ ਵਾਲੇ ਹਨ।

ਇਕ ਹੋਰ ਪਿੰਡ ਨੇ ਸਰਬਸੰਮਤੀ ਨਾਲ ਚੁਣੀ ਪੰਚਾਇਤ, ਗੁਰਜੀਤ ਕੌਰ ਬਣੀ ਰੌਲ ਪਿੰਡ ਦੀ ਸਰਪੰਚ

ਖੰਨਾ 23 ਨਵੰਬਰ। ਸੂਬੇ ਵਿਚ ਪੰਚਾਇਤੀ ਚੋਣਾਂ ਦਾ ਬਿਗੁਲ ਵੱਜ ਚੁੱਕਿਆ ਹੈ ਤੇ ਚੋਣ ਕਮਿਸ਼ਨ ਵੱਲੋਂ ਚੋਣਾਂ ਦਾ ਸ਼ਡਿਊਲ ਵੀ ਜਾਰੀ ਕਰ ਦਿੱਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜਿਹੜਾ

ਪੰਜਾਬ 'ਚ ਹੋਇਆ ਬੇਹੱਦ ਦਰਦਨਾਕ ਹਾਦਸਾ ; ਪਿਓ-ਧੀ ਇਕੱਠੇ ਦੁਨੀਆ ਨੂੰ ਕਹਿ ਗਏ ਅਲਵਿਦਾ

ਮਾਲੇਰਕੋਟਲਾ 23 ਨਵੰਬਰ। ਮਾਲੇਰਕੋਟਲਾ ਤੋਂ ਇਕ ਬੇਹੱਦ ਦੁਖਦਾਈ ਖਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਪਿੰਡ ਜਾਤੀਵਾਲ ਦੇ ਰਹਿਣ ਵਾਲੇ ਇਕ ਵਿਅਕਤੀ ਸ਼ੌਕਤ ਅਲੀ ਤੇ ਉਨ੍ਹਾਂ ਦੀ ਧੀ ਸਾਨੀਆ ਦੀ ਇਕ ਸੜਕ ਹਾਦਸੇ 'ਚ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਸ਼ੌਕਤ ਅਲੀ, ਉਨ੍ਹਾਂ

ਦੀ ਭਰਜਾਈ ਤੇ ਸਾਨੀਆ ਮੋਟਰਸਾਈਕਲ 'ਤੇ ਜਾ ਰਹੇ ਸਨ ਤਾਂ ਇਸ ਦੌਰਾਨ ਇਕ ਤੇਜ ਰਫਤਾਰ ਟਰੱਕ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ, ਜਿਸ ਤੋਂ ਬਾਅਦ ਉਨ੍ਹਾਂ ਦੇ ਮੋਟਰਸਾਈਕਲ ਦਾ ਸੰਤੁਲਨ ਵਿਗੜ ਗਿਆ ਤੇ ਉਹ ਉਸੇ ਟਰੱਕ ਦੇ ਹੇਠਾਂ ਆ ਗਏ। ਇਸ ਦੌਰਾਨ ਸ਼ੌਕਤ ਅਲੀ ਤੇ ਉਨ੍ਹਾਂ ਦੀ ਮਾਸੂਮ ਬੇਟੀ ਸਾਨੀਆ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਨ੍ਹਾਂ ਦੀ ਭਰਜਾਈ ਗੰਭੀਰ ਰੂਪ 'ਚ ਜਖਮੀ ਹੋ ਗਈ ਹੈ, ਜਿਸ ਨੂੰ ਇਲਾਜ ਲਈ ਲੁਧਿਆਣਾ ਦੇ ਡੀ.ਐੱਮ.ਸੀ. 'ਚ ਭਰਤੀ ਕਰਵਾਇਆ ਗਿਆ ਹੈ। ਇਸ ਖਬਰ ਦੇ ਸਾਹਮਣੇ ਆਉਣ ਤੋਂ ਬਾਅਦ ਇਲਾਕੇ 'ਚ ਸੋਗ ਦੀ ਲਹਿਰ ਦੌੜ ਗਈ ਹੈ। ਹਰ ਕਿਸੇ ਦਾ ਦਿਲ ਇਸ ਹਾਦਸੇ ਕਾਰਨ ਝੰਜੋੜਿਆ ਗਿਆ ਹੈ।

ਉੱਜੜ ਰਹੀਆਂ ਮਾਵਾਂ ਦੀਆਂ ਕੁੱਖਾਂ, ਨਸ਼ੇ ਦੀ ਦਲਦਲ 'ਚ ਡੁੱਬਦੀ ਜਾ ਰਹੀ ਪੰਜਾਬ ਦੀ ਜਵਾਨੀ

ਮਹਿਤਪੁਰ 23 ਨਵੰਬਰ। ਸਬ-ਤਹਿਸੀਲ ਮਹਿਤਪੁਰ 'ਚ ਦੇਸ ਦਾ ਭਵਿੱਖ ਮੈਡੀਕਲ ਨਸੇ ਦਾ ਸੇਵਨ ਕਰਕੇ ਆਪਣੀ ਕੀਮਤੀ ਜਾਨ ਖਤਰੇ 'ਚ ਪਾ ਰਿਹਾ ਹੈ ਪਰ ਸਬੰਧਤ ਪ੍ਰਸਾਸਨ ਬੇਖਬਰ ਹੋ ਕੇ ਕੁੱਭਕਰਨੀ ਨੀਂਦ ਸੁੱਤਾ ਪਿਆ ਹੈ। ਇਲਾਕੇ 'ਚ ਹਰੇਕ ਗਲੀ-ਮੁਹੱਲੇ, ਬਾਜਾਰਾਂ 'ਚ ਪਰੈਗਾ ਨਾਂ ਦੀਆਂ ਗੋਲੀਆਂ ਦਾ ਮਿਲਣਾ ਅਤੇ ਸਕੂਲੀ ਵਿਦਿਆਰਥੀਆਂ ਦਾ ਇਸ ਨੂੰ ਸੇਵਨ ਕਰਨਾ ਚਿੰਤਾ ਦਾ ਵਿਸਾ ਹੈ। ਪੰਜਾਬ ਦੀ ਨੌਜਵਾਨੀ ਦਿਨ ਪ੍ਰਤੀ ਨਸੇ ਦੀ ਦਲਦਲ 'ਚ ਡੁੱਬਦੀ ਜਾ ਰਹੀ ਹੈ। ਨਸ਼ਾ ਤਾਂ ਪੰਜਾਬ 'ਚੋਂ ਤਾਂ ਕੀ ਖਤਮ ਹੋਣਾ ਪਰ ਪੰਜਾਬ ਦੇ ਨੌਜਵਾਨ ਹੀ ਪੰਜਾਬ 'ਚੋਂ ਖਤਮ ਹੁੰਦੇ ਜਾ ਰਹੇ ਹਨ। ਮਾਵਾਂ ਦੀਆਂ ਕੁੱਖਾਂ ਖਾਲੀ ਹੋ ਚੁੱਕੀਆਂ ਹਨ, ਜਿਸ ਦੀ ਤਾਜਾ ਉਦਾਹਰਨ ਮਹਿਤਪੁਰ ਇਲਾਕੇ 'ਚ ਵਿਕ ਰਿਹਾਂ ਸ਼ਰੇਆਮ ਮੈਡੀਕਲ ਨਸ਼ਾ ਹੈ, ਜਿਸ ਦੀ ਲਪੇਟ 'ਚ ਨਾਬਾਲਗ ਬੱਚੇ-ਬੱਚੀਆਂ ਤੇ ਨੌਜਵਾਨ ਹਨ, ਕਿਉਕਿ ਇਹ ਨਸ਼ਾ ਇੰਨੀ ਖੁੱਲ੍ਹ ਨਾਲ ਵਿਕ ਰਿਹਾ ਹੈ ਕਿ ਮਹਿਤਪੁਰ ਦਾ ਕੋਈ ਗਲੀ-ਮੁਹੱਲਾਂ ਅਜਿਹਾ ਨਹੀਂ ਜਿੱਥੇ ਨਸ਼ਾ ਨਾ ਮਿਲਦਾ ਹੋਵੇ। ਲੋਕਾ ਦਾ ਕਹਿਣਾ ਹੈ ਕਿ ਮਹਿਤਪੁਰ 'ਚ ਮੈਡੀਕਲਾਂ 'ਤੇ ਨਸ਼ੇ ਦੇ ਤੌਰ 'ਤੇ ਵਿਕ ਰਹੀਂ ਪਰੈਗਾ ਗੋਲੀ, ਜੋ ਕਥਿਤ ਤੌਰ 'ਤੇ ਮਹਿਤਪੁਰ ਦੇ ਕੁਝ ਮੈਡੀਕਲ ਸਟੋਰਾਂ, ਗਲੀ-

ਮੁਹੱਲਿਆਂ ਆਦਿ 'ਤੇ ਸ਼ਰੇਆਮ ਮਿਲ ਰਹੀ ਹੈ। ਜਾਣਕਾਰੀ ਤੋਂ ਪਤਾ ਲੱਗਾ ਹੈ ਕਿ ਇਹ ਗੋਲੀ ਡਾਕਟਰ ਦੀ ਪਰਚੀ ਤੋਂ ਬਿਨਾਂ ਨਹੀ ਮਿਲ ਸਕਦੀ ਪਰ ਕੁਝ ਮੈਡੀਕਲ ਸਟੋਰਾਂ ਦੇ ਮਾਲਕ ਅਤੇ ਹੋਰ ਸ਼ਰੇਆਮ ਬੇਖੌਫ਼ ਹੋ ਕੇ ਧੜੱਲੇ ਨਾਲ ਇਸ ਨੂੰ ਵੇਚ ਰਹੇ ਹਨ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਇਹ ਨਸਾ ਵੇਚਣ ਵਾਲੇ ਬਿਨਾਂ ਕਿਸੇ ਡਰ ਖੌਫ ਤੁਰਦੇ-ਫਿਰਦੇ ਬੱਸ ਸਟੈਂਡ 'ਤੇ ਖੜ੍ਹ ਕੇ ਪੁਲਸ ਦੀਆਂ ਅੱਖਾਂ 'ਚ ਘੱਟਾ ਪਾ ਕੇ ਆਉਂਦੇ-ਜਾਂਦੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਨੂੰ 100 ਰੁਪਏ ਤੋਂ ਲੈ ਕੇ 200 ਰੁਪਏ ਤੱਕ ਪਰੈਗਾ ਗੋਲੀਆਂ ਦਾ ਪੱਤਾ ਵੇਚ ਕੇ ਨੌਜਵਾਨਾਂ ਨੂੰ ਮੌਤ ਦੇ ਮੂੰਹ 'ਚ ਧਕੇਲ ਰਹੇ ਹਨ। ਸਬੰਧਤ ਪ੍ਰਸਾਸਨ ਬੇਖਬਰ ਹੋ ਕੇ ਤਮਾਸਾ ਵੇਖ ਰਿਹਾ ਹੈ। ਇਸ ਮੈਡੀਕਲ ਨਸ਼ੇ ਦੀ ਭੇਟ ਚੜ੍ਹੇ ਨੌਜਵਾਨ ਨਸ਼ਾ ਕਰਨ ਤੋਂ ਬਾਅਦ ਇਲਾਕੇ 'ਚ ਚੋਰੀਆਂ, ਲੁੱਟਾਂ-ਖੋਹਾਂ ਅਤੇ ਹੋਰ ਵਾਰਦਾਤਾਂ ਨੂੰ ਅੰਜਾਮ ਦਿੰਦੇ ਹਨ। ਮਹਿਤਪੁਰ ਅਧੀਨ ਪਿੰਡਾਂ 'ਚ ਵੀ ਇਹ ਨਸਾ ਬਿਨਾਂ ਡਰ ਵਿਕ ਰਿਹਾ ਹੈ। ਫਿਰ ਚਾਹੇ ਉਹ ਮੈਡੀਕਲ ਸਟੋਰ ਵਾਲੇ ਹੋਣ ਜਾ ਹੋਰ। ਇਲਾਕੇ ਦੇ ਲੋਕਾਂ ਦਾ ਕਹਿਣਾ ਹੈ ਉਨ੍ਹਾਂ ਨੂੰ ਜਲੰਧਰ ਦਿਹਾਤੀ ਐੱਸ. ਐੱਸ. ਪੀ. ਹਰਕਮਲਪ੍ਰੀਤ ਸਿੰਘ ਖੱਖ ਅਤੇ ਸਬ ਡਿਵੀਜਨ ਸਾਹਕੋਟ ਦੇ ਡੀ. ਐੱਸ. ਪੀ. ਓਂਕਾਰ ਸਿੰਘ ਬਰਾੜ 'ਤੇ ਕਾਫੀ ਉਮੀਦਾਂ ਹਨ ਕਿ ਉਹ ਇਨ੍ਹਾਂ ਨਸਾ ਵੇਚਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕਰਨਗੇ। ਇਸ ਸਬੰਧੀ ਜਦ ਡਰੱਗ ਇੰਸਪੈਕਟਰ ਲਾਜਵਿੰਦਰ ਕੁਮਾਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਹ ਗੋਲੀ ਨਿਊਰੋ ਅਤੇ ਮਾਸਪੇਸੀਆਂ ਦੇ ਦਰਦ ਨਿਵਾਰਕ ਦਵਾਈ ਹੈ ਪਰ ਕੁਝ ਲੋਕ ਇਸ ਦੀ ਦੁਰਵਰਤੋਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਡਾਕਟਰ ਦੀ ਸਲਾਹ ਨਾਲ ਹੀ ਇਸ ਦੀ ਡੋਜ ਲੈਂਣੀ ਚਾਹੀਦੀ ਹੈ। ਇਸ ਦੀ ਦੁਰਵਰਤੋ ਕਰਨ ਵਾਲੇ ਨੌਜਵਾਨ ਆਪਣੀ ਮਰਜੀ ਨਾਲ ਪੰਜ-ਪੰਜ ਗੋਲੀਆਂ ਖਾ ਰਹੇ ਹਨ, ਜਿਸ ਦਾ ਸਾਡੇ ਸਰੀਰ 'ਤੇ ਬਹੁਤ ਮਾੜਾ ਅਸਰ ਪੈਂਦਾ ਹੈ। ਇਸ ਸਬੰਧੀ ਜਦ ਐੱਸ. ਐੱਸ. ਪੀ. ਹਰਕਮਲਪ੍ਰੀਤ ਸਿੰਘ ਖੱਖ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਬਹੁਤ ਜਲਦ ਮਹਿਤਪੁਰ ਇਲਾਕੇ 'ਚੋਂ ਇਨ੍ਹਾਂ ਨਸਾ ਸਮੱਗਲਰਾਂ ਨੂੰ ਖਤਮ ਕਰਨ ਲਈ ਮੁਹਿੰਮ ਚਲਾਉਣਗੇ ਅਤੇ ਦਿਨ-ਰਾਤ ਸ਼ੱਕੀ ਇਲਾਕਿਆਂ 'ਚ ਛਾਪੇਮਾਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਉਹ ਸੂਬੇ ਦੀ ਨੌਜਵਾਨੀ ਨੂੰ ਬਚਾਉਣ ਲਈ ਉਹ ਹਰ ਸੰਭਵ ਕੋਸਿ਼ਸ਼ ਕਰਨਗੇ।

ਖੌਫਨਾਕ ਮੰਜਰ; ਲਾਵਾਰਿਸ ਕਾਰ 'ਚੋਂ ਮਿਲੀਆਂ ਇਕ ਹੀ ਪਰਿਵਾਰ ਦੇ 5 ਜੀਆਂ ਦੀਆਂ ਲਾਸ਼ਾਂ

ਚੇਨਈ 23 ਨਵੰਬਰ। ਤਾਮਿਲਨਾਡੂ ਦੇ ਪੁਡੂਕੋਟਈ ਜਿ?ਲ੍ਹੇ 'ਚ ਇਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇਕ ਹੀ ਪਰਿਵਾਰ ਦੇ

5 ਲੋਕਾਂ ਨੇ ਖੁਦਕੁਸੀ ਕਰ ਲਈ। ਉਨ੍ਹਾਂ ਦੀਆਂ ਲਾਸਾਂ ਇਕ ਲਾਵਾਰਿਸ ਕਾਰ 'ਚੋਂ ਮਿਲੀਆਂ। ਪੁਲਸ ਮੁਤਾਬਕ ਕਾਰ ਬੁੱਧਵਾਰ ਸਵੇਰੇ ਤ੍ਰਿਚੀ-ਕਰਾਈਕੁਡੀ ਰਾਸਟਰੀ ਹਾਈਵੇਅ 'ਤੇ ਖੜ੍ਹੀ ਮਿਲੀ। ਸਥਾਨਕ ਲੋਕਾਂ ਨੇ ਮੰਗਲਵਾਰ ਸਾਮ ਤੋਂ ਇਸ ਕਾਰ ਨੂੰ ਖੜ੍ਹੀ ਦੇਖਿਆ ਅਤੇ ਪੁਲਸ ਨੂੰ ਸੂਚਨਾ ਦਿੱਤੀ। ਸਥਾਨਕ ਪੁਲਸ ਮੁਤਾਬਕ ਮ੍ਰਿਤਕਾਂ ਦੀ ਪਛਾਣ ਸਲੇਮ ਨਿਵਾਸੀ 50 ਸਾਲਾ ਕਾਰੋਬਾਰੀ ਮਣੀਕੰਦਨ, ਉਸ ਦੀ ਪਤਨੀ ਨਿਤਿਆ, ਉਸ ਦੀ ਮਾਂ ਸਰੋਜਾ ਅਤੇ ਉਨ੍ਹਾਂ ਦੇ ਦੋ ਬੱਚਿਆਂ ਵਜੋਂ ਹੋਈ ਹੈ। ਮੁੱਢਲੀ ਜਾਂਚ 'ਚ ਸੱਕ ਹੈ ਕਿ ਸਾਰਿਆਂ ਨੇ ਜਹਿਰ ਖਾ ਕੇ ਖੁਦਕੁਸੀ ਕੀਤੀ ਹੈ। ਪੁਲਸ ਨੂੰ ਕਾਰ 'ਚੋਂ ਇਕ ਨੋਟ ਵੀ ਮਿਲਿਆ ਹੈ ਪਰ ਅਜੇ ਤੱਕ ਇਹ ਸਪੱਸਟ ਨਹੀਂ ਹੋ ਸਕਿਆ ਹੈ ਕਿ ਪਰਿਵਾਰ ਨੇ ਖੁਦਕੁਸੀ ਜਿਹਾ ਕਦਮ ਕਿਉਂ ਚੁੱਕਿਆ। ਪੁਲਸ ਇਸ ਗੱਲ ਦੀ ਵੀ ਜਾਂਚ ਕਰ ਰਹੀ ਹੈ ਕਿ ਕੀ ਮਣੀਕੰਦਨ ਸਾਹੂਕਾਰਾਂ ਦੇ ਦਬਾਅ ਹੇਠ ਸੀ ਕਿਉਂਕਿ ਉਹ ਮੈਟਲ ਦਾ ਕਾਰੋਬਾਰ ਕਰ ਰਿਹਾ ਸੀ ਪਰ ਕਰਜੇ ਵਿਚ ਡੁੱਬਿਆ ਸੀ। ਪੁਲਸ ਨੇ ਲਾਸਾਂ ਨੂੰ ਪੋਸਟਮਾਰਟਮ ਲਈ ਪੁਡੂਕੋਟਈ ਸਰਕਾਰੀ ਮੈਡੀਕਲ ਕਾਲਜ ਹਸਪਤਾਲ ਭੇਜ ਦਿੱਤਾ ਹੈ। ਪੁਡੂਕੋਟਈ ਪੁਲਸ ਦਾ ਕਹਿਣਾ ਹੈ ਕਿ ਹੁਣ ਤੱਕ ਦੀ ਜਾਂਚ 'ਚ ਸਾਹਮਣੇ ਆਏ ਤੱਥਾਂ ਮੁਤਾਬਕ ਮਣੀਕੰਦਨ ਕਰਜ 'ਚ ਡੁੱਬਿਆ ਹੋਇਆ ਸੀ। ਹੁਣ ਇਹ ਜਾਂਚ ਦਾ ਵਿਸਾ ਹੈ ਕਿ ਕੀ ਕਰਜਾ ਦੇਣ ਵਾਲੇ ਉਸ 'ਤੇ ਜਿ?ਆਦਾ ਦਬਾਅ ਪਾ ਰਹੇ ਸਨ ਜਾਂ ਕਿਸੇ ਹੋਰ ਕਾਰਨ ਉਸ ਨੇ ਪਰਿਵਾਰ ਸਮੇਤ ਅਜਿਹਾ ਖਤਰਨਾਕ ਕਦਮ ਚੁੱਕਿਆ। ਕਾਰ 'ਚੋਂ ਲਾਸਾਂ ਦੇ ਨੇੜੇ ਤੋਂ ਮਿਲੇ ਨੋਟ ਬਾਰੇ ਪੁਲਸ ਨੇ ਅਜੇ ਤੱਕ ਕੋਈ ਜਾਣਕਾਰੀ ਨਹੀਂ ਦਿੱਤੀ ਹੈ। ਲੋਕਾਂ ਨੂੰ ਉਮੀਦ ਹੈ ਕਿ ਉਸ ਨੋਟ ਤੋਂ ਬਹੁਤ ਕੁਝ ਸਾਹਮਣੇ ਆ ਸਕਦਾ ਹੈ। ਪੁਲਸ ਹਰ ਪਹਿਲੂ ਦੀ ਜਾਂਚ ਵਿਚ ਜੁਟੀ ਹੋਈ ਹੈ।

ਕਰਮਚਾਰੀ ਨੂੰ ਬਾਥਰੂਮ 'ਚ ਪਿਆ ਦਿਲ ਦਾ ਦੌਰਾ

ਮਹਾਰਾਸ਼ਟਰ 23 ਨਵੰਬਰ। ਮਹਾਰਾਸਟਰ ਦੇ ਨਾਗਪੁਰ ਸਹਿਰ ਵਿੱਚ ਇੱਕ ਪ੍ਰਮੁੱਖ ਸੂਚਨਾ ਤਕਨਾਲੋਜੀ ਕੰਪਨੀ ਦੇ ਇੱਕ 40 ਸਾਲਾ ਕਰਮਚਾਰੀ ਦੀ ਫਰਮ ਦੇ ਦਫਤਰ ਦੇ ਟਾਇਲਟ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਅਧਿਕਾਰੀਆਂ ਨੇ ਐਤਵਾਰ ਨੂੰ ਇਕ ਨਿਊਜ ਏਜੰਸੀ ਨੂੰ ਇਹ ਜਾਣਕਾਰੀ ਦਿੱਤੀ। ਜਾਣਕਾਰੀ ਮੁਤਾਬਕ ਇਹ ਘਟਨਾ ਸੁੱਕਰਵਾਰ ਸ਼ਾਮ 7 ਵਜੇ ਦੀ ਹੈ। ਪੁਲਸ ਅਨੁਸਾਰ ਮ੍ਰਿਤਕ ਦੀ ਪਛਾਣ ਨਿਤਿਨ ਐਡਵਿਨ ਮਾਈਕਲ ਵਜੋਂ ਹੋਈ ਹੈ, ਜੋ ਕਿ ਐਚਸੀਐਲ ਟੈਕਨਾਲੋਜੀ ਦੇ ਸੀਨੀਅਰ ਐਨਾਲਿਸਟ ਸੀ। ਸੋਨੇਗਾਂਵ ਥਾਣੇ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਸੁੱਕਰਵਾਰ ਸਾਮ ਕਰੀਬ 7 ਵਜੇ ਮਿਹਾਨ ਇਲਾਕੇ 'ਚ ਕੰਪਨੀ ਦੇ ਦਫਤਰ ਦੇ ਟਾਇਲਟ 'ਚ ਦਾਖਲ ਹੋਣ ਤੋਂ ਬਾਅਦ ਕਰਮਚਾਰੀ ਬੇਹੋਸ ਹੋ ਗਿਆ। ਜਿਸ ਤੋਂ ਬਾਅਦ ਸਾਥੀ ਉਸ ਨੂੰ ਨਾਗਪੁਰ ਦੇ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ (ਏਮਜ) ਲੈ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਸੋਨੇਗਾਓਂ ਪੁਲਸ ਨੇ ਲਾਸ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਅਤੇ ਅਚਾਨਕ ਮੌਤ ਦਾ ਮਾਮਲਾ ਦਰਜ ਕਰ ਲਿਆ ਹੈ। ਅਧਿਕਾਰੀ ਨੇ ਦੱਸਿਆ ਕਿ ਸੁਰੂਆਤੀ ਪੋਸਟਮਾਰਟਮ ਰਿਪੋਰਟ ਤੋਂ ਪਤਾ ਲੱਗਾ ਹੈ ਕਿ ਨਿਖਿਲ ਦੀ ਮੌਤ ਦਿਲ ਦਾ ਦੌਰਾ ਪੈਣ ਨਾਲ ਹੋਈ ਹੈ। ਪੁਲਸ ਜਾਂਚ ਕਰ ਰਹੀ ਹੈ ਕਿ ਨਿਤਿਨ ਦੀ ਮੌਤ ਕਿਨ੍ਹਾਂ ਹਾਲਾਤਾਂ 'ਚ ਹੋਈ। ਪੁਲਸ ਮੁਤਾਬਕ ਨਿਤਿਨ ਆਪਣੇ ਪਿੱਛੇ ਪਤਨੀ ਅਤੇ ਛੇ ਸਾਲ ਦਾ ਬੇਟਾ ਛੱਡ ਗਿਆ ਹੈ। ਜਿ?ਕਰਯੋਗ ਹੈ ਕਿ ਪਿਛਲੇ ਕੁਝ ਸਾਲਾਂ ਵਿਚ ਦਿਲ ਦਾ ਦੌਰਾ ਪੈਣ ਦੇ ਮਾਮਲੇ ਵਧ ਗਏ ਹਨ ਅਤੇ ਤਕਰੀਬਨ ਰੋਜਾਨਾ ਹੀ ਅਜਿਹੀਆਂ ਖਬਰਾਂ ਸਾਹਮਣੇ ਆਉਂਦੀਆਂ ਹੀ ਰਹਿੰਦੀਆਂ ਹਨ।

ਦਲਜੀਤ ਕਾਕਾ ਦੇ ਕਤਲ ਮਾਮਲੇ 'ਚ ਅਸ਼ਮਿਤ ਤੇ ਅਭਿਸ਼ੇਕ ਗ੍ਰਿਫਤਾਰ

ਲੁਧਿਆਣਾ 23 ਨਵੰਬਰ। ਬੀਤੇ ਮੰਗਲਵਾਰ ਥਾਣਾ ਢਾਬਾ ਵਿਖੇ 2 ਧਿਰਾਂ ਵਿਚਾਲੇ ਗੈਂਗਵਾਰ ਦਾ ਸ਼ਿਕਾਰ ਹੋਏ ਦਲਜੀਤ ਕਾਕਾ ਦੇ ਕਤਲ ਮਾਮਲੇ 'ਚ ਨਾਮਜ਼ਦ ਗੈਂਗਸਟਰ ਦਲੀਪ ਭਈਆ ਸਮੇਤ ਦਰਜਨ ਦੇ ਕਰੀਬ ਨਾਮਜ਼ਦ ਮੁਲਜ਼ਮ ਅਜੇ ਤੱਕ ਗ੍ਰਿਫ਼ਤਾਰ ਨਹੀਂ ਹੋਏ ਹਨ। ਦੂਜੇ ਪਾਸੇ ਪੁਲਸ ਨੇ 7 ਦਿਨ ਬਾਅਦ ਵੀ ਅਣਪਛਾਤੇ ਮੁਲਜ਼ਮਾਂ 'ਚੋਂ ਅਸ਼ਮਿਤ ਅਤੇ ਅਭਿਸ਼ੇਕ ਵਰਮਾ ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਦੱਸ ਦਈਏ ਕਿ ਪਿਛਲੇ ਦਿਨੀਂ ਢਾਬਾ ਇਲਾਕੇ 'ਚ ਗੈਂਗਵਾਰ ਹੋ ਚੁੱਕੇ ਹਨ। ਇਸ ਦੌਰਾਨ ਇਲਾਕੇ 'ਚ ਸਰਗਰਮ ਦਲੀਪ ਭਈਆ ਗੈਂਗ ਦੇ ਇਕ ਦਰਜਨ ਤੋਂ ਵੱਧ ਲੋਕਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਕੇ ਦਲਜੀਤ ਸਿੰਘ ਕਾਕਾ ਨਾਮਕ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ ਸੀ ਅਤੇ ਗੁੰਡਾਗਰਦੀ ਦਾ ਸ਼ਰੇਆਮ ਨੰਗਾ ਨਾਚ ਕੀਤਾ ਸੀ, ਜਿਸ ਕਾਰਨ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਦੂਜੇ ਪਾਸੇ ਇਲਾਕੇ 'ਚ ਲਗਾਤਾਰ ਹੋ ਰਹੀ ਗੁੰਡਾਗਰਦੀ ਨੂੰ ਦੇਖਦੇ ਹੋਏ ਪੁਲਸ ਕਮਿਸ਼ਨਰ ਕੁਲਦੀਪ ਚਾਹਲ ਨੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਇੰਚਾਰਜ ਗੁਰਸ਼ਿੰਦਰ ਕੌਰ ਦਾ ਤਬਾਦਲਾ ਕਰ ਦਿੱਤਾ ਅਤੇ ਇਸ ਘਟਨਾ ਤੋਂ ਬਾਅਦ ਸਬ-ਇੰਸਪੈਕਟਰ

ਜਸਪਾਲ ਸਿੰਘ ਦਾ ਤਬਾਦਲਾ ਵੀ ਕਰ ਦਿੱਤਾ ਹੈ। ਪੁਲਸ ਨੇ ਸੀ. ਸੀ. ਟੀ. ਵੀ. ਫੁਟੇਜ ਦੀ ਮਦਦ ਨਾਲ ਮੁਲਜ਼ਮਾਂ ਦੀ ਪਛਾਣ ਕਰ ਕੇ ਦਲੀਪ ਭਈਆ, ਸ਼ੌਕੀ ਧੀਮਾਨ, ਭੂੰਡੀ, ਅਮਨ ਭੈਸਾ, ਰਾਹੁਲ ਝੋਨਾ, ਸਾਹਿਲ, ਨੇਪਾਲੀ, ਹਿਮਾਂਸ਼ੂ, ਧੰਨਾ, ਗੁਲਾਬ ਸਮੇਤ ਅੱਧੀ ਦਰਜਨ ਕਾਤਲਾਂ ਖਿਲਾਫ ਕਤਲ ਦਾ ਮਾਮਲਾ ਦਰਜ ਕੀਤਾ ਹੈ। ਘਟਨਾ ਦੇ 8 ਦਿਨ ਬੀਤ ਜਾਣ ਤੋਂ ਬਾਅਦ ਵੀ ਪੁਲਸ ਇਸ ਕਤਲ ਨੂੰ ਅੰਜਾਮ ਦੇਣ ਵਾਲੇ ਗਿਰੋਹ ਦੇ ਸਰਗਨਾ ਦਲੀਪ ਭਈਆ ਸਮੇਤ ਹੋਰ ਨਾਮਜ਼ਦ ਮੁਲਜ਼ਮਾਂ ਦੀ ਭਾਲ ਕਰ ਰਹੀ ਹੈ

ਅਤੇ ਥਾਂ-ਥਾਂ ਛਾਪੇਮਾਰੀ ਕਰ ਰਹੀ ਹੈ। ਬਾਕੀ ਮੁਲਜ਼ਮਾਂ ਬਾਰੇ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਸ ਦੀ ਪੁਸ਼ਟੀ ਕਰਦਿਆਂ ਥਾਣਾ ਇੰਚਾਰਜ ਜਸਪਾਲ ਸਿੰਘ ਨੇ ਦੱਸਿਆ ਕਿ ਮੁਲਜ਼ਮਾਂ ਬਾਰੇ ਪੁਲਸ ਨੂੰ ਕਾਫੀ ਸੁਰਾਗ ਮਿਲ ਗਏ ਹਨ ਅਤੇ ਜਲਦੀ ਹੀ ਸਾਰੇ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ।

ਉਮਰ ਭਰ ਸਾਥ ਦੇਣ ਲਈ ਘਰੋਂ ਭੱਜ ਕੇ ਕਰਾਇਆ ਵਿਆਹ, 25ਵੇਂ ਦਿਨ ਪਤਨੀ ਦਾ ਕਰ 'ਤਾ ਕਤਲ

ਕੋਟਾ 23 ਨਵੰਬਰ। ਰਾਜਸਥਾਨ ਦੇ ਝਾਲਾਵਾੜ ਜਿ?ਲੇ 'ਚ ਇਕ 22 ਸਾਲਾ ਵਿਅਕਤੀ ਨੇ ਘਰੋਂ ਭੱਜ ਕੇ ਵਿਆਹ ਕਰਵਾਉਣ ਤੋਂ 1 ਮਹੀਨੇ ਤੋਂ ਵੀ ਘੱਟ ਸਮੇਂ ਬਾਅਦ ਝਗੜੇ ਨੂੰ ਲੈ ਕੇ ਕਥਿਤ ਤੌਰ 'ਤੇ ਆਪਣੀ ਪਤਨੀ ਦਾ ਤੇਜਧਾਰ ਹਥਿਆਰ ਨਾਲ ਕਤਲ ਕਰ ਦਿੱਤਾ। ਪੁਲਸ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਡਾਂਗੀਪੁਰਾ ਥਾਣਾ ਖੇਤਰ ਦੇ ਗੋਗਾੜੀ ਪਿੰਡ ਨਿਵਾਸੀ ਰਾਜਾਰਾਮ ਤੰਵਰ ਨੇ ਆਪਣੇ ਸਹੁਰੇ ਨੂੰ ਫੋਨ ਕਰਕੇ ਕਤਲ ਦੀ ਸੂਚਨਾ ਦਿੱਤੀ ਤੇ ਫਰਾਰ ਹੋ ਗਿਆ। ਪੁਲਸ ਨੇ ਦੱਸਿਆ ਕਿ ਰਾਜਾਰਾਮ ਦੀ ਪਿਛਲੇ ਸਾਲ ਪੰਚਪਿਪਲੀ ਪਿੰਡ ਦੀ ਰਹਿਣ ਵਾਲੀ ਸੁਨੀਤਾ ਨਾਲ ਮੰਗਣੀ ਹੋਈ ਸੀ ਪਰ ਸੁਨੀਤਾ ਦੇ ਪਰਿਵਾਰ ਨੇ ਵਿਆਹ ਨੂੰ ਰੱਦ ਕਰ ਦਿੱਤਾ ਸੀ। ਹਾਲਾਂਕਿ ਦੋਵੇਂ ਇਕ-ਦੂਜੇ ਦੇ ਸੰਪਰਕ 'ਚ ਰਹੇ ਤੇ ਘਰੋਂ ਭੱਜ ਕੇ 10 ਫਰਵਰੀ

ਖੁੰਬਾਂ ਦੀ ਕਾਸ਼ਤ

• ਪਰਮਬੀਰ ਸਿੰਘ ਕਾਹਲੋਂ

ਖੁੰਬਾਂ ਦੀ ਕਾਸ਼ਤ ਇਕ ਅਜਿਹਾ ਖੇਤੀ ਸਹਾਇਕ ਧੰਦਾ ਹੈ ਜਿਸ ਤੋਂ ਕਿਸਾਨ ਚੋਖੀ ਆਮਦਨ ਲੈ ਸਕਦੇ ਹਨ। ਖੁੰਬਾਂ ਦੀ ਕਾਸ਼ਤ ਕੋਈ ਔਖੀ ਨਹੀਂ। ਇਸ ਫਸਲ ਦੀ ਕਾਸ਼ਤ ਥੋੜ੍ਹੇ ਜਿਹੀ ਥਾਂ 'ਚ ਕੀਤੀ ਜਾ ਸਕਦੀ ਹੈ। 300 ਕਿਲੋ ਸੁੱਕੀ ਤੂੜੀ ਦੀ ਕੰਪੋਸਟ ਵਿੱਚੋਂ 30 ਦਿਨਾਂ ਵਿਚ ਲਗਪਗ 80-100 ਕਿਲੋ ਖੁੰਬਾਂ ਤੋੜੀਆਂ ਜਾ ਸਕਦੀਆਂ ਹਨ। ਖੁੰਬਾਂ ਦੀ ਕਾਸ਼ਤ ਲਈ ਤੂੜੀ ਅਤੇ ਖਾਦਾਂ ਤੋਂ ਕੰਪੋਸਟ ਤਿਆਰ ਕੀਤੀ ਜਾਂਦੀ ਹੈ। ਕੰਪੋਸਟ ਤਿਆਰ ਕਰਨ ਲਈ ਤੂੜੀ 300 ਕਿਲੋ, 15 ਕਿਲੋ ਚੌਕਰ, 9 ਕਿਲੋ ਕਿਸਾਨ ਖਾਦ, 3 ਕਿਲੋ ਯੂਰੀਆ, 3 ਕਿਲੋ ਸੁਪਰ ਫਾਸਫੇਟ, 3 ਕਿਲੋ ਮਿਊਰੇਟ ਆਫ ਪੋਟਾਸ਼, 5 ਕਿਲੋ ਸੀਰਾ, 30 ਕਿਲੋ ਜਿਪਸਮ, 250 ਗਰਾਮ ਲਿੰਡੇਨ (5%) ਦਾ ਧੂੜਾ ਅਤੇ ਫਿਊਰਾਡਾਨ (3 ਜੀ) 150 ਗਰਾਮ ਚਾਹੀਦਾ ਹੈ। 9 ਕਿਲੋ ਕਿਸਾਨ ਖਾਦ ਅਤੇ 3 ਕਿਲੋ ਸੁਪਰ ਫਾਸਫੇਟ ਦੀ ਥਾਂ 1 ਕਿਲੋ ਡੀਏਪੀ ਅਤੇ 6.5 ਕਿਲੋ ਯੂਰੀਆ ਵੀ ਪਾਏ ਜਾ ਸਕਦੇ ਹਨ।

ਖੁੰਬਾਂ ਦੀ ਤੁੜਾਈ

ਖੁੰਬਾਂ ਹਰ ਰੋਜ਼ ਇਕ ਸਮੇਂ 'ਤੇ ਤੋੜੀਆਂ ਜਾ ਸਕਦੀਆਂ ਹਨ। ਖੁੰਬਾਂ ਨੂੰ ਟੋਪੀ ਤੋਂ ਪਕੜ ਕੇ ਹਲਕਾ ਜਿਹਾ ਦਬਾ ਕੇ ਘੁਮਾਉ ਅਤੇ ਉੱਪਰ ਖਿੱਚ ਲਵੋ। ਹੇਠਲਾ ਮਿੱਟੀ ਵਾਲਾ ਹਿੱਸਾ ਚਾਕੂ ਨਾਲ ਕੱਟ ਦਿਉ।

ਪਾਣੀ ਅਤੇ ਹਵਾ ਦਾ ਸੰਚਾਰ

ਬਿਜਾਈ ਬਾਅਦ ਰੋਜ਼ ਪਾਣੀ ਦਾ ਛਿੜਕਾਅ ਕੀਤਾ ਜਾਂਦਾ ਹੈ। ਖੁੰਬਾਂ ਫੁੱਟਣ ਉਪਰੰਤ ਹਵਾ ਦਾ ਸੰਚਾਰ 6-8 ਘੰਟੇ ਪ੍ਰਤੀ ਦਿਨ ਕੀਤਾ ਜਾਂਦਾ ਹੈ।

ਕੰਪੋਸਟ ਤਿਆਰ ਕਰਨ ਦੀ ਵਿਧੀ

ਸਭ ਤੋਂ ਪਹਿਲਾਂ ਤੂੜੀ ਨੂੰ ਪੱਕੇ ਫ਼ਰਸ਼ ਤੇ ਖਿਲਾਰ ਕੇ ਸਾਫ਼ ਪਾਣੀ ਨਾਲ 48 ਘੰਟਿਆਂ ਲਈ ਗਿੱਲਾ ਕਰੋ। ਖਾਦਾਂ ਅਤੇ ਚੌਕਰ ਰਲਾ ਕੇ 24 ਘੰਟਿਆਂ ਲਈ ਸਿੱਲ੍ਹੇ ਰੱਖੋ। ਫੇਰ ਇਸ ਖਾਦਾਂ ਤੇ ਚੋਕਰ ਤੇ ਮਿਸ਼ਰਣ ਨੂੰ ਗਿੱਲੀ ਤੂੜੀ ਉੱਪਰ ਖਿਲਾਰ ਕੇ ਤੰਗਲੀ ਨਾਲ ਫਰੋਲੋ ਅਤੇ ਤਿੰਨ ਫੱਟਿਆਂ ਦੀ ਮੱਦਦ ਨਾਲ ਇਕ 5-5-5 ਫੁੱਟ ਦਾ ਢੇਰ ਲਗਾ ਕੇ ਫੱਟੇ ਹਟਾ ਦਿਉ। ਢੇਰ ਨੂੰ ਪਹਿਲਾਂ ਤਿੰਨ ਵਾਰ ਹਰ ਚੌਥੇ ਦਿਨ ਅਤੇ ਫਿਰ ਚਾਰ ਵਾਰ ਹਰ ਤੀਜੇ ਦਿਨ ਪਲਟੋ। ਸੀਰਾ, ਜਿਪਸਮ, ਫਿਊਰਾਡਾਨ ਅਤੇ ਲਿੰਡੇਨ ਨੂੰ ਪਹਿਲੀ, ਤੀਜੀ, ਛੇਵੀਂ ਅਤੇ ਸੱਤਵੀਂ ਪਲਟੀ ਤੇ ਪਾਉ। ਇਸ ਤਰ੍ਹਾਂ 24 ਦਿਨਾਂ ਵਿਚ ਕੰਪੋਸਟ ਤਿਆਰ ਕੀਤੀ ਜਾਂਦੀ ਹੈ। ਤੂੜੀ ਦੇ ਨਾਲ ਪਰਾਲੀ ਕੁਤਰ ਕੇ (2-5 ਇੰਚ) 1:1 ਜਾਂ 1:2 ਹਿੱਸੇ ਵਿਚ ਪਾਈ ਜਾ ਸਕਦੀ ਹੈ। ਪਰਾਲੀ ਅੱਠਵੇਂ ਦਿਨ ਪਾਉਣੀ ਚਾਹੀਦੀ ਹੈ। ਫਿਰ ਕੰਪੋਸਟ ਦੇ ਢੇਰ ਨੂੰ ਖੋਲ੍ਹ ਕੇ ਠੰਡਾ ਕੀਤਾ ਜਾਂਦਾ ਹੈ। ਉਸ ਵਿਚ ਨਮੀ (65-88%) ਅਤੇ ਪੀਐਚ (7.5-8.2) ਦੀ ਪਰਖ਼ ਕੀਤੀ ਜਾਂਦੀ ਹੈ। ਟਰੇਆਂ ਜਾਂ ਲਿਫ਼ਾਫ਼ਿਆਂ ਵਿਚ ਬੀਜ 300 ਗਰਾਮ ਪ੍ਰਤੀ ਵਰਗ ਮੀਟਰ ਦੇ ਹਿਸਾਬ ਸੱਤ ਇੰਚ ਕੰਪੋਸਟ ਵਿਚ ਰਲਾਇਆ ਜਾਂਦਾ ਹੈ। ਬੀਜ ਰਲੀ ਕੰਪੋਸਟ ਨੂੰ ਅਖ਼ਬਾਰ ਨਾਲ ਢੱਕ ਦਿੱਤਾ ਜਾਂਦਾ ਹੈ। ਇਸ ਉੱਪਰ ਹਰ ਰੋਜ਼ ਹਲਕਾ ਜਿਹਾ ਪਾਣੀ ਦਾ ਛਿੜਕਾਅ ਕੀਤਾ ਜਾਂਦਾ ਹੈ। ਬਿਜਾਈ ਦੇ 2-3 ਹਫ਼ਤਿਆਂ ਬਾਅਦ ਕੰਪੋਸਟ ਉੱਪਰ ਦੀ ਅਖ਼ਬਾਰ ਲਾਹ ਕੇ ਕੇਸਿੰਗ ਦੀ 1.5 ਸੈਂਟੀਮੀਟਰ ਦੀ ਤਹਿ ਲਗਾ ਦਿਉ। ਕੇਸਿੰਗ ਵਿਚ ਰੂੜੀ ਤੇ ਰੇਤਲੀ ਮਿੱਟੀ (4:1) ਹੁੰਦੀ ਹੈ ਜੋ ਕਿ 24 ਘੰਟਿਆਂ ਲਈ 4% ਫਾਰਮਲੀਨ ਦੇ ਘੋਲ ਨਾਲ ਜੀਵਾਣੂ ਰਹਿਤ ਕੀਤੀ ਜਾਂਦੀ ਹੈ।

ਖੁੰਬਾਂ ਦਾ ਫੁੱਟਣਾ

ਕੇਸਿੰਗ ਦੇ ਦੋ ਹਫ਼ਤੇ ਬਾਅਦ ਛੋਟੇ ਸਫ਼ੈਦ ਤਿਣਕੇ ਦਿਖਣੇ ਸ਼ੁਰੂ ਹੋ ਜਾਂਦੇ ਹਨ ਜੋ ਕਿ 4-5 ਦਿਨਾਂ ਵਿਚ ਖੁੰਬਾਂ ਦਾ ਆਕਾਰ ਲੈ ਲੈਂਦੇ ਹਨ। ਇਸ ਵੇਲੇ ਹਵਾ ਦਾ ਸੰਚਾਰ 6-8 ਘੰਟੇ ਪ੍ਰਤੀ ਦਿਨ ਤਕ ਵਧਾ ਦਿੱਤਾ ਜਾਂਦਾ ਹੈ।

ਖੁੰਬਾਂ ਦਾ ਮੰਡੀਕਰਨ

ਖੁੰਬਾਂ ਦਾ 200 ਗਰਾਮ ਦਾ ਪੈਕਟ ਇਕ ਮੋਮੀ ਲਿਫ਼ਾਫ਼ੇ ਵਿਚ ਭਰ ਕੇ ਆਪਣੀ ਨੇੜੇ ਦੀ ਮੰਡੀ ਵਿਚ ਭੇਜਿਆ ਜਾ ਸਕਦਾ ਹੈ। ਖੁੰਬਾਂ ਦੀ ਖੇਤੀ ਬਹੁਤ ਅਸਾਨ ਹੈ ਅਤੇ ਕਿਸਾਨ ਇਸ ਕਾਸ਼ਤ ਨੂੰ ਸਹਾਇਕ ਧੰਦੇ ਵਜੋਂ ਸ਼ੁਰੂ ਕਰਕੇ ਆਪਣੀ ਆਮਦਨ 'ਚ ਵਾਧਾ ਕਰ ਸਕਦੇ ਹਨ। •

ਰੰਗੇ ਮੁਨਾਫ਼ੇ ਲਈ ਕਰੋ ਬੀਜਾਂ ਦੀ ਸੋਧ

• ਅਮਰਜੀਤ ਸਿੰਘ, ਰਵਿੰਦਰ ਸਿੰਘ ਚੰਦੀ ਅਤੇ ਕੇਸ਼ਾਨੀ

ਟਿਕਾਊ ਖੇਤੀ ਲਈ ਕੁਦਰਤੀ ਸੋਮਿਆਂ ਦੀ ਸੰਭਾਲ ਕਰਨਾ ਅਜੋਕੇ ਸਮੇਂ ਦੀ ਮੰਗ ਹੈ। ਇਸ ਲਈ ਨਰੋਏ ਅਤੇ ਬਿਮਾਰੀ ਰਹਿਤ ਬੀਜ ਦੀ ਵਰਤੋਂ ਕਰਨਾ ਸਫ਼ਲ ਖੇਤੀਬਾੜੀ ਲਈ ਸਫ਼ਲਤਾ ਦੀ ਕੁੰਜੀ ਹੈ। ਜੇਕਰ ਬੀਜ ਦੀ ਕੁਆਲਟੀ ਵਧੀਆ ਹੈ ਤਾਂ ਹੀ ਖੇਤ ਵਿਚ ਬੂਟਿਆਂ ਦੀ ਗਿਣਤੀ ਪੂਰੀ ਕਰਕੇ ਭਰਪੂਰ ਫ਼ਸਲ ਲਈ ਜਾ ਸਕਦੀ ਹੈ। ਦੂਜੇ ਪਾਸੇ ਜੇਕਰ ਬੀਜ ਬਿਮਾਰੀ ਵਾਲਾ ਜਾਂ ਘਟੀਆ ਕੁਆਲਟੀ ਦਾ ਹੋਵੇ ਤਾਂ ਫ਼ਸਲ ਤੇ ਬਿਮਾਰੀ ਛੇਤੀ ਲੱਗ ਜਾਂਦੀ ਹੈ। ਜਿਸ ਵੱਜੋਂ ਖੇਤ ਵਿਚ ਬੂਟਿਆਂ ਦੀ ਗਿਣਤੀ ਘੱਟ ਹ�ो ਜਾਂਦੀ ਹੈ ਅਤੇ ਝਾੜ 'ਤੇ ਮਾੜਾ ਅਸਰ ਪੈਂਦਾ ਹੈ। ਬਹੁਤ ਸਾਰੀਆਂ ਬਿਮਾਰੀਆਂ ਦਾ ਮੁੱਖ ਸੋਮਾ ਬਿਮਾਰੀ ਵਾਲਾ ਬੀਜ ਹੈ ਅਤੇ ਬਿਮਾਰੀਆਂ ਬੀਜ ਰਾਹੀਂ ਹੀ ਇਕ ਥਾਂ ਤੋਂ ਦੂਜੇ ਥਾਂ ਫੈਲਦੀਆਂ ਹਨ। ਬਿਮਾਰੀ ਦੇ ਕਣ ਜਾਂ ਤਾਂ ਬੀਜ ਉੱਪਰ ਰਹਿੰਦੇ ਹਨ ਜਾਂ ਇਹ ਕਣ ਬੀਜ ਦੇ ਅੰਦਰ ਚਲੇ ਜਾਂਦੇ ਹਨ। ਬਿਮਾਰੀਆਂ ਦੀ ਸਰਵਪੱਖੀ ਰੋਕਥਾਮ ਲਈ ਬਿਮਾਰੀ ਦਾ ਟਾਕਰਾ ਕਰਨ ਵਾਲੇ ਬੀਜਾਂ ਦੀ ਚੋਣ ਕਰਨਾ ਮਹੱਤਵਪੂਰਨ ਕਦਮ ਹੈ।

ਅਜਿਹਾ ਕਰਨ ਨਾਲ ਮਿੱਟੀ ਵਿਚ ਰਹਿਣ ਵਾਲੀਆਂ ਬਿਮਾਰੀਆਂ ਦਾ ਹੱਲਾ ਵੀ ਫ਼ਸਲ ਤੇ ਛੇਤੀ ਨਹੀਂ ਹੁੰਦਾ । ਬੀਜ ਅਤੇ ਮਿੱਟੀ ਵਿਚ ਰਹਿਣ ਵਾਲੀਆਂ ਬਹੁਤ ਸਾਰੀਆਂ ਬਿਮਾਰੀਆਂ ਨੂੰ ਬੀਜ ਦੀ ਸੋਧ ਕਰਕੇ ਚੰਗੀ ਤਰ੍ਹਾਂ ਰੋਕਿਆ ਜਾ ਸਕਦਾ ਹੈ। ਬੀਜ ਦੀ ਸੋਧ ਨਾਲ ਉੱਲੀਨਾਸ਼ਕ ਜਾਂ ਰਸਾਇਣਾਂ 'ਤੇ ਘੱਟ ਖਰਚਾ ਹੀ ਨਹੀਂ ਆਉਂਦਾ, ਸਗੋਂ ਇਸ ਨਾਲ ਲੇਬਰ ਵੀ ਘੱਟ ਲੱਗਦੀ ਹੈ ਅਤੇ ਵਾਤਾਵਰਨ ਵੀ ਦੂਸ਼ਿਤ ਨਹੀਂ ਹੁੰਦਾ। ਪਰ ਇੱਥੇ ਇਹ ਜ਼ਰੂਰੀ ਹੈ ਕਿ ਬੀਜ ਦੀ ਸੋਧ ਕਰਨ ਤੋਂ ਪਹਿਲਾਂ ਇਹ ਸਮਝਣਾ ਪਵੇਗਾ ਕਿ ਕਿਹੜੀਆਂ ਬਿਮਾਰੀਆਂ ਬੀਜ ਰਾਹੀਂ ਜਾਂਦੀਆਂ ਹਨ ਅਤੇ ਕਿਹੜੇ ਕੀੜੇ-ਮਕੌੜਿਆਂ ਦਾ ਬੀਜ ਉੱਪਰ ਹਮਲਾ ਹੋ ਸਕਦਾ ਹੈ। ਇਸ ਦੇ ਨਾਲ ਹੀ ਜੀਵਾਣੂ ਖਾਦ ਟਿਕਾਊ ਖੇਤੀਬਾੜੀ ਲਈ ਬਹੁਤ ਲਾਹੇਵੰਦ ਸਿੱਧ ਹੋ ਸਕਦੀ ਹੈ। ਜੀਵਾਣੂ ਖਾਦ, ਉਹ ਖਾਦ ਹੁੰਦੀ ਹੈ, ਜਿਸ ਵਿਚ ਸੂਖ਼ਮ ਜੀਵ ਹੁੰਦੇ ਹਨ ਜਿਨ੍ਹਾਂ ਨਾਲ ਪੌਦਿਆਂ ਨੂੰ ਖੁਰਾਕੀ ਤੱਤ ਮੁਹਈਆ ਕਰਵਾਏ ਜਾਂਦੇ ਹਨ। ਇਹ ਜੀਵਾਣੂ ਹਵਾ ਵਿਚਲੀ ਨਾਈਟ੍ਰੋਜਨ ਨੂੰ ਉਪਲੱਬਧ ਕਰਵਾਉਣ ਜਾਂ ਮਿੱਟੀ ਵਿੱਚੋਂ ਅਣਘੁਲੀ ਫਾਸਫੋਰਸ ਨੂੰ ਘੁਲਣਸ਼ੀਲ ਬਣਾਉਣ ਵਿਚ ਮੱਦਦ ਕਰਦੇ ਹਨ।

ਇਸ ਤੋਂ ਇਲਾਵਾ ਇਨ੍ਹਾਂ ਸੂਖ਼ਮ ਜੀਵਾਂ ਦੀ ਕ੍ਰਿਆਵਾਂ ਨਾਲ ਕਈ ਹਾਰਮੋਨ ਬਣਦੇ ਹਨ ਜੋ ਕਿ ਪੌਦਿਆਂ ਨੂੰ ਵੱਧਣ-ਫੁੱਲਣ ਵਿਚ ਮਦਦ ਕਰਦੇ ਹਨ ਅਤੇ ਇਹ ਜੀਵਾਣੂ ਖਾਦ ਮਿੱਟੀ ਦੀ ਸਿਹਤ ਵਿਚ ਸੁਧਾਰ ਕਰਦੀ ਹੈ। ਰਸਾਇਣਿਕ ਖਾਦਾਂ ਦੀ ਵਧੀ ਹੋਈ ਕੀਮਤ ਨਾਲ ਜੀਵਾਣੂ ਖਾਦਾਂ ਦੀ ਮਹੱਤਤਾ ਹੋਰ ਵਧ ਗਈ ਹੈ। ਜੀਵਾਣੂ ਖਾਦ ਇਸਤੇਮਾਲ ਕਰਨ ਨਾਲ ਮਿੱਟੀ ਅਤੇ ਪੌਦਿਆਂ ਨੂੰ ਕਈ ਲਾਭ ਹੁੰਦੇ ਹਨ ਜਿਵੇਂ ਕਿ ਇਹ ਮਿੱਟੀ ਦੀ ਸਿਹਤ ਨੂੰ ਕਾਇਮ ਰੱਖਦਾ ਹੈ, ਮਿੱਟੀ ਦੇ ਸੀ : ਐਨ ਅਨੁਪਾਤ ਨੂੰ ਸਥਿਰ ਕਰਦਾ ਹੈ। ਇਸ ਲੇਖ ਰਾਹੀਂ ਹਾੜੀ ਦੀਆਂ ਮੁੱਖ ਫ਼ਸਲਾਂ ਵਿਚ ਬੀਜ ਰਾਹੀਂ ਲੱਗਣ ਵਾਲੀਆਂ ਬਿਮਾਰੀਆਂ ਅਤੇ ਕੀੜੇ-ਮਕੌੜਿਆਂ ਦੀ ਬੀਜ ਸੋਧ ਨਾਲ ਰੋਕਥਾਮ ਅਤੇ ਜੀਵਾਣੂ ਖਾਦ ਬਾਰੇ ਦੱਸਿਆ ਗਿਆ ਹੈ ਜਿਸ ਨੂੰ ਅਪਣਾ ਕੇ ਸਾਡੇ ਕਿਸਾਨ ਭਰਾ ਘੱਟ ਖਰਚਾ ਕਰਕੇ ਆਪਣੀ ਫ਼ਸਲ ਤੋਂ ਵਧੇਰੇ ਮੁਨਾਫ਼ਾ ਲੈ ਸਕਦੇ ਹਨ।

ਕਣਕ ਦਾ ਬੀਜ ਦੀ ਸੁਧਾਈ

ਸਿੱਟੇ ਦੀ ਕਾਂਗਿਆਰੀ : ਸਿੱਟੇ ਦੀ ਕਾਂਗਿਆਰੀ ਉੱਲੀ ਕਾਰਨ ਬੀਜ ਰਾਹੀਂ ਲੱਗਣ ਵਾਲੀ ਬਿਮਾਰੀ ਹੈ। ਇਹ ਉੱਲੀ ਬੀਜ ਰਾਹੀਂ ਫੈਲਦੀ ਹੈ ਅਤੇ ਬੀਜ ਦੇ ਭਰੂਣ ਵਿਚ ਆਕਿਰਿਆਸ਼ੀਲ ਰੂਪ ਵਿਚ ਰਹਿੰਦੀ ਹੈ। ਉਸ ਬਿਮਾਰੀ ਦੇ ਲੱਛਣ ਸਿੱਟਿਆਂ ਵਿਚ ਬਣਦੇ ਹਨ। ਬਿਮਾਰੀ ਵਾਲੇ ਸਿੱਟੇ ਕਾਲੇ ਰੰਗ ਦੀ ਧੂੜ ਵਿਚ ਬਦਲ ਜਾਂਦੇ ਹਨ ਅਤੇ ਬੀਜ ਨਹੀਂ ਬਣਦਾ। ਆਮ ਤੌਰ ਤੇ ਸਾਰੇ ਸਿੱਟੇ ਹੀ ਕਾਲੇ ਰੰਗ ਦੀ ਧੂੜ ਵਿਚ ਬਦਲ ਜਾਂਦੇ ਹਨ ਭਾਵੇਂ ਕਿ ਸਿੱਟੇ ਦਾ ਕੁਝ ਹਿੱਸਾ ਬਿਮਾਰੀ ਰਹਿਤ ਵੀ ਹੋਵੇ। ਫਿਰ ਵੀ ਬਿਮਾਰੀ ਦੇ ਕਣ ਹਵਾ ਰਾਹੀਂ ਫੈਲਦੇ ਹਨ ਅਤੇ ਦੂਜਿਆਂ ਬੂਟਿਆਂ ਦੇ ਸਿੱਟਿਆ ਉੱਤੇ ਫੁੱਲ ਖਿੜਨ ਵੇਲੇ ਡਿੱਗ ਜਾਂਦੇ ਹਨ ਅਤੇ ਜਿੱਥੇ ਇਹ ਪੁੰਗਰਦੇ ਹਨ ਅਤੇ ਨਵੇਂ ਦਾਣਿਆਂ ਦੇ ਅੰਦਰ ਚਲੇ ਜਾਂਦੇ ਹਨ। ਅੰਦਰ ਜਾਣ ਤੋਂ ਬਾਅਦ ਇਹ ਉੱਲੀ ਆਕਿਰਿਆਸ਼ੀਲ ਰੂਪ ਵਿਚ ਬੀਜ ਵਿਚ ਰਹਿ ਜਾਂਦੀ ਹੈ ਅਤੇ ਉਸੇ ਮੌਸਮ ਵਿੱਚ ਕਈ ਲੱਛਣ ਪੈਦਾ ਨਹੀਂ ਕਰਦੀ। ਜਦੋਂ ਇਹ ਬਿਮਾਰੀ ਵਾਲੇ ਦਾਣੇ ਅਗਲੇ ਮੌਸਮ ਵਿਚ ਬੀਜੇ ਜਾਂਦੇ ਹਨ ਤਾਂ ਉੱਲੀ ਕਿਰਿਆਸ਼ੀਲ ਹੋ ਕੇ ਪੌਦਿਆਂ ਦੇ ਅੰਦਰ ਫੈਲ ਕੇ ਬਿਮਾਰੀ ਦੇ ਲੱਛਣ ਪੈਦਾ ਕਰਦੀ ਹੈ ।

ਇਸ ਬਿਮਾਰੀ ਨੂੰ ਯੋਜਨਾਬੱਧ ਤਰੀਕੇ ਨਾਲ ਰੋਕਿਆ ਜਾ ਸਕਦਾ ਹੈ। ਰੈਕਸਿਲ ਈਜ਼ੀ ਜਾਂ ਓਰੀਅਸ 6 ਐਫਐਸ 13 ਮਿਲੀ ਲਿਟਰ (13 ਮਿ. ਲਿ. ਦਵਾਈ 400 ਮਿ.ਲਿ. ਪਾਣੀ ਵਿਚ ਘੋਲ ਕੇ) ਜਾਂ ਵੀਟਾਵੈਕਸ ਪਾਵਰ 75 ਡਬਲਯੂ ਐਸ 120 ਗ੍ਰਾਮ ਜਾਂ ਵੀਟਾਵੈਕਸ 80 ਗ੍ਰਾਮ ਜਾਂ ਸੀਡੈਕਸ 2 ਡੀ ਐਸ ਜਾਂ ਐਕਸਜ਼ੋਲ 2 ਡੀ ਐਸ 40 ਗ੍ਰਾਮ ਪ੍ਰਤੀ 40 ਕਿੱਲੋ ਬੀਜ ਦੇ ਹਿਸਾਬ ਨਾਲ ਸੋਧੋ। ਬੀਜ ਨੂੰ ਸੋਧਣ ਲਈ ਡਰੰਮ ਦੀ ਵਰਤੋਂ ਕੀਤੀ ਜਾਵੇ। ਕਿਸਾਨਾਂ ਨੂੰ ਬੀਜ ਦੀ ਸੋਧ ਹੱਥਾਂ ਨਾਲ ਨਹੀਂ ਕਰਨੀ ਚਾਹੀਦੀ ਕਿਉਂਕਿ ਇਹ ਚਮੜੀ ਨੂੰ ਨੁਕਸਾਨ ਕਰ ਸਕਦੀ ਹੈ। ਦੂਜੇ ਪਾਸੇ ਬੀਜ ਨੂੰ ਮਈ-ਜੂਨ ਦੇ ਮਹੀਨਿਆਂ ਦੀ ਧੁੱਪ ਵਿਚ ਸੁਕਾ ਕੇ ਵੀ ਬਿਮਾਰੀ ਨੂੰ ਰੋਕਿਆ ਜਾ ਸਕਦਾ ਹੈ। ਪਹਿਲਾਂ ਬੀਜ ਨੂੰ ਸਵੇਰੇ 4 ਘੰਟਿਆਂ ਲਈ ਪਾਣੀ ਵਿਚ ਡੁਬੋ ਕੇ ਰੱਖੋ ਅਤੇ ਫਿਰ ਤੇਜ਼ ਧੁੱਪ ਵਿਚ ਸੁਕਾ ਲਵੋ। ਸੁੱਕਿਆ ਹੋਇਆ ਬੀਜ ਬਿਮਾਰੀ ਰਹਿਤ ਬਣ ਜਾਂਦਾ ਹੈ ਅਤੇ ਆਉਣ ਵਾਲੇ ਮਹੀਨਿਆਂ ਦੀ ਬਿਜਾਈ ਲਈ ਸਟੋਰ ਕੀਤਾ ਜਾ ਸਕਦਾ ਹੈ ।

ਸਿਉਂਕ ਦੀ ਰੋਕਥਾਮ

ਸਿਉਂਕ ਦੇ ਹਮਲੇ ਵਾਲੀਆਂ ਜ਼ਮੀਨਾਂ ਵਿਚ ਪਹਿਲਾ ਬੀਜ ਨੂੰ (ਕਲੋਰਫਾਈਰੀਫਾਸ) ਡਰਸਬਾਨ/ਰੂਬਾਨ/ਡਰਮੱਟ 20 ਈ ਸੀ 4 ਮਿ.ਲਿ. ਜਾਂ ਗੀਜ਼ੈਂਟ 5 ਪ੍ਰਤੀਸ਼ਤ ਐਸ ਸੀ (ਫਿਪਰੋਨਿਲ) 6 ਮਿ.ਲਿ. ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ। ਇਸ ਕੰਮ ਲਈ 40 ਕਿੱਲੋ ਬੀਜ ਨੂੰ ਪੱਕੇ ਫ਼ਰਸ਼, ਤਰਪਾਲ ਜਾਂ ਪਲਾਸਟਿਕ ਦੀ ਸ਼ੀਟ ਤੇ ਪਤਲੀ ਤਹਿ ਕਰਕੇ ਵਿਛਾ ਦਿਉ ਅਤੇ 160 ਮਿ.ਲਿ. ਡਰਸਬਾਨ/ਰੂਬਾਨ/ਡਰਮੱਟ 20 ਈਸੀ ਜਾਂ 240 ਮਿ.ਲਿ. ਗੀਜ਼ੈਂਟ 5 ਪ੍ਰਤੀਸ਼ਤ ਐਸਸੀ ਨੂੰ 1 ਲਿਟਰ ਪਾਣੀ ਵਿਚ ਘੋਲ ਕੇ ਇਸ ਬੀਜ ਤੇ ਛਿੜਕਾਅ ਕਰੋ। ਬੀਜ ਨੂੰ ਚੰਗੀ ਤਰ੍ਹਾਂ ਰਲਾ ਕੇ ਛਾਂ ਵਿਚ ਸੁਕਾ ਲਓ ਅਤੇ ਫਿਰ ਉੱਪਰ ਦੱਸੇ ਉੱਲੀਨਾਸ਼ਕਾਂ ਨਾਲ ਸੋਧ ਲਓ।

ਪੱਤੇ ਦੀ ਕਾਂਗਿਆਰੀ

ਪੱਤੇ ਦੀ ਕਾਂਗਿਆਰੀ ਵੀ ਉੱਲੀ ਰਾਹੀਂ ਲੱਗਦੀ ਹੈ। ਇਸ ਬਿਮਾਰੀ ਦੇ ਕਣ ਬੀਜ ਅਤੇ ਮਿੱਟੀ ਵਿਚ ਰਹਿੰਦੇ ਹਨ। ਇਹ ਬਿਮਾਰੀ ਜ਼ਿਆਦਾਤਰ ਹੁਸ਼ਿਆਰਪੁਰ ਦੇ ਕੰਢੀ ਖੇਤਰਾਂ ਵਿਚ ਅਤੇ ਦੂਜੇ ਖੇਤਰਾਂ ਦੇ ਮੁਕਾਬਲੇ ਜ਼ਿਆਦਾ ਪਾਈ ਜਾਂਦੀ ਹੈ। ਇਸ ਬਿਮਾਰੀ ਨਾਲ ਪੱਤਿਆਂ ਅਤੇ ਤਣੇ ਉੱਤੇ ਸਲੇਟੀ ਜਾਂ ਕਾਲੇ ਰੰਗ ਦੀਆਂ ਲੰਬੀਆਂ ਧਾਰੀਆਂ ਬਣ ਜਾਂਦੀਆਂ ਹਨ। ਜਿਹੜੀਆਂ ਕਿ ਪਹਿਲਾਂ ਪੱਤੇ ਦੀ ਪਤਲੀ ਸਤਹਿ ਹੇਠਾਂ ਰਹਿੰਦੀਆਂ ਹਨ ਅਤੇ ਬਾਅਦ ਵਿਚ ਫੱਟਣ 'ਤੇ ਇਨ੍ਹਾਂ ਵਿੱਚੋਂ ਕਾਲੇ ਰੰਗ ਦਾ ਧੂੜਾ ਨਿਕਲਦਾ ਹੈ । ਇਹ ਬਿਮਾਰੀ ਦੇ ਕਣ ਮਿੱਟੀ ਉੱਤੇ ਡਿੱਗ ਜਾਂਦੇ ਹਨ ਅਤੇ ਫ਼ਸਲ ਦੀ ਕਟਾਈ ਦੌਰਾਨ ਕਈ ਦਾਣਿਆਂ ਉੱਤੇ ਲੱਗ ਜਾਂਦੇ ਹਨ, ਇਸ ਤਰ੍ਹਾਂ ਉੱਲੀ ਬੀਜ ਅਤੇ ਮਿੱਟੀ ਰਾਹੀਂ ਫੈਲਦੀ ਹੈ।

ਜਦੋਂ ਇਹ ਫਸਲ ਅਗਲੇ ਮੌਸਮ ਵਿਚ ਉਗਾਈ ਜਾਂਦੀ ਹੈ। ਉਸ ਵੇਲੇ ਮਿੱਟੀ ਰਾਹੀਂ ਫੈਲਣ ਵਾਲੇ ਇਹ ਬਿਮਾਰੀ ਦੇ ਕਣ ਨਰੋਏ ਫ਼ਸਲ ਨੂੰ ਰੋਗ ਲਾਉਂਦੇ ਹਨ ਅਤੇ ਫੈਲਣ ਤੋਂ ਬਾਅਦ ਡੇਢ ਮਹੀਨਿਆਂ ਵਿਚ ਬਿਮਾਰੀ ਦੇ ਲੱਛਣ ਦਿਖਾਈ ਦਿੰਦੇ ਹਨ । ਬਿਮਾਰੀ ਨੂੰ ਰੋਕਣ ਲਈ ਡੂੰਘੀ ਬਿਜਾਈ ਨਾ ਕਰੋ । ਬਿਮਾਰੀ ਵਾਲੇ ਪੌਦਿਆਂ ਨੂੰ ਪੁੱਟ ਕੇ ਨਸ਼ਟ ਕਰ ਦਿਉ। ਮਿੱਟੀ ਦੀ ਕਾਂਗਿਆਰੀ ਲਈ ਸਿਫ਼ਾਰਿਸ਼ ਕੀਤੇ ਉੱਲੀਨਾਸ਼ਕ ਇਸ ਕਾਂਗਿਆਰੀ ਨੂੰ ਰੋਕਣ ਲਈ ਵਰਤੇ ਜਾ ਸਕਦੇ ਹਨ।

ਕਰਨਾਲ ਬੰਟ

ਇਹ ਬਿਮਾਰੀ ਉੱਲੀ ਕਾਰਨ ਹੁੰਦੀ ਹੈ ਅਤੇ ਇਸ ਬਿਮਾਰੀ ਦੇ ਲੱਛਣ ਸਿੱਟਿਆਂ ਵਿਚ ਦਿਖਾਈ ਦਿੰਦੇ ਹਨ। ਬੀਜ ਦਾ ਬਿਮਾਰੀ ਵਾਲਾ ਹਿੱਸਾ ਕਾਲੇ ਧੂੜੇ ਵਿਚ ਬਦਲ ਜਾਂਦਾ ਹੈ। ਆਮ ਤੌਰ ਤੇ ਸਿੱਟਿਆਂ ਦੇ ਕੁਝ ਹਿੱਸਿਆਂ ਵਿਚ ਹੀ ਬਿਮਾਰੀ ਆਉਂਦੀ ਹੈ ਅਤੇ ਬਿਮਾਰੀ ਵਾਲੇ ਦਾਣੇ ਕਾਲੇ ਪੈ ਜਾਂਦੇ ਹਨ। ਇਹ ਉੱਲੀ ਬੀਜ ਅਤੇ ਮਿੱਟੀ ਦੁਆਰਾ ਫੈਲਦੀ ਹੈ। ਫ਼ਸਲ ਦੀ ਕਟਾਈ ਦੌਰਾਨ ਕਈ ਮਾਤਰਾ ਵਿਚ ਬਿਮਾਰੀ ਦੇ ਕਣ ਮਿੱਟੀ ਵਿਚ ਕਿਰ ਜਾਂਦੇ ਹਨ। ਜਿਹੜੇ ਕਿ 2 ਤੋਂ 5 ਸਾਲ

ਮੁੱਖ ਮੰਤਰੀ ਨੇ ਵਰਧਮਾਨ ਸਟੀਲ ਗਰੁੱਪ ਨੂੰ 1750 ਕਰੋੜ ਰੁਪਏ ਦੀ ਲਾਗਤ ਨਾਲ ਪਲਾਂਟ ਸਥਾਪਤ ਕਰਨ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ

➢ ਵਿਸ਼ੇਸ਼ ਅਲਾਏ ਸਟੀਲ ਦੇ ਨਿਰਮਾਣ ਲਈ ਗ੍ਰੀਨਫੀਲਡ ਯੂਨਿਟ ਦੇ ਤੌਰ ਉੱਤੇ ਹੋਵੇਗਾ ਸਥਾਪਤ ➢ ਸੂਬੇ ਵਿੱਚ 1500 ਤੋਂ ਵੱਧ ਨੂੰ ਨੌਜਵਾਨਾਂ ਨੂੰ ਮਿਲੇਗਾ ਰੋਜ਼ਗਾਰ

ਚੰਡੀਗੜ੍ਹ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਵਿੱਚ 1750 ਕਰੋੜ ਰੁਪਏ ਦੀ ਲਾਗਤ ਨਾਲ ਇਲੈਕਟ੍ਰਿਕ ਆਰਕ ਫਰਨੇਸ ਰੂਟ ਰਾਹੀਂ ਵਿਸ਼ੇਸ਼ ਅਲਾਏ ਸਟੀਲ ਦੇ ਨਿਰਮਾਣ ਲਈ ਗ੍ਰੀਨਫੀਲਡ ਯੂਨਿਟ ਸਥਾਪਤ ਕਰਨ ਲਈ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਡ (ਵੀ.ਐਸ.ਐਸ.ਐਲ.) ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਨੇ ਅੱਜ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਦਫ਼ਤਰ ਵਿਖੇ ਵੀ.ਐਸ.ਐਸ.ਐਲ. ਦੇ ਵਾਈਸ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਸਚਿਤ ਜੈਨ ਨਾਲ ਮੀਟਿੰਗ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਨਿਵੇਸ਼ ਨੂੰ ਵੱਡਾ ਹੁਲਾਰਾ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਵੀ.ਐਸ.ਐਸ.ਐਲ. 1750 ਕਰੋੜ ਰੁਪਏ ਦੀ ਲਾਗਤ ਨਾਲ ਇਲੈਕਟ੍ਰਿਕ ਆਰਕ ਫਰਨੇਸ ਰੂਟ ਰਾਹੀਂ ਵਿਸ਼ੇਸ਼ ਅਲਾਏ ਸਟੀਲ ਦੇ ਨਿਰਮਾਣ ਲਈ ਗ੍ਰੀਨਫੀਲਡ ਯੂਨਿਟ ਸਥਾਪਤ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਪ੍ਰਤੀ ਸਾਲ 5 ਲੱਖ ਟਨ ਦੀ ਸਮਰੱਥਾ ਵਾਲਾ ਇਹ ਪ੍ਰੋਜੈਕਟ ਜਪਾਨ ਦੀ ਕੰਪਨੀ @ਏਚੀ ਸਟੀਲ ਕਾਰਪੋਰੇਸ਼ਨ@ ਦੇ ਸਹਿਯੋਗ ਨਾਲ 1750 ਕਰੋੜ ਰੁਪਏ ਦੇ ਨਿਵੇਸ਼ ਨਾਲ ਸਥਾਪਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਸੂਬੇ ਦੇ 1500 ਤੋਂ ਵੱਧ ਨੌਜਵਾਨਾਂ ਨੂੰ ਰੁਜ਼ਗਾਰ ਮਿਲਣ ਦੀ ਉਮੀਦ ਹੈ ਅਤੇ ਕੰਪਨੀ ਇਸ ਪਲਾਂਟ ਤੋਂ ਗਰੀਨ ਸਟੀਲ ਤਿਆਰ ਕਰੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸੂਬੇ ਅਤੇ ਦੇਸ਼ ਲਈ ਵੱਡਾ ਮਾਲੀਆ ਪੈਦਾ ਕਰੇਗਾ ਕਿਉਂਕਿ ਵੱਖ-ਵੱਖ ਜਾਪਾਨੀ/ ਯੂਰਪੀਅਨ ਕੰਪਨੀਆਂ ਨੂੰ ਕੁੱਲ ਉਤਪਾਦਨ ਦਾ 20 ਫੀਸਦੀ ਤੋਂ ਵੱਧ ਨਿਰਯਾਤ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵੀ.ਐਸ.ਐਸ.ਐਲ. ਵਿਸ਼ਵ ਭਰ ਵਿੱਚ ਨਾਮੀ ਕੰਪਨੀ ਹੈ ਅਤੇ ਇਸ ਵੱਕਾਰੀ ਕੰਪਨੀ ਵੱਲੋਂ ਸੂਬੇ ਵਿੱਚ ਕੀਤਾ ਗਿਆ ਵੱਡਾ ਨਿਵੇਸ਼ ਹੋਰ ਕੰਪਨੀਆਂ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗ ਅਤੇ ਵਣਜ ਨੂੰ ਹੁਲਾਰਾ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਹੁਣ ਤੱਕ ਸੂਬੇ ਵਿੱਚ ਟਾਟਾ ਸਟੀਲ, ਸਨਾਤਨ ਟੈਕਸਟਾਈਲ ਅਤੇ ਹੋਰ ਵਰਗੀਆਂ ਮੋਹਰੀ ਕੰਪਨੀਆਂ ਦੇ ਨਾਲ ਲਗਭਗ 86,000 ਕਰੋੜ ਰੁਪਏ ਦਾ ਨਿਵੇਸ਼ ਸੂਬੇ ਵਿੱਚ ਆ ਚੁੱਕਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਸੰਪੂਰਨ ਭਾਈਚਾਰਕ ਸਾਂਝ, ਸ਼ਾਂਤੀ ਅਤੇ ਸਦਭਾਵਨਾ ਹੈ, ਜੋ ਸੂਬੇ ਦੇ ਸਰਬਪੱਖੀ ਵਿਕਾਸ ਅਤੇ ਖੁਸ਼ਹਾਲੀ ਦਾ ਮੁੱਖ ਅਧਾਰ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕੰਪਨੀਆਂ ਆਪਣੇ ਕਾਰੋਬਾਰ ਨੂੰ ਫੈਲਾਉਣ ਲਈ ਸੂਬੇ ਵਿੱਚ ਵਧੀਆ ਬੁਨਿਆਦੀ ਢਾਂਚੇ, ਬਿਜਲੀ, ਹੁਨਰਮੰਦ ਮਨੁੱਖੀ ਵਸੀਲਿਆਂ, ਉੱਤਮ ਉਦਯੋਗਿਕ ਅਤੇ ਕਿਰਤ ਸੱਭਿਆਚਾਰ ਨਾਲ ਭਰਪੂਰ ਅਨੁਕੂਲ ਮਾਹੌਲ ਦੀ ਵੱਧ ਤੋਂ ਵੱਧ ਵਰਤੋਂ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੇ ਉਦਯੋਗਿਕ ਧੁਰੇ ਵਜੋਂ ਤੇਜ਼ੀ ਨਾਲ ਉਭਰ ਰਹੇ ਸੂਬੇ ਵਿੱਚ ਨਿਵੇਸ਼ ਕਰਕੇ ਉੱਦਮੀਆਂ ਨੂੰ ਬਹੁਤ ਫਾਇਦਾ ਹੋ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਨਵੇਂ ਵਿਚਾਰਾਂ ਅਤੇ ਉੱਦਮਾਂ ਲਈ ਹਮੇਸ਼ਾ ਤਿਆਰ ਹੈ।

ਇਸ ਮੌਕੇ ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੀ ਹਾਜ਼ਰ ਸਨ

ਸੁੱਖੂ ਸਰਕਾਰ ਨੂੰ ਰਾਹਤ, ਸੁਪਰੀਮ ਕੋਰਟ ਨੇ ਛੇ ਮੁੱਖ ਸੰਸਦੀ ਸਕੱਤਰਾਂ ਨੂੰ ਅਯੋਗ ਕਰਾਰ ਦੇਣ ਦੇ ਫ਼ੈਸਲੇ 'ਤੇ ਰੋਕ ਲਾਈ

ਨਵੀਂ ਦਿੱਲੀ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਹਿਮਾਚਲ ਪ੍ਰਦੇਸ਼ ਦੀ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਨੂੰ ਰਾਹਤ ਦਿੰਦਿਆਂ ਸਰਕਾਰ ਵੱਲੋਂ ਨਿਯੁਕਤ ਛੇ ਮੁੱਖ ਸੰਸਦੀ ਸਕੱਤਰਾਂ ਨੂੰ ਅਯੋਗ ਕਰਾਰ ਦੇਣ ਦੇ ਹਿਮਾਚਲ ਹਾਈ ਕੋਰਟ ਦੇ ਫ਼ੈਸਲੇ ਉਤੇ ਰੋਕ ਲਾ ਦਿੱਤੀ ਹੈ। ਹਿਮਾਚਲ ਪ੍ਰਦੇਸ਼ ਹਾਈ ਕੋਰਟ ਨੇ ਸੂਬਾ ਸਰਕਾਰ ਦੇ ਮੁੱਖ ਸੰਸਦੀ ਸਕੱਤਰਾਂ ਅਤੇ ਸੰਸਦੀ ਸਕੱਤਰਾਂ ਦੀ ਨਿਯੁਕਤੀ ਦੇ ਅਖ਼ਤਿਆਰ ਨੂੰ ਗੈਰ-ਸੰਵਿਧਾਨਕ ਕਰਾਰ ਦਿੱਤਾ ਹੈ।

ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਦੀ ਬੈਂਚ ਨੇ ਕਿਹਾ ਕਿ ਮੁੱਖ ਸੰਸਦੀ ਸਕੱਤਰਾਂ ਵਜੋਂ ਛੇ ਵਿਧਾਇਕਾਂ ਦੀ ਨਿਯੁਕਤੀ ਨੂੰ ਰੱਦ ਕਰਨ ਵਾਲੇ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਅੱਗੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ। ਉਂਝ ਬੈਂਚ ਨੇ ਨਾਲ ਹੀ ਇਹ ਵੀ ਸਪੱਸ਼ਟ ਕੀਤਾ ਹੈ ਕਿ ਰਾਜ ਸਰਕਾਰ ਵੱਲੋਂ ਇਸ ਹੁਕਮ ਦੇ ਆਧਾਰ ਉਤੇ ਅਜਿਹੀਆਂ ਹੋਰ ਨਿਯੁਕਤੀਆਂ ਨਾ ਕੀਤੀਆਂ ਜਾਣ, ਕਿਉਂਕਿ ਅਜਿਹਾ ਕਰਨਾ ਕਾਨੂੰਨ ਦੇ ਉਲਟ ਹੋਵੇਗਾ।

ਸਿਖਰਲੀ ਅਦਾਲਤ ਨੇ ਭਾਜਪਾ ਆਗੂ ਕਲਪਨਾ ਦੇਵੀ ਨੂੰ ਵੀ ਨੋਟਿਸ ਜਾਰੀ ਕੀਤਾ ਹੈ, ਜਿਸ ਨੇ ਮੁੱਖ ਸੰਸਦੀ ਸਕੱਤਰਾਂ ਦੀ ਨਿਯੁਕਤੀ ਵਿਰੁੱਧ ਹਾਈ ਕੋਰਟ ਦਾ ਬੂਹਾ ਖੜਕਾਇਆ ਸੀ। ਉਨ੍ਹਾਂ ਤੋਂ ਦੋ ਹਫ਼ਤਿਆਂ ਵਿੱਚ ਜਵਾਬ ਮੰਗਿਆ ਗਿਆ ਹੈ ਅਤੇ ਮਾਮਲੇ ਦੀ ਸੁਣਵਾਈ ਚਾਰ ਹਫ਼ਤਿਆਂ ਬਾਅਦ ਪਾ ਦਿੱਤੀ ਹੈ। ਇਸ ਦੇ ਨਾਲ ਹੀ ਅਦਾਲਤ ਨੇ ਇਸ ਮਾਮਲੇ ਨੂੰ ਮੁੱਦੇ 'ਤੇ ਸੁਪਰੀਮ ਕੋਰਟ ਵਿੱਚ ਪਹਿਲਾਂ ਲਟਕ ਰਹੀਆਂ ਪਟੀਸ਼ਨਾਂ ਨਾਲ ਜੋੜ ਦਿੱਤਾ ਹੈ।

ਹਿਮਾਚਲ ਹਾਈ ਕੋਰਟ ਨੇ ਛੇ ਮੁੱਖ ਸੰਸਦੀ ਸਕੱਤਰਾਂ ਦੀ ਨਿਯੁਕਤੀ ਰੱਦ ਕੀਤੀ

ਗ਼ੌਰਤਲਬ ਹੈ ਕਿ ਮੁੱਖ ਸੰਸਦੀ ਸਕੱਤਰਾਂ ਦੀ ਨਿਯੁਕਤੀ ਨੂੰ ਲੈ ਕੇ ਪਹਿਲਾਂ ਵੀ ਅਤੇ ਮੁਲਕ ਦੇ ਹੋਰਨਾਂ ਸੂਬਿਆਂ ਵਿਚ ਵੀ ਵਿਵਾਦ ਹੁੰਦੇ ਰਹੇ ਹਨ। ਵਿਰੋਧੀ ਧਿਰ ਦਾ ਦੋਸ਼ ਹੈ ਕਿ ਸਰਕਾਰ ਅਜਿਹੀਆਂ ਨਿਯੁਕਤੀਆਂ ਦੀ ਵਰਤੋਂ ਵਿਧਾਇਕਾਂ ਨੂੰ ਲਾਹੇਵੰਦ ਅਹੁਦੇ ਦੇ ਕੇ ਸੰਤੁਸ਼ਟ ਕਰਨ ਤੇ ਆਪਣੇ ਨਾਲ ਜੋੜੀ ਰੱਖਣ ਲਈ ਕਰਦੀ ਹੈ। ਹਿਮਾਚਲ ਪ੍ਰਦੇਸ਼ ਵਿੱਚ ਇਹ ਮੁੱਦਾ ਨਾ ਸਿਰਫ਼ ਸੰਵਿਧਾਨਕ ਨਜ਼ਰੀਏ ਤੋਂ ਅਹਿਮ ਹੈ, ਸਗੋਂ ਹਾਕਮ ਕਾਂਗਰਸ ਅਤੇ ਵਿਰੋਧੀ ਧਿਰ ਭਾਜਪਾ ਵਿਚਾਲੇ ਸਿਆਸੀ ਖਿੱਚੋਤਾਣ ਦਾ ਕਾਰਨ ਵੀ ਬਣ ਗਿਆ ਹੈ।

ਪੀ.ਐੱਮ.ਆਈ.ਡੀ.ਸੀ. ਵੱਲੋਂ ਹੁਡਕੋ ਨਾਲ ਆਪਣੀ ਸਹਿਮਤੀ ਦਾ ਸਮਝੌਤਾ ਸਹੀਬੱਧ

ਚੰਡੀਗੜ੍ਹ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸ਼ਹਿਰਾਂ ਤੇ ਕਸਬਿਆਂ ਦੇ ਸਰਵਪੱਖੀ ਵਿਕਾਸ ਅਤੇ ਸਥਾਨਕ ਸਰਕਾਰਾਂ ਵਿਭਾਗ ਦੀ ਕਾਰਜਪ੍ਰਣਾਲੀ ਨੂੰ ਹੋਰ ਚੁਸਤ ਦਰੁਸਤ ਕਰਨ ਲਈ ਪੰਜਾਬ ਮਿਊਂਸੀਪਲ ਬੁਨਿਆਦੀ ਢਾਂਚਾ ਵਿਕਾਸ ਕੰਪਨੀ (ਪੀ.ਐੱਮ.ਆਈ.ਡੀ.ਸੀ.) ਨੇ ਕੇਂਦਰੀ ਮਕਾਨ ਉਸਾਰੀ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਦੇ ਹਾਊਸਿੰਗ ਐਂਡ ਅਰਬਨ ਡਿਵੈਲਪਮੈਂਟ ਕਾਰਪੋਰੇਸ਼ਨ ਲਿਮਟਿਡ (ਹੁਡਕੋ ਨਾਲ ਆਪਸੀ ਸਹਿਮਤੀ ਦਾ ਸਮਝੌਤਾ (ਐਮ.ਓ.ਯੂ.) ਸਹੀਬੱਧ ਕੀਤਾ। ਇੱਥੇ ਸੈਕਟਰ 35 ਸਥਿਤ ਪੰਜਾਬ ਮਿਊਂਸਪਲ ਭਵਨ ਵਿਖੇ ਪੀ.ਐੱਮ.ਆਈ.ਡੀ.ਸੀ. ਦੇ ਸੀ.ਈ.ਓ ਦੀਪਤੀ ਉੱਪਲ ਅਤੇ ਹੁਡਕੋ ਦੇ ਡਾਇਰੈਕਟਰ ਕਾਰਪੋਰੇਟ ਯੋਜਨਾ ਐਮ. ਨਾਗਰਾਜ ਨਸਲ ਸਮਝੌਤੇ ਉੱਪਰ ਹਸਤਾਖਰ ਕੀਤੇ।ਇਸ ਉਪਰੰਤ ਸ਼ਰੀਮਤੀ ਦੀਪਤੀ ਉੱਪਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ ਰਵਜੋਤ ਸਿੰਘ ਦੀ ਅਗਵਾਈ ਵਿੱਚ ਵਿਭਾਗ ਵੱਲੋਂ ਸ਼ਹਿਰ ਵਾਸੀਆਂ ਨੂੰ ਬਿਹਤਰ ਅਤੇ ਮਿਆਰੀ ਸੇਵਾਵਾ ਦੇਣ ਲਈ ਕਾਰਜਪ੍ਰਣਾਲੀ ਵਿੱਚ ਸੁਧਾਰ ਕੀਤੇ ਜਾ ਰਹੇ ਜਿਨ੍ਹਾਂ ਦੀ ਲੜੀ ਤਹਿਤ ਅੱਜ ਇਹ ਸਮਝੌਤਾ ਹੋਇਆ ਹੈ।

ਸ਼ਰੀਮਤੀ ਉੱਪਲ ਨੇ ਕਿਹਾ ਕਿ ਇਹ ਸਮਝੌਤਾ ਸਿਖਲਾਈ ਅਤੇ ਸਮਰੱਥਾ ਨਿਰਮਾਣ ਦੇ ਖੇਤਰ ਵਿੱਚ ਨਜ਼ਦੀਕੀ ਸਹਿਯੋਗ ਵਿਕਸਿਤ ਕਰੇਗਾ। ਹੁਡਕੋ ਦਾ ਹਿਊਮਨ ਸੈਟਲਮੈਂਟਸ ਮੈਨੇਜਮੈਂਟ ਇੰਸਟੀਚਿਊਟ ਪੰਜਾਬ ਦੇ ਸਥਾਨਕ ਸਰਕਾਰਾਂ ਵਿਭਾਗ ਨਾਲ ਮਿਲ ਕੇ ਸਮਰੱਥਾ ਨਿਰਮਾਣ ਦੇ ਪ੍ਰੋਗਰਾਮ ਕਰਵਾਏਗਾ।

ਇਸ ਮੌਕੇ ਹੁਡਕੋ ਤੋਂ ਖੇਤਰੀ ਮੁਖੀ ਸੰਜੇ ਭਾਰਗਵ, ਸੰਯੁਕਤ ਜਨਰਲ ਮੈਨੇਜਰ (ਪ੍ਰੋਜੈਕਟ) ਸ਼ੋਭਾ ਕੁਮਾਰ, ਸੰਯੁਕਤ ਜਨਰਲ ਮੈਨੇਜਰ (ਲਾਅ) ਸੰਜੀਵ ਚੋਪੜਾ ਅਤੇ ਸੀਨੀਅਰ ਮੈਨੇਜਰ (ਸਕੱਤਰ) ਅਸ਼ੀਸ਼ ਗੋਇਲ ਅਤੇ ਪੀ.ਐੱਮ.ਆਈ.ਡੀ.ਸੀ. ਦੇ ਜਨਰਲ ਮੈਨੇਜਰ (ਪ੍ਰੋਜੈਕਟ) ਹਰਸਤਿੰਦਰਪਾਲ ਸਿੰਘ ਢਿੱਲੋਂ, ਮੈਨੇਜਰ (ਸਮਰੱਥਾ ਨਿਰਮਾਣ) ਡਾ. ਮਨਪ੍ਰੀਤ ਧਾਲੀਵਾਲ ਤੇ ਡਾ. ਸੁਮਿਤ ਅਰੋੜਾ ਅਤੇ ਸੰਸਥਾਗਤ ਮਜ਼ਬੂਤੀ ਮਾਹਿਰ ਹਾਜ਼ਰ ਸਨ।

ਪਿੰਡ ਘੁੰਗਰਾਲੀ ਦੇ ਵਸਨੀਕਾਂ ਨੇ ਬਾਇਓਗੈਸ ਪਲਾਂਟ ਦੇ ਮਸਲੇ ਦੇ ਸੁਚੱਜੇ ਹੱਲ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ

ਚੰਡੀਗੜ੍ਹ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਲੁਧਿਆਣਾ ਜ਼ਿਲ੍ਹੇ ਦੇ ਪਿੰਡ ਘੁੰਗਰਾਲੀ ਦੇ ਵਸਨੀਕਾਂ ਨੇ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਕੇ ਬਾਇਓਗੈਸ ਪਲਾਂਟ ਦੇ ਮਸਲੇ ਨਾਲ ਸਬੰਧਤ ਸਾਰੀਆਂ ਧਿਰਾਂ ਨੂੰ ਭਰੋਸੇ ਵਿੱਚ ਲੈ ਕੇ ਮਸਲੇ ਨੂੰ ਸੁਚੱਜੇ ਢੰਗ ਨਾਲ ਸੁਲਝਾਉਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਪਿੰਡ ਵਾਸੀ ਹਰਦੀਪ ਸਿੰਘ ਅਤੇ ਨਵੇਂ ਚੁਣੇ ਸਰਪੰਚ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਪਿੰਡ ਦੇ ਇੱਕ ਵਫ਼ਦ ਨੇ ਅੱਜ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਮੁੱਖ ਮੰਤਰੀ ਨਾਲ ਉਨ੍ਹਾਂ ਦੇ ਦਫ਼ਤਰ ਵਿੱਚ ਮੁਲਾਕਾਤ ਕੀਤੀ।

ਇਸ ਵਿਚਾਰ-ਵਟਾਂਦਰੇ ਦੌਰਾਨ ਮੁੱਖ ਮੰਤਰੀ ਨੇ ਦੁਹਰਾਇਆ ਕਿ ਇਹ ਬਾਇਓਗੈਸ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਰਹਿਤ ਹੋਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਪ੍ਰਦੂਸ਼ਣ ਨੂੰ ਰੋਕਣ ਲਈ ਵਚਨਬੱਧ ਹੈ ਅਤੇ ਇਸ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਗਈ ਹੈ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕਿਹਾ ਕਿ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਮੁਕਤ ਹੋਵੇਗਾ ਅਤੇ ਕਿਸੇ ਨੂੰ ਵੀ ਨਿਯਮਾਂ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਾਜੈਕਟ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰਨ ਲਈ ਸਾਰੇ ਭਾਈਵਾਲਾਂ ਦੀ ਇੱਕ ਨਿਗਰਾਨ ਕਮੇਟੀ ਕਾਰਜਸ਼ੀਲ ਰਹੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਕਿਸੇ ਵੀ ਵਿਅਕਤੀ ਵੱਲੋਂ ਹੋਣ ਵਾਲੇ ਪ੍ਰਦੂਸ਼ਣ ਵਿਰੁੱਧ ਸੂਬਾ ਸਰਕਾਰ ਨੇ ਕਿਸੇ ਤਰ੍ਹਾਂ ਦਾ ਲਿਹਾਜ਼ ਨਾ ਕਰਨ ਨੀਤੀ ਅਪਣਾਈ ਹੋਈ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਨਿਯਮਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਇਸ ਅਪਰਾਧ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਵੇਗੀ।

ਮੋਦੀ, ਜੈਸ਼ੰਕਰ ਤੇ ਡੋਵਾਲ ਨੂੰ ਕੈਨੇਡਾ 'ਚ ਅਪਰਾਧਿਕ ਗਤੀਵਿਧੀਆਂ ਨਾਲ ਜੋੜਨ ਦਾ ਕੋਈ ਸਬੂਤ ਨਹੀਂ: ਕੈਨੇਡਾ ਸਰਕਾਰ

ਨਵੀਂ ਦਿੱਲੀ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੈਨੇਡਾ ਸਰਕਾਰ ਨੇ ਸ਼ੁੱਕਰਵਾਰ ਨੂੰ ਰਸਮੀ ਤੌਰ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਅਤੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ 'ਤੇ ਕੈਨੇਡਾ ਵਿਚ ਅਪਰਾਧਿਕ ਗਤੀਵਿਧੀਆਂ ਬਾਰੇ ਲੱਗੇ ਦੋਸ਼ਾਂ ਨੂੰ ਸਪੱਸ਼ਟ ਕੀਤਾ ਹੈ ਅਤੇ ਕਿਹਾ ਹੈ ਕਿ ਮੋਦੀ, ਸ਼ੰਕਰ ਤੇ ਡੋਵਾਲ ਨੂੰ ਅਜਿਹੀ ਕਿਸੇ ਗਤੀਵਿਧੀ ਨਾਲ ਜੋੜਨ ਦਾ ਕੋਈ ਸਬੂਤ ਨਹੀਂ ਹੈ।

ਬਿਆਨ ਵਿੱਚ ਜ਼ੋਰ ਦਿੱਤਾ ਗਿਆ ਹੈ ਕਿ ਕੋਈ ਵੀ ਸਬੂਤ ਅਜਿਹੇ ਦਾਅਵਿਆਂ ਦਾ ਸਮਰਥਨ ਨਹੀਂ ਕਰਦਾ ਹੈ ਅਤੇ ਮਾਮਲੇ ਦੇ ਆਲੇ ਦੁਆਲੇ ਦੀਆਂ ਅਟਕਲਾਂ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰਦਾ ਹੈ। ਇਹ ਸਪੱਸ਼ਟੀਕਰਨ ਪ੍ਰੀਵੀ ਕੌਂਸਲ ਦੀ ਡਿਪਟੀ ਕਲਰਕ ਅਤੇ ਕੈਨੇਡੀਅਨ ਪ੍ਰਧਾਨ ਮੰਤਰੀ ਦੇ ਰਾਸ਼ਟਰੀ ਸੁਰੱਖਿਆ ਅਤੇ ਖੁਫੀਆ ਸਲਾਹਕਾਰ ਨਥਾਲੀ ਜੀ ਡਰੋਇਨ ਵੱਲੋਂ ਆਇਆ ਹੈ। ਕਿਹਾ ਗਿਆ ਹੈ, 14 ਅਕਤੂਬਰ ਨੂੰ ਜਨਤਕ ਸੁਰੱਖਿਆ ਲਈ ਇੱਕ ਮਹੱਤਵਪੂਰਨ ਅਤੇ ਚੱਲ ਰਹੇ ਖਤਰੇ ਦੇ ਕਾਰਨ RCMP ਅਤੇ ਅਧਿਕਾਰੀਆਂ ਨੇ ਭਾਰਤ ਸਰਕਾਰ ਦੇ ਏਜੰਟਾਂ ਵੱਲੋਂ ਕੈਨੇਡਾ ਵਿੱਚ ਕੀਤੀਆਂ ਗਈਆਂ ਗੰਭੀਰ ਅਪਰਾਧਿਕ ਗਤੀਵਿਧੀਆਂ ਦੇ ਜਨਤਕ ਇਲਜ਼ਾਮ ਲਗਾਉਣ ਦਾ ਅਸਾਧਾਰਨ ਕਦਮ ਚੁੱਕਿਆ ਹੈ, ਜੋ ਕਿ ਕੈਨੇਡਾ ਸਰਕਾਰ ਨੇ ਨਹ

ਸੰਪਾਦਕੀ

ਜੇਲ੍ਹਾਂ 'ਚ ਕੈਦੀਆਂ ਦਾ ਸੰਕਟ

ਭਾਰਤ ਦੀਆਂ ਜੇਲ੍ਹਾਂ ਵਿੱਚ ਕੈਦੀਆਂ ਦੀ ਬੇਤਹਾਸ਼ਾ ਸੰਖਿਆ ਦੀਆਂ ਰਿਪੋਰਟਾਂ ਆਉਂਦੀਆਂ ਰਹੀਆਂ ਹਨ ਪਰ ਹੁਣ ਸੱਜਰੇ ਅੰਕੜਿ ?ਆਂ ਮੁਤਾਬਿਕ ਜੇਲ੍ਹਾਂ ਵਿੱਚ ਬੰਦ ਕੈਦੀਆਂ 'ਚੋਂ 75 ਫ਼ੀਸਦੀ ਤੋਂ ਵੱਧ ਵਿਚਾਰਾਧੀਨ ਕੈਦੀ ਹਨ ਜਿਨ੍ਹਾਂ ਦੇ ਕੇਸਾਂ ਦਾ ਅਜੇ ਤੱਕ ਮੁੱਢਲੇ ਤੌਰ 'ਤੇ ਨਿਬੇੜਾ ਨਹੀਂ ਹੋ ਸਕਿਆ। ਇਸੇ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਦਾ ਇਹ ਬਿਆਨ ਸਵਾਗਤਯੋਗ ਹੈ ਕਿ ਉਨ੍ਹਾਂ ਵਿਚਾਰਾਧੀਨ ਕੈਦੀਆਂ ਨਾਲ ਨਿਆਂ ਯਕੀਨੀ ਬਣਾਇਆ ਜਾਵੇਗਾ ਜਿਨ੍ਹਾਂ ਨੇ 26 ਨਵੰਬਰ ਭਾਵ ਸੰਵਿਧਾਨ ਦਿਵਸ ਤੱਕ ਆਪਣੀ ਵੱਧ ਤੋਂ ਵੱਧ ਸਜ਼ਾ ਦਾ ਇੱਕ ਤਿਹਾਈ ਹਿੱਸਾ ਪੂਰਾ ਕਰ ਲਿਆ ਹੈ ਪਰ ਇਸ ਨੂੰ ਅਮਲ ਵਿੱਚ ਲਿਆਉਣਾ ਕਾਫ਼ੀ ਚੁਣੌਤੀਪੂਰਨ ਹੋਵੇਗਾ। ਇਸ ਤੋਂ ਪਹਿਲਾਂ ਸੁਪਰੀਮ ਕੋਰਟ ਦੇ ਖੋਜ ਅਤੇ ਯੋਜਨਾਬੰਦੀ ਕੇਂਦਰ (ਸੀਆਰਪੀ) ਵੱਲੋਂ ਵਿਚਾਰਾਧੀਨ ਕੈਦੀਆਂ ਦੀ ਰਿਹਾਈ ਲਈ ਬਿਜਲਈ ਟਰੈਕਿੰਗ ਯੰਤਰਾਂ (ਈਟੀਡੀਜ਼) ਦੀ ਵਰਤੋਂ ਬਾਬਤ ਪਾਇਲਟ ਪ੍ਰਾਜੈਕਟ ਸ਼ੁਰੂ ਕਰਨ ਦਾ ਸੁਝਾਅ ਪੇਸ਼ ਕੀਤਾ ਗਿਆ ਸੀ। ਭਾਰਤੀ ਜੇਲ੍ਹਾਂ ਵਿੱਚ ਕੈਦੀਆਂ ਦੀ ਵਧਦੀ ਸੰਖਿਆ ਘਟਾਉਣ ਅਤੇ ਨੇਮਾਂ ਅਤੇ ਸੁਧਾਰਾਂ ਬਾਰੇ ਇਹ ਰਿਪੋਰਟ ਕੁਝ ਦਿਨ ਪਹਿਲਾਂ ਹੀ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਜਾਰੀ ਕੀਤੀ ਸੀ।

ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਦੀ ਧਾਰਾ 479 ਜਿਹੇ ਹਾਲ ਹੀ ਵਿੱਚ ਕੀਤੇ ਗਏ ਕਾਨੂੰਨੀ ਸੁਧਾਰਾਂ ਦੇ ਬਾਵਜੂਦ ਤੰਤਰ ਦੀਆਂ ਕਮਜ਼ੋਰੀਆਂ ਤੇ ਉਲਝਣਾਂ ਲਗਾਤਾਰ ਬਣੀਆਂ ਹੋਈਆਂ ਹਨ। ਸੁਪਰੀਮ ਕੋਰਟ ਨੇ ਵਿਚਾਰਾਧੀਨ ਕੈਦੀਆਂ ਦੀ ਰਿਹਾਈ ਵਿੱਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੱਤਾ ਸੀ ਅਤੇ ਇਸ ਸਬੰਧ ਵਿੱਚ ਦੀਰਘਕਾਲੀ ਮੁੱਦੇ ਨੂੰ ਉਜਾਗਰ ਕੀਤਾ ਸੀ ਜੋ ਕੈਦੀਆਂ ਦੀ ਭਲਾਈ ਲਈ ਬਣਾਈਆਂ ਗਈਆਂ ਨੀਤੀਆਂ ਨੂੰ ਲਾਗੂ ਕਰਨ ਵਿੱਚ ਦੇਰੀ ਅਤੇ ਇਨ੍ਹਾਂ ਦੀ ਮਾੜੇ ਢੰਗ ਨਾਲ ਪਾਲਣਾ ਨਾਲ ਜੁੜਿ ?ਆ ਹੋਇਆ ਹੈ। ਹਾਲਾਂਕਿ ਕੈਦੀਆਂ ਖ਼ਾਸਕਰ ਗ਼ਰੀਬ ਕੈਦੀਆਂ ਨੂੰ ਵਿੱਤੀ ਇਮਦਾਦ ਜਿਹੀਆਂ ਸਕੀਮਾਂ ਮੌਜੂਦ ਹਨ ਪਰ ਇਨ੍ਹਾਂ ਦਾ ਅਮਲ ਬੱਝਵੇਂ ਅਤੇ ਕਾਰਗਰ ਢੰਗ ਨਾਲ ਯਕੀਨੀ ਨਹੀਂ ਬਣਾਇਆ ਜਾਂਦਾ ਜਿਸ ਕਰ ਕੇ ਬਹੁਤ ਸਾਰੇ ਕੈਦੀ ਜੇਲ੍ਹਾਂ ਵਿੱਚ ਸੜਦੇ ਰਹਿੰਦੇ ਹਨ। ਜੇਲ੍ਹਾਂ ਦੇ ਪ੍ਰਬੰਧ ਅਤੇ ਕੈਦੀਆਂ ਦੀ ਸਮੇਂ ਸਿਰ ਰਿਹਾਈ ਨਾ ਹੋਣ ਦੀ ਇਸ ਸਮੱਸਿਆ ਦਾ ਸਾਰ ਫ਼ੌਜਦਾਰੀ ਨਿਆਂ ਪ੍ਰਣਾਲੀ ਦੀਆਂ ਖ਼ਾਮੀਆਂ ਵਿੱਚ ਪਿਆ ਹੈ ਜਿਸ ਵਿੱਚ ਦੰਡਕਾਰੀ ਉਪਰਾਲਿਆਂ ਨੂੰ ਤਰਜੀਹ ਦਿੱਤੀ ਜਾਂਦੀ ਹੈ; ਸੁਧਾਰਕਾਰੀ ਅਤੇ ਮੁੜ ਵਸੇਬਾਕਾਰੀ ਨਿਆਂ ਦੀ ਭਾਵਨਾ ਨੂੰ ਭੁਲਾ ਦਿੱਤਾ ਜਾਂਦਾ ਹੈ। ਨਿਆਂਪਾਲਿਕਾ ਖ਼ਾਸਕਰ ਹੇਠਲੀਆਂ ਅਦਾਲਤਾਂ ਵਿੱਚ ਜ਼ਮਾਨਤ ਦੇਣ ਵਿੱਚ ਝਿਜਕ ਦਿਖਾਈ ਜਾਂਦੀ ਹੈ ਅਤੇ ਜ਼ਮਾਨਤ ਦੀਆਂ ਸ਼ਰਤਾਂ ਬਹੁਤ ਸਖ਼ਤ ਰੱਖੀਆਂ ਜਾਂਦੀਆਂ ਹਨ ਅਤੇ ਇਸ ਦੇ ਨਾਲ ਹੀ ਯੋਗ ਕੈਦੀਆਂ ਦੀ ਨਿਸ਼ਾਨਦੇਹੀ ਕਰਨ ਵਿੱਚ ਦੇਰੀ ਕੀਤੀ ਜਾਂਦੀ ਹੈ ਜਿਸ ਕਰ ਕੇ ਇਹ ਸਮੱਸਿਆ ਗੰਭੀਰ ਰੂਪ ਅਖ਼ਤਿਆਰ ਕਰ ਗਈ ਹੈ। ਇਸ ਤੋਂ ਇਲਾਵਾ ਇਸ ਸਕੀਮ ਤਹਿਤ ਕਾਨੂੰਨੀ ਸੇਵਾਵਾਂ ਅਥਾਰਿਟੀਆਂ ਦੀ ਇਸ ਮਾਮਲੇ ਵਿੱਚ ਭੂਮਿਕਾ ਬਹੁਤ ਗੌਣ ਹੈ ਜਾਂ ਉਨ੍ਹਾਂ ਦੀ ਅਹਿਮੀਅਤ ਨੂੰ ਉੱਕਾ ਹੀ ਵਿਸਾਰ ਦਿੱਤਾ ਜਾਂਦਾ ਹੈ; ਸਾਰੀ ਟੇਕ ਜਿ ?ਲ੍ਹਾ ਕੁਲੈਕਟਰਾਂ (ਡਿਪਟੀ ਕਮਿਸ਼ਨਰ) ਉੱਤੇ ਰੱਖੀ ਜਾਂਦੀ ਹੈ।

ਜੇਲ੍ਹਾਂ 'ਚ ਭੀੜ ਦੀ ਸਮੱਸਿਆ ਦੇ ਹੱਲ ਲਈ ਭਾਰਤ ਨੂੰ ਸੰਕੇਤਕ ਰੇਖਾ ਤੋਂ ਅੱਗੇ ਸੋਚਣਾ ਪਏਗਾ। ਸਮੀਖਿਆ ਕਮੇਟੀਆਂ ਰਾਹੀਂ ਸ਼ਨਾਖਤ ਤੇ ਰਿਹਾਈ ਦੀ ਪ੍ਰਕਿਰਿਆ ਨੂੰ ਇਕਸਾਰ ਕਰ ਕੇ ਅਤੇ ਬਣਦਾ ਧਿਆਨ ਦੇਣ ਲਈ ਸਮਾਜਿਕ ਕਾਰਕੁਨਾਂ ਨੂੰ ਇਸ 'ਚ ਸ਼ਾਮਿਲ ਕਰ ਕੇ ਸਮੇਂ 'ਤੇ ਨਿਆਂ ਦੇਣਾ ਯਕੀਨੀ ਬਣਾਇਆ ਜਾ ਸਕਦਾ ਹੈ। ਸਰਕਾਰ ਨੂੰ ਮਿਆਦ ਪੁਗਾ ਚੁੱਕੀਆਂ ਜ਼ਮਾਨਤ ਦੀਆਂ ਪ੍ਰਬਾਵਾਂ 'ਤੇ ਵੀ ਪੁਨਰ ਵਿਚਾਰ ਕਰਨਾ ਚਾਹੀਦਾ ਹੈ, ਨਿੱਜੀ ਗਰੰਟੀ ਬਾਂਡ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ ਤੇ ਰਿਹਾਅ ਹੋਣ ਵਾਲੇ ਵਿਅਕਤੀਆਂ 'ਤੇ ਨਜ਼ਰ ਰੱਖਣ ਲਈ ਤਕਨੀਕ ਦਾ ਸਹਾਰਾ ਲਿਆ ਜਾ ਸਕਦਾ ਹੈ। ਕਈ ਬਾਹਰਲੇ ਮੁਲਕ ਇਲੈਕਟ੍ਰੌਨਿਕ ਟਰੈਕਿੰਗ ਤਕਨੀਕ ਦੀ ਵਰਤੋਂ ਪਹਿਲਾਂ ਹੀ ਕਰ ਰਹੇ ਹਨ। ਤਕਨੀਕ ਦੀ ਕਾਰਗਰ ਢੰਗ ਨਾਲ ਵਰਤੋਂ ਜੇਲ੍ਹਾਂ 'ਚੋਂ ਭੀੜ ਘਟਾਉਣ ਵਿੱਚ ਕਾਫ਼ੀ ਹੱਦ ਤੱਕ ਸਹਾਈ ਹੋ ਸਕਦੀ ਹੈ। ਕਈ ਮਾਹਿਰਾਂ ਵੱਲੋਂ ਇਸ ਦੀ ਸਿਫਾਰਿਸ਼ ਵੀ ਕੀਤੀ ਜਾਂਦੀ ਰਹੀ ਹੈ।

ਕੌਮੀ ਅਪਰਾਧ ਰਿਕਾਰਡ ਬਿਊਰੋ (ਐੱਨਸੀਆਰਬੀ) ਵੱਲੋਂ ਰਿਲੀਜ਼ ਜੇਲ੍ਹਾਂ ਦੇ ਅੰਕੜਿ ?ਆਂ ਮੁਤਾਬਿਕ, 31 ਦਸੰਬਰ 2022 ਨੂੰ ਭਾਰਤ ਦੀਆਂ ਸਾਰੀਆਂ ਜੇਲ੍ਹਾਂ ਵਿੱਚ 4,36,266 ਦੀ ਕੁੱਲ ਸਮਰੱਥਾ ਤੋਂ ਕਿਤੇ ਵੱਧ 5,73,220 ਕੈਦੀ ਜੇਲ੍ਹਾਂ ਵਿੱਚ ਬੰਦ ਹਨ। ਇਸ ਤਰ੍ਹਾਂ ਜੇਲ੍ਹ ਢਾਂਚੇ 'ਤੇ 131 ਪ੍ਰਤੀਸ਼ਤ ਦੀ ਦਰ ਨਾਲ ਵਾਧੂ ਬੋਝ ਪੈ ਰਿਹਾ ਹੈ। ਜੇਲ੍ਹਾਂ ਦਾ ਵਰਤਮਾਨ ਢਾਂਚਾ ਵੀ ਇਸ ਵਾਧੂ ਬੋਝ ਨਾਲ ਸਿੱਝਣ ਦੇ ਸਮਰੱਥ ਨਹੀਂ ਹੈ। ਇਸ ਤੋਂ ਇਲਾਵਾ 75.7 ਪ੍ਰਤੀਸ਼ਤ ਜਾਂ 4,34,302 ਜਣੇ ਵਿਚਾਰ ਅਧੀਨ ਕੈਦੀ ਹਨ। ਇਸ ਤਰ੍ਹਾਂ ਚਾਰ ਕੈਦੀਆਂ ਵਿੱਚੋਂ ਤਿੰਨ ਅਜੇ ਵਿਚਾਰ ਅਧੀਨ ਹਨ। ਜੇਲ੍ਹਾਂ 'ਚ ਪਹਿਲਾਂ ਹੀ ਬਹੁਤ ਭੀੜ ਹੈ ਤੇ ਪਰਿਵਾਰਾਂ ਨਾਲ ਮੇਲ-ਮਿਲਾਪ ਕਰਾਉਣ 'ਚ ਵੀ ਬਹੁਤ ਦੇਰ ਕੀਤੀ ਜਾਂਦੀ ਹੈ। ਇਸ ਨਾਲ ਕੈਦੀਆਂ 'ਚ ਮਾਨਸਿਕ ਤਣਾਅ ਵਧਦਾ ਹੈ ਤੇ ਔਖਿਆਈ ਹੁੰਦੀ ਹੈ। ਇਸ ਸਾਰੇ ਵਰਤਾਰੇ 'ਚੋਂ ਮਨੁੱਖੀ ਅਧਿਕਾਰਾਂ ਨਾਲ ਸਬੰਧਿਤ ਕਈ ਸਵਾਲ ਵੀ ਉੱਭਰਦੇ ਹਨ। ਤਕਨੀਕ ਦੇ ਏਕੀਕਰਨ ਤੇ ਜੇਲ੍ਹ ਸੁਧਾਰਾਂ ਬਾਰੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਭਰੋਸਿਆਂ ਵਿੱਚ ਭਾਵੇਂ ਵਜ਼ਨ ਤਾਂ ਲੱਗਦਾ ਹੈ ਪਰ ਇਨ੍ਹਾਂ ਨੂੰ ਅਮਲੀ ਰੂਪ ਵਿੱਚ ਲਾਗੂ ਕਰਨ ਲਈ ਲਗਾਤਾਰ ਕੰਮ ਕਰਨ ਦੀ ਲੋੜ ਪਏਗੀ।

ਸੁਧਾਰਾਂ ਦੀਆਂ ਸਿਫ਼ਾਰਸ਼ਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਲਾਗੂ ਕਰਨ ਦੀ ਜ਼ਰੂਰਤ ਹੈ। ਇਸ ਤੋਂ ਪਹਿਲਾਂ ਇੱਕ ਸੰਸਦੀ ਕਮੇਟੀ ਵੀ ਜੇਲ੍ਹਾਂ ਵਿੱਚ ਭੀੜ ਦੇ ਮੁੱਦੇ ਉੱਤੇ ਵਿਚਾਰ-ਚਰਚਾ ਕਰ ਚੁੱਕੀ ਹੈ। ਕਮੇਟੀ ਨੇ ਨਿਆਂ ਦੇਣ ਵਿੱਚ ਹੁੰਦੀ ਦੇਰੀ ਦੇ ਮਾਮਲੇ 'ਤੇ ਚਿੰਤਾ ਪ੍ਰਗਟ ਕੀਤੀ ਸੀ। ਢਾਂਚਾਗਤ ਅੜਿੱਕੇ ਖ਼ਤਮ ਕਰਨ ਲਈ ਨਿਆਂਪਾਲਿਕਾ, ਕਾਨੂੰਨੀ ਏਜੰਸੀਆਂ ਅਤੇ ਸਿਵਲ ਸੁਸਾਇਟੀ ਨੂੰ ਮਿਲ ਕੇ ਕੰਮ ਕਰਨਾ ਪਏਗਾ। ਆਖਿ ?ਰਕਾਰ, ਨਿਆਂ 'ਚ ਦੇਰੀ ਮਹਿਜ਼ ਨਿਆਂ ਤੋਂ ਇਨਕਾਰ ਨਹੀਂ ਹੈ ਬਲਕਿ ਇਹ ਸੰਵਿਧਾਨ 'ਚ ਮਿਲੇ ਆਜ਼ਾਦੀ ਦੇ ਅਧਿਕਾਰ ਦੀ ਬੁਨਿਆਦ ਨੂੰ ਖ਼ੋਰਾ ਲਾਉਣ ਦੇ ਬਰਾਬਰ ਹੈ। ਇਸ ਤਰ੍ਹਾਂ ਮਨੁੱਖੀ ਹੱਕਾਂ ਦੇ ਘਾਣ ਦਾ ਖ਼ਦਸ਼ਾ ਬਣਦਾ ਹੈ। ਵਿਚਾਰ ਅਧੀਨ ਕੈਦੀਆਂ ਦੀ ਦੁਰਦਸ਼ਾ 'ਚ ਸੁਧਾਰ, ਮਾਨਵੀ ਠਾਠ ਪ੍ਰਤੀ ਭਾਰਤ ਦੀ ਵਚਨਬੱਧਤਾ ਦੀ ਵੀ ਅਜ਼ਮਾਇਸ਼ ਹੈ। ਕਰੀਬ ਪੰਜ ਲੱਖ ਆਵਾਜ਼ਾਂ ਇਸ ਵੇਲੇ ਜੇਲ੍ਹ ਦੀਆਂ ਸੀਖਾਂ ਪਿੱਛੇ ਦੱਬੀਆਂ ਪਈਆਂ ਹਨ, ਹੁਣ ਕਦਮ ਚੁੱਕਣ ਦਾ ਵੇਲਾ ਹੈ ਅਤੇ ਇਹ ਕਦਮ ਬਿਨਾਂ ਕਿਸੇ ਸਿਆਸੀ ਵੈਰ-ਵਿਰੋਧ ਤੋਂ ਹੋਣਾ ਚਾਹੀਦਾ ਹੈ। ਪਿਛਲੇ ਕੁਝ ਸਮੇਂ ਦੌਰਾਨ ਦੇਖਣ ਵਿੱਚ ਆਇਆ ਹੈ ਕਿ ਸਿਆਸੀ ਵਿਰੋਧੀਆਂ ਦੁਆਲੇ ਸਿ ?ਕੰਜਾ ਬਿਨਾਂ ਵਜ੍ਹਾ ਕੱਸਿਆ ਜਾਂਦਾ ਹੈ।

ਅਜਿਹੀਆਂ ਕਾਰਵਾਈਆਂ ਨੂੰ ਤੁਰੰਤ ਠੱਲ੍ਹ ਪੈਣੀ ਚਾਹੀਦੀ ਹੈ। ਇਸ ਤੋਂ ਬਗੈਰ ਕੋਈ ਵੀ ਸੁਧਾਰ ਅਧੂਰਾ ਹੋਵੇਗਾ। ਇਹ ਅਸਲ ਵਿਚ ਮਾਨਵੀ ਹਕੂਕ ਦਾ ਮਸਲਾ ਹੈ। ਇਸ ਪਾਸੇ ਵੱਧ ਤੋਂ ਵੱਧ ਤਵੱਜੋ ਦੇਣ ਦੀ ਜ਼ਰੂਰਤ ਹੈ। ਵਿਚਾਰ ਅਧੀਨ ਕੈਦੀਆਂ ਬਾਰੇ ਕੇਂਦਰੀ ਗ੍ਰਹਿ ਮੰਤਰੀ ਦੇ ਬਿਆਨ ਦੀ ਸਾਰਥਿਕਤਾ ਤਦ ਹੀ ਬਣਦੀ ਹੈ ਜੇ ਇਨ੍ਹਾਂ ਨੂੰ ਬਿਨਾਂ ਕਿਸੇ ਵਿਤਕਰੇ ਦੇ ਇਨਸਾਫ ਮੁਹੱਈਆ ਕਰਵਾਇਆ ਜਾਂਦਾ ਹੈ।

ਇਤਿਹਾਸਕ ਪਿੰਡ ਝਾੜ ਸਾਹਿਬ ਵਿਖੇ ਅੱਧੀ ਰਾਤ ਨੂੰ ਨਹਿਰ ਕਿਨਾਰੇ ਸੜਕ 'ਤੇ ਹੀ 2 ਮਸੇਰੇ ਭਰਾਵਾਂ ਵਿਚਕਾਰ ਖ਼ੂਨੀ ਝੜਪ

ਮਾਛੀਵਾੜਾ ਸਾਹਿਬ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਛੀਵਾੜਾ ਨੇੜੇ ਇਤਿਹਾਸਕ ਪਿੰਡ ਝਾੜ ਸਾਹਿਬ ਵਿਖੇ ਅੱਧੀ ਰਾਤ ਨੂੰ ਸਰਹਿੰਦ ਨਹਿਰ ਕਿਨਾਰੇ ਸੜਕ 'ਤੇ ਹੀ 2 ਮਸੇਰੇ ਭਰਾਵਾਂ ਵਿਚਕਾਰ ਖ਼ੂਨੀ ਝੜਪ ਹੋ ਗਈ। ਇਸ ਦੌਰਾਨ ਇੱਕ ਭਰਾ ਨੇ ਦੂਜੇ ਭਰਾ ਦਾ ਬੇਰਹਿਮੀ ਨਾਲ ਗਲਾ ਵੱਢ ਕੇ ਕਤਲ ਕਰ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ. ਐੱਸ. ਪੀ. ਤਰਲੋਚਨ ਸਿੰਘ ਨੇ ਦੱਸਿਆ ਕਿ ਰਾਤ ਕਰੀਬ 12.50 ਵਜੇ ਮਾਛੀਵਾੜਾ ਪੁਲਸ ਥਾਣਾ ਨੂੰ ਕਾਲ ਆਈ ਕਿ ਝਾੜ ਸਾਹਿਬ ਨੇੜੇ ਖ਼ੂਨੀ ਝੜਪ ਹੋਈ ਹੈ। ਉਨ੍ਹਾਂ ਦੱਸਿਆ ਕਿ ਰਛਪਾਲ ਸਿੰਘ ਵਾਸੀ ਗੁਮਾਣਪੁਰ, ਹਲਕਾ ਮਜੀਠਾ ਆਪਣਾ ਟਰੱਕ ਲੈ ਕੇ ਲੁਧਿਆਣਾ ਤੋਂ ਬੱਦੀ ਵੱਲ ਨੂੰ ਜਾ ਰਿਹਾ ਸੀ, ਜਦਕਿ ਚਮਕੌਰ ਸਿੰਘ ਬੱਦੀ ਤੋਂ ਲੁਧਿਆਣਾ ਵੱਲ ਨੂੰ ਜਾ ਰਿਹਾ ਸੀ। ਇਹ ਦੋਵੇਂ ਝਾੜ ਸਾਹਿਬ ਵਿਖੇ ਆਪਸ ਵਿਚ ਇੱਕ-ਦੂਜੇ ਨੂੰ ਮਿਲ ਪਏ ਅਤੇ ਇਨ੍ਹਾਂ ਦਾ ਪਹਿਲਾਂ ਵੀ ਆਪਸ ਵਿਚ ਪਰਿਵਾਰਕ ਕਲੇਸ਼ ਚੱਲਿਆ ਆ ਰਿਹਾ ਹੈ, ਜੋ ਕਿ ਰਿਸ਼ਤੇ 'ਚ ਮਸੇਰੇ ਭਰਾ ਹਨ।

ਇੱਥੇ ਦੋਹਾਂ ਨੇ ਇੱਕ-ਦੂਜੇ 'ਤੇ ਕਿਰਪਾਨ ਨਾਲ ਹਮਲਾ ਕਰ ਦਿੱਤਾ ਅਤੇ ਦੋਹਾਂ ਦੀ ਸੜਕ ਵਿਚਕਾਰ ਖ਼ੂਨੀ ਝੜਪ ਹੋ ਗਈ। ਚਮਕੌਰ ਸਿੰਘ ਨੇ ਰਛਪਾਲ ਸਿੰਘ ਦੀ ਧੌਣ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ, ਜਿਸ ਕਾਰਨ ਉਸਦੀ ਜਾਨ ਚਲੀ ਗਈ, ਜਦਕਿ ਇਸ ਲੜਾਈ ਵਿਚ ਚਮਕੌਰ ਸਾਹਿਬ ਖ਼ੁਦ ਵੀ ਬੁਰੀ ਤਰ੍ਹਾਂ ਜਖ਼ਮੀ ਹੋ ਗਿਆ। ਡੀ. ਐੱਸ. ਪੀ. ਤਰਲੋਚਨ ਸਿੰਘ ਨੇ ਦੱਸਿਆ ਕਿ ਮੌਕੇ 'ਤੇ ਥਾਣਾ ਮੁਖੀ ਪਵਿੱਤਰ ਸਿੰਘ, ਚੌਕੀ ਇੰਚਾਰਜ ਸੁਖਵਿੰਦਰ ਸਿੰਘ ਤੇ ਪੁਲਸ ਪਾਰਟੀ ਪੁੱਜ ਗਈ, ਜਿਨ੍ਹਾਂ ਦੇਖਿਆ ਕਿ ਸੜਕ ਕਿਨਾਰੇ ਰਛਪਾਲ ਸਿੰਘ ਖ਼ੂਨ ਨਾਲ ਲੱਥਪਥ ਪਿਆ ਸੀ ਅਤੇ ਉਸਦੀ ਮੌਤ ਹੋ ਚੁੱਕੀ ਸੀ। ਚਮਕੌਰ ਸਿੰਘ ਨੇੜੇ ਹੀ ਜਖ਼ਮੀ ਹਾਲਤ ਵਿਚ ਪਿਆ ਸੀ।

ਪੁਲਸ ਵਲੋਂ ਰਛਪਾਲ ਸਿੰਘ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ ਅਤੇ ਉਸਦੇ ਵਾਰਸਾਂ ਨੂੰ ਸੂਚਿਤ ਕਰ ਦਿੱਤਾ ਹੈ, ਜਦਕਿ ਚਮਕੌਰ ਸਿੰਘ ਨੂੰ ਹਸਪਤਾਲ ਦਾਖ਼ਲ ਕਰਵਾ ਦਿੱਤਾ ਹੈ। ਡੀ. ਐੱਸ. ਪੀ. ਤਰਲੋਚਨ ਸਿੰਘ ਨੇ ਦੱਸਿਆ ਕਿ ਵਾਰਸਾਂ ਦੇ ਆਉਣ 'ਤੇ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਅੱਜ ਸਵੇਰੇ ਮੌਕਾ ਦੇਖਣ ਲਈ ਐੱਸ. ਐੱਸ. ਪੀ. ਖੰਨਾ ਅਸ਼ਵਨੀ ਗੋਟਿਆਲ ਵੀ ਪੁੱਜੇ ਅਤੇ ਉਨ੍ਹਾਂ ਸਾਰੀ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਮਾਛੀਵਾੜਾ ਪੁਲਸ ਅਤੇ 112 ਕਾਲ 'ਤੇ ਤੁਰੰਤ ਕਾਰਵਾਈ ਕਰਨ ਵਾਲੇ ਪੁਲਸ ਮੁਲਾਜ਼ਮਾਂ ਦੀ ਹੌਂਸਲਾ-ਅਫ਼ਜਾਈ ਕਰਦਿਆਂ ਕਿਹਾ ਕਿ ਪੁਲਸ ਨੇ ਤੁਰੰਤ ਕਾਰਵਾਈ ਕਰਕੇ ਕਤਲ ਦਾ ਮਾਮਲਾ ਸੁਲਝਾ ਲਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ 'ਚ ਮੁਲਜ਼ਮ ਚਮਕੌਰ ਸਿੰਘ ਜੋ ਕਿ ਹਸਪਤਾਲ ਦਾਖ਼ਲ ਹੈ, ਉਸ ਖ਼ਿਲਾਫ਼ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਕਤਲ ਦਾ ਮਾਮਲਾ ਦਰਜ ਕੀਤਾ ਜਾਵੇਗਾ।

ਸ਼ਾਂਤੀ ਪੂਰਵਕ ਨਪੇਰੇ ਚੜ੍ਹੀ ਬਰਨਾਲਾ ਜਿਮਨੀ ਚੋਣ

ਬਰਨਾਲਾ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਬਰਨਾਲਾ ਦੀ ਜਿਮਨੀ ਚੋਣ, ਸਵੇਰੇ 7 ਵਜੇ ਸ਼ੁਰੂ ਹੋਈ। ਜੇਕਰ ਦੇਖਿਆ ਜਾਵੇ ਤਾਂ ਪਹਿਲੀ ਵਾਰ ਹੋਵੇਗਾ ਕਿ ਇਨਾ ਵੱਡਾ ਕੰਪੀਟੀਸ਼ਨ ਪਰੰਤੂ ਇੰਨੇ ਸ਼ਾਂਤੀਪੂਰਵਕ ਮਾਹੌਲ ਨਾਲ ਨਪੇਰੇ ਚੜਨਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਜਰੂਰ ਕਰਦਾ ਹੈ। ਸਰਕਾਰ ਵੱਲੋਂ ਕੀਤੇ ਗਏ ਪ੍ਰਬੰਧਾਂ ÷ਚ ਬਜ਼ੁਰਗਾਂ ਲਈ ਅਤੇ ਦਵਿਆਂਗ ਵੋਟਰਾਂ ਲਈ ਚੇਅਰ ਵਲੰਟੀਅਰ ਪੁਲਿਸ ਪ੍ਰਸ਼ਾਸਨ ਦੇ ਪ੍ਰਬੰਧ ਸ਼ਲਾਘਾਯੋਗ ਰਹੇ ਹਨ। ਵਲੰਟੀਅਰ ਸਾਥੀਆਂ ਵੱਲੋਂ ਸਵੇਰ ਤੋਂ ਲੈ ਕੇ ਵੋਟਾਂ ਦਾ ਕੰਮ ਖਤਮ ਹੋਣ ਤੱਕ ਬੜੀ ਹੀ ਸੂਝ ਬੂਝ ਨਾਲ ਵੋਟ ਪਾਉਣ ਲਈ ਮਦਦਗਾਰ ਰਹੇ। ਜੇਕਰ ਗੱਲ ਕੀਤੀ ਜਾਵੇ ਬਰਨਾਲਾ ਹਲਕਾ ਦੀਆਂ ਵੋਟਾਂ ਦੀ ਤਾਂ ਤਕਰੀਬਨ 37000 ਦੇ ਕਰੀਬ ਵੋਟਿੰਗ ਹੋਣੀ ਸੀ ਪਰੰਤੂ ਕੁੱਲ ਵੋਟਿੰਗ ਕੇਵਲ 56% ਪ੍ਰਤੀਸ਼ਤ ਦੇ ਕਰੀਬ ਹੀ ਹੋਈ ਹੈ। ਵੋਟਿੰਗ ਪ੍ਰਤੀਸ਼ਤ ਦੀ ਜਾਣਕਾਰੀ ਬਰਨਾਲਾ ਦੇ ਸੂਚਨਾ ਵਿਭਾਗ ਵੱਲੋਂ ਸਮੇਂ-ਸਮੇਂ ਸਿਰ ਦਿੱਤੀ ਜਾਂਦੀ ਰਹੀ ਹੈ। ਜਿਸ ਦੇ ਆਧਾਰ ਤੇ ਕੁੱਲ ਵੋਟਿੰਗ ਪਰਸੈਂਟੇਜ ਦਾ ਪਤਾ ਚੱਲ ਸਕਿਆ ਹੈ। ਜੇਕਰ ਪਾਰਟੀ ਦੇ ਉਮੀਦਵਾਰਾਂ ਦੀ ਗੱਲ ਕੀਤੀ ਜਾਵੇ ਤਾਂ ਹਰੇਕ ਪਾਰਟੀ ਦੇ ਉਮੀਦਵਾਰ ਵੱਲੋਂ ਆਪਣੀ ਆਪਣੀ ਜਿੱਤ ਦਾ ਦਾਅਵਾ ਜਰੂਰ ਕੀਤਾ ਜਾ ਰਿਹਾ ਹੈ।

ਕਿਸ ਦੇ ਦਾਅਵੇ ਸੱਚੇ ਅਤੇ ਕਿਸ ਦੇ ਦਾਵੇ ਖੋਖਲੇ ਹੋਣਗੇ ਇਸ ਦੀ ਪੁਸ਼ਤੀ 23 ਤਰੀਕ ਨੂੰ ਨਤੀਜੇ ਆਉਣ ਤੋਂ ਬਾਅਦ ਹੋ ਸਕੇਗੀ।

ਬਜ਼ੁਰਗਾਂ ਅਤੇ ਦਿਵਿਆਂਗ ਵੋਟਰਾਂ ਲਈ ਕੀਤਾ ਗਿਆ ਵ੍ਹੀਲ ਚੇਅਰਾਂ ਦਾ

ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਵੱਖ ਵੱਖ ਵਾਰਡਾਂ ਦੇ ਵਸਨੀਕਾਂ ਦੀਆਂ ਸੁਣੀਆਂ ਸਮੱਸਿਆਵਾਂ

➢ ਪਾਰਕਾਂ ਅਤੇ ਸੜਕਾਂ ਦੀ ਮੁਰੰਮਤ ਕਰਵਾਉਣ ਤੇ ਦਿੱਤਾ ਜੋਰ ➢ ਹਰ ਰੋਜ ਹਰ ਮੁਹੱਲੇ ਵਿੱਚ ਹੁਣ ਸਟਰੀਟ ਲਾਈਟਾਂ ਹੋਣਗੀਆਂ ਜਗਮਗ ➢ ਇਕ ਘੰਟੇ ਵਿੱਚ ਮੋਟਰਸਾਈਕਲ ਦੀ ਭਾਲ ਕਰਨ ਤੇ ਐਸ.ਐਚ.ਓ ਦੀ ਕੀਤੀ ਸ਼ਲਾਘਾ

ਪਟਿਆਲਾ, 23 ਨਵੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ: ਬਲਬੀਰ ਸਿੰਘ ਨੇ ਅੱਜ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਵਾਰਡ ਨੰ: 4,11 ਅਤੇ 13 'ਚ ਪੈਂਦੀਆਂ ਕਲੋਨੀਆਂ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਸੁਣੀਆਂ । ਉਹਨਾਂ ਕਿਹਾ ਕਿ ਉਹ ਵੋਟਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰਦਿਆਂ ਲੋਕਾਂ ਨੂੰ ਪੂਰੀ ਤਰ੍ਹਾਂ ਸਮਰਪਿਤ ਹਨ ਅਤੇ ਉਹਨਾਂ ਦੀਆਂ ਮੁਸ਼ਕਲਾਂ ਵੀ ਹੱਲ ਕਰਨ ਲਈ ਵਚਨਬੱਧ ਹਨ।

ਡਾ: ਬਲਬੀਰ ਸਿੰਘ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਉਹਨਾਂ ਦੇ ਕੋਲ ਜਾ ਕੇ ਕੀਤੇ ਜਾ ਰਹੇ ਹਨ । ਉਹਨਾਂ ਕਿਹਾ ਕਿ ਹਰ ਮੁਹੱਲੇ ਵਿੱਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਆਪਣੀ ਨਿਗਰਾਨੀ ਹੇਠ ਮੌਕੇ ਤੇ ਹੀ ਕੀਤੇ ਜਾ ਰਹੇ ਹਨ । ਉਹਨਾਂ ਕਿਹਾ ਕਿ ਉਹ ਪਹਿਲਾਂ ਵੀ ਕਈ ਵਾਰਡਾਂ ਵਿੱਚ ਜਾ ਚੁੱਕੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਸਮੱਸਿਆਵਾਂ ਹੱਲ ਕਰਨ ਲਈ ਮੌਜੂਦ ਰਹਿਣਗੇ ।ਉਹਨਾ ਕਿਹਾ ਕਿ ਉਹਨਾਂ ਕੋਲ ਕੁੱਲ 26 ਵਾਰਡ ਹਨ , ਉਹ ਸਾਰੇ ਵਾਰਡਾਂ ਵਿੱਚ ਜਾਣਗੇ, ਇਸ ਉਪਰੰਤ ਉਹ ਵੱਖ-ਵੱਖ ਮੁਹੱਲਿਆਂ ਵਿੱਚ ਵੀ ਜਾਣਗੇ ਅਤੇ ਸਾਰੇ ਰੁਕੇ ਹੋਏ ਕੰਮਾਂ ਵਿੱਚ ਤੇਜੀ ਲਿਆਂਦੀ ਜਾਵੇਗੀ । ਇਸ ਤਰ੍ਹਾਂ ਇਹ ਕੜੀ ਨਿਰੰਤਰ ਚੱਲਦੀ ਰਹੇਗੀ ।

ਉਹਨਾਂ ਕਿਹਾ ਕਿ ਹਰੇਕ ਮੁਹੱਲੇ ਵਿੱਚ ਸਟਰੀਟ ਲਾਈਟਾਂ ਲਗਾ ਦਿੱਤੀਆਂ ਗਈਆਂ ਹਨ । ਹੁਣ ਹਰ ਰੋਜ ਹਰ ਮੁਹੱਲੇ ਵਿੱਚ ਸਟਰੀਟ ਲਾਈਟਾਂ ਜਗਮਗ ਹੋਣਗੀਆਂ । ਉਹਨਾਂ ਇਹ ਵੀ ਕਿਹਾ ਕਿ ਪਿਛਲੀ ਸਰਕਾਰ ਨੇ ਸੜਕਾਂ ਅਤੇ ਸੀਵਰੇਜ ਦੇ ਕੰਮ ਸ਼ੁਰੂ ਕਰ ਕੇ ਛੱਡੇ ਹੋਏ ਸਨ , ਹੁਣ ਉਹ ਕੰਮ ਜੰਗੀ ਪੱਧਰ ਤੇ ਸ਼ੁਰੂ ਹੋ ਗਏ ਹਨ।

ਸਿਹਤ ਮੰਤਰੀ ਨੇ ਇਸ ਮੌਕੇ ਵਾਰਡ ਨੰ: 4 ਦੇ,ਦਸ਼ਮੇਸ਼ ਨਗਰ ਬੀ,ਗੁਰਦੁਆਰਾ ਸਾਹਿਬ ਨੇੜੇ ਸਿੱਧੂ ਕਾਲੋਨੀ ਵਿਖੇ ਲੋਕਾਂ ਦੇ ਮਸਲੇ ਸੁਣ ਕੇ ਮੌਕੇ ਤੇ ਹੀ ਇਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ।ਉਨ੍ਹਾਂ ਦੇ ਨਾਲ ਨਗਰ ਨਿਗਮ ਕਮਿਸ਼ਨਰ ਡਾ: ਰਜ਼ਤ ਓਬਰਾਏ ,ਐਸ.ਡੀ.ਐਮ.ਮਨਜੀਤ ਕੌਰ,ਐਸ.ਐਮ.ਓ. ਡਾ:ਮੋਨਿਕਾ ਅਤੇ ਐਸ.ਐਚ.ਓ ਪ੍ਰਦੀਪ ਬਾਜਵਾ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ । ਜਨ ਸੁਵਿਧਾ ਕੈਂਪ ਵਿੱਚ ਸਾਰੇ ਅਫਸਰਾਂ ਦੀ ਮੌਜੂਦਗੀ ਵਿੱਚ ਸਮੱਸਿਆਵਾਂ ਦੇ ਹੱਲ ਮੌਕੇ ਤੇ ਹੀ ਕਰ ਦਿੱਤੇ ਗਏ ।ਉਹਨਾਂ ਕਿਹਾ ਕਿ ਨਗਰ ਨਿਗਮ ਦੇ ਅਫਸਰ ਵੀ ਆਪਣੀਆਂ ਸੇਵਾਵਾਂ ਇਮਾਨਦਾਰੀ ਨਾਲ ਨਿਭਾ ਰਹੇ ਹਨ । ਐਸ.ਐਚ.ਓ ਪ੍ਰਦੀਪ ਬਾਜਵਾ ਵੱਲੋਂ ਚੋਰੀ ਹੋਇਆ ਮੋਟਰ ਸਾਈਕਲ ਇਕ ਘੰਟੇ ਵਿੱਚ ਲੱਭਣ ਤੇ ਮੰਤਰੀ ਜੀ ਨੇ ਉਹਨਾਂ ਦੇ ਕੰਮ ਦੀ ਸ਼ਲਾਘਾ ਵੀ ਕੀਤੀ ।

ਸਿਹਤ ਮੰਤਰੀ ਨੇ ਵਾਰਡ ਨੰ: 11 ਗੋਬਿੰਦ ਨਗਰ ਧਰਮਸ਼ਾਲਾ ਵਿਖੇ ਅਤੇ ਵਾਰਡ ਨੰ: 13 ਐਲੀਮੈਂਟਰੀ ਸਕੂਲ ਝਿੱਲ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ ਤੇ ਹੀ ਸਮੱਸਿਆਵਾਂ ਦਾ ਹੱਲ ਕੀਤਾ ।ਉਹਨਾਂ ਕਿਹਾ ਕਿ ਪਾਰਕਾਂ ਵਿੱਚ ਖੁਸ਼ਬੂ ਵਾਲੇ ਬੂਟੇ ਲਗਾਉਣੇ ਚਾਹੀਦੇ ਹਨ ।ਉਹਨਾਂ ਨੇ ਪਾਰਕਾਂ ਵਿੱਚ ਮੈਡੀਸਨ ਪਲਾਂਟ ਲਗਾਉਣ ਤੇ ਜੋਰ ਦਿੰਦਿਆਂ ਕਿਹਾ ਕਿ ਅਜਿਹੇ ਬੂਟਿਆਂ ਦੀ ਵਰਤੋਂ ਨਾਲ ਦਵਾਈਆਂ ਦੀ ਲੋੜ ਨਹੀ ਪਵੇਗੀ। ਉਹਨਾ ਐਸ.ਐਮ.ਓ ਨੂੰ ਬੱਚਿਆਂ, ਗਰਭਵਤੀ ਔਰਤਾਂ ਅਤੇ ਬਜੁਰਗਾਂ ਦੀ ਸਿਹਤ ਦੀ ਸਮੇਂ-ਸਮੇਂ ਤੇ ਜਾਂਚ ਕਰਵਾਉਣ ਸਬੰਧੀ ਹਦਾਇਤ ਕੀਤੀ। ਉਹਨਾਂ ਐਸ.ਐਮ.ਓ ਨੂੰ ਬਜੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਦਵਾਈਆਂ ਮੁਫਤ ਦੇਣ ਲਈ ਕਿਹਾ ਅਤੇ ਮੁਫਤ ਅੱਖਾਂ ਦੀ ਜਾਂਚ ਕਰਵਾਉਣ ਦੀ ਵੀ ਹਦਾਇਤ ਕੀਤੀ।

ਇਸ ਮੌਕੇ ਜਸਬੀਰ ਗਾਂਧੀ ਆਫਿਸ ਇੰਚਾਰਜ, ਬਲਾਕ ਪ੍ਰਧਾਨ ਮਨਦੀਪ ਵਿਰਦੀ, ਸੰਚਾਲਕ ਬਲਜਿੰਦਰ ਢਿਲੋਂ , ਵੂਮੈਨ ਵਿੰਗ ਪ੍ਰੀਤੀ ਮਲਹੋਤਰਾ ਆਪ ਪੰਜਾਬ ਪ੍ਰਧਾਨ, ਲਾਲ ਸਿੰਘ , ਰੁਪਿੰਦਰ ਤੁਰਨਾ, ਚੇਅਰਮੈਨ ਪੰਜਾਬ ਸਟੇਟ ਤਕਨੀਕੀ ਸਿੱਖਿਆ ਬੋਰਡ ਜੇ.ਪੀ.ਸਿੰਘ, ਸੰਚਾਲਕ ਦੀਪਕ ਮਿੱਤਲ , ਸੰਚਾਲਕ ਰਾਜ ਵਿਕਰਾਂਤ ਸੰਧੂ , ਨੰਬਰਦਾਰ ਭੁਪਿੰਦਰ ਸਿੰਘ ਅਤੇ ਬਲਾਕ ਪ੍ਰਧਾਨ ਦਵਿੰਦਰ ਕੌਰ ਸ਼ਾਮਲ ਸਨ।

ਜ਼ਿਲ੍ਹਾ ਪ੍ਰਸ਼ਾਸਨ ਵੱਲੋ ਐਮ.ਸੀ ਚੋਣਾਂ ਲਈ ਈ.ਆਰ.ਓ ਅਤੇ ਏ.ਈ.ਆਰ.ਓ. ਕੀਤੇ ਨਿਯੁਕਤ

23 ਅਤੇ 24 ਨਵੰਬਰ ਨੂੰ ਲਗਾਇਆ ਜਾਵੇਗਾ ਵਿਸ਼ੇਸ਼ ਵੋਟਰ ਕੈਂਪ : ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ

ਲੁਧਿਆਣਾ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਪ੍ਰਸ਼ਾਸਨ ਨੇ ਲੁਧਿਆਣਾ ਨਗਰ ਨਿਗਮ ਦੇ ਅਧਿਕਾਰ ਖੇਤਰ ਵਿੱਚ ਪੈਂਦੇ ਸਾਰੇ 95 ਵਾਰਡਾਂ ਅਤੇ ਮਾਛੀਵਾੜਾ, ਮਲੌਦ, ਮੁੱਲਾਂਪੁਰਾ ਦਾਖਾ, ਸਾਹਨੇਵਾਲ, ਖੰਨਾ ਅਤੇ ਸਮਰਾਲਾ ਦੀਆਂ ਨਗਰ ਕੌਂਸਲਾਂ ਵਿੱਚ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਈ.ਆਰ.ਓ.) ਅਤੇ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਏ.ਈ.ਆਰ.ਓ.) ਨਿਯੁਕਤ ਕੀਤੇ ਹਨ। ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਨਿਰਪੱਖ, ਸ਼ਾਂਤੀਪੂਰਨ, ਸੁਤੰਤਰ ਅਤੇ ਨਿਰਪੱਖ ਚੋਣਾਂ ਕਰਵਾਉਣ ਦੇ ਮਕਸਦ ਨਾਲ ਇਹ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ। ਉਹਨਾਂ ਕਿਹਾ ਕਿ ਲੋਕ ਇਨ੍ਹਾਂ ਈ.ਆਰ.ਓਜ਼ ਅਤੇ ਏ.ਈ.ਆਰ.ਓਜ਼ ਨਾਲ ਫਾਰਮ 7 - ਜੋੜ, ਫਾਰਮ 8 - ਇਤਰਾਜ ਲਈ, ਫਾਰਮ 9 - ਸੋਧ ਕਰਨ ਲਈ, ਫਾਰਮ 17 - ਵੋਟ ਬਦਲੀ ਲਈ ਅਤੇ ਫਾਰਮ 18 - ਵੋਟ ਕਟਵਾਉਣ ਲਈ ਜਮ੍ਹਾਂ ਕਰਵਾ ਸਕਦੇ ਹਨ।

ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ 23 ਅਤੇ 24 ਨਵੰਬਰ ਨੂੰ ਸਾਰੇ ਬੂਥਾਂ 'ਤੇ ਸਵੇਰੇ 9:30 ਵਜੇ ਤੋਂ ਸ਼ਾਮ 5:30 ਵਜੇ ਤੱਕ ਰਜਿਸਟਰੇਸ਼ਨ, ਸੁਧਾਰ ਅਤੇ ਮਿਟਾਉਣ ਲਈ ਵਿਸ਼ੇਸ਼ ਵੋਟਰ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਬੂਥ 'ਤੇ ਬੀ.ਐਲ.ਓਜ਼ ਮੌਜੂਦ ਰਹਿਣਗੇ।

ਲੁਧਿਆਣਾ ਨਗਰ ਨਿਗਮ ਚੋਣਾਂ ਲਈ ਵਾਰਡ (2 ਤੋਂ 7) ਅਤੇ (11 ਤੋਂ 15) ਲਈ ਐਸ.ਡੀ.ਐਮ ਪੂਰਬੀ ਰੋਹਿਤ ਗੁਪਤਾ (98150-08658) ਈ.ਆਰ.ਓ ਹਨ ਅਤੇ ਨਾਇਬ ਤਹਿਸੀਲਦਾਰ ਪਰਮਪਾਲ ਸਿੰਘ (95018-80008) ਏ.ਈ.ਆਰ.ਓ ਹਨ।

ਵਾਰਡ (16 ਤੋਂ 20), (21 ਤੋਂ 25) ਅਤੇ (26) ਲਈ ਏ.ਸੀ.ਏ ਗਲਾਡਾ ਵਿਨੀਤ ਕੁਮਾਰ (70870-84857) ਈ.ਆਰ.ਓ ਹਨ ਅਤੇ ਕਾਰਜਕਾਰੀ ਇੰਜੀਨੀਅਰ ਸਰਬਜੀਤ ਸਿੰਘ (8146007755) ਏ.ਈ.ਆਰ.ਓ ਹਨ ।

ਵਾਰਡ (27), (31 ਤੋਂ 39) ਅਤੇ (43) ਲਈ ਐਸ.ਡੀ.ਐਮ ਪਾਇਲ ਪਰਦੀਪ ਸਿੰਘ ਬੈਂਸ (98558-00024) ਈ.ਆਰ.ਓ ਹਨ ਅਤੇ ਡੀ.ਡੀ.ਪੀ.ਓ ਨਵਦੀਪ ਕੌਰ (80545-40919) ਏ.ਈ.ਆਰ.ਓ ਹਨ।

ਵਾਰਡ (40 ਤੋਂ 42) ਅਤੇ (44 ਤੋਂ 51) ਲਈ ਐਸ.ਡੀ.ਐਮ ਪੱਛਮੀ ਪੂਨਮਪ੍ਰੀਤ ਕੌਰ (96465-01343) ਈ.ਆਰ.ਓ ਹਨ ਅਤੇ ਤਹਿਸੀਲਦਾਰ ਰੇਸ਼ਮ ਸਿੰਘ (98781-36437) ਏ.ਈ.ਆਰ.ਓ ਹਨ।

ਵਾਰਡ (30), (52), (74 ਤੋਂ 80) ਅਤੇ (82) ਲਈ ਸਕੱਤਰ ਆਰ.ਟੀ.ਏ ਕੁਲਦੀਪ ਬਾਵਾ (98157-11006) ਈ.ਆਰ.ਓ ਹਨ ਅਤੇ ਸੀ.ਏ.ਓ ਪ੍ਰਕਾਸ਼ ਸਿੰਘ (84272-00330) ਏ.ਈ.ਆਰ.ਓ ਹਨ।

ਵਾਰਡ (1) ਅਤੇ (86 ਤੋਂ 95) ਲਈ ਈ.ਓ ਗਲਾਡਾ ਅਮਨ ਗੁਪਤਾ (9988802562) ਈ.ਆਰ.ਓ ਹਨ ਅਤੇ ਕਾਰਜਕਾਰੀ ਇੰਜੀਨੀਅਰ ਯਾਦਵਿੰਦਰ ਸਿੰਘ (9779918189) ਏ.ਈ.ਆਰ.ਓ ਹਨ।

ਵਾਰਡ (8), (9-10), (28-29), (81) ਅਤੇ (83 ਤੋਂ 85) ਲਈ ਐਸ.ਡੀ.ਐਮ ਸਮਰਾਲਾ ਰਜਨੀਸ਼ ਅਰੋੜਾ (88474-19946) ਈ.ਆਰ.ਓ ਹਨ ਅਤੇ ਡੀ.ਡੀ.ਐਮ.ਓ ਸੁਭਾਸ਼ ਕੁਮਾਰ (9988471822) ਏ.ਈ.ਆਰ.ਓ ਹਨ।

ਵਾਰਡ (63 ਤੋਂ 65), (66 ਤੋਂ 68), 69, 70 ਅਤੇ (71 ਤੋਂ 73) ਲਈ ਐਸ.ਡੀ.ਐਮ ਜਗਰਾਉਂ ਸਿਮਰਨਦੀਪ ਸਿੰਘ (80510-13103) ਈ.ਆਰ.ਓ ਹਨ ਅਤੇ ਤਹਿਸੀਲਦਾਰ ਰਣਜੀਤ ਸਿੰਘ (77103-50805) ਏ.ਈ.ਆਰ.ਓ ਹਨ।

ਵਾਰਡ (53 ਤੋਂ 62) ਲਈ ਐਸ.ਡੀ.ਐਮ ਖੰਨਾ ਡਾ. ਬਲਜਿੰਦਰ ਸਿੰਘ ਢਿੱਲੋਂ (81468-00028) ਈ.ਆਰ.ਓ ਹਨ ਅਤੇ ਕਾਰਜਕਾਰੀ ਇੰਜੀਨੀਅਰ ਜਤਿਨ ਸਿੰਗਲਾ (98153-24258) ਏ.ਈ.ਆਰ.ਓ ਹਨ।

ਨਗਰ ਕੌਂਸਲ ਮਾਛੀਵਾੜਾ - ਤਹਿਸੀਲਦਾਰ ਕਰਮਜੋਤ ਸਿੰਘ (84486-36143) ਈ.ਆਰ.ਓ ਹਨ ਅਤੇ ਨਾਇਬ ਤਹਿਸੀਲਦਾਰ ਦਲਵਿੰਦਰ ਸਿੰਘ (9878000379) ਏ.ਈ.ਆਰ.ਓ ਹਨ।

ਮਲੌਦ- ਤਹਿਸੀਲਦਾਰ ਗੁਰਪ੍ਰੀਤ ਸਿੰਘ ਢਿੱਲੋਂ (98142-91917) ਈ.ਆਰ.ਓ ਹਨ ਅਤੇ ਨਾਇਬ ਤਹਿਸੀਲਦਾਰ ਵਿਕਾਸਦੀਪ (99157-04778) ਏ.ਈ.ਆਰ.ਓ ਹਨ।

ਮੁੱਲਾਂਪੁਰ ਦਾਖਾ- ਤਹਿਸੀਲਦਾਰ ਜਸਗਸੀਰ ਸਿੰਘ (80541-00059) ਈ.ਆਰ.ਓ ਹਨ ਅਤੇ ਨਾਇਬ ਤਹਿਸੀਲਦਾਰ ਅਭਿਸ਼ੇਕ ਚੰਦਰ (97802-00015) ਏ.ਈ.ਆਰ.ਓ ਹਨ।

ਸਾਹਨੇਵਾਲ- ਏ.ਈ.ਟੀ.ਸੀ. ਦੀਪਕ ਭਾਟੀਆ (81461-95700) ਈ.ਆਰ.ਓ ਹੈ ਅਤੇ ਤਹਿਸੀਲਦਾਰ ਪਰਮਪਾਲ ਸਿੰਘ (95018-80008) ਏ.ਈ.ਆਰ.ਓ ਹਨ।

ਖੰਨਾ- ਬੀ.ਡੀ.ਪੀ.ਓ ਪਿਆਰ ਸਿੰਘ (81466-18369) ਈ.ਆਰ.ਓ ਹਨ ਅਤੇ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ (97796-00043) ਏ.ਈ.ਆਰ.ਓ ਹਨ।

ਸਮਰਾਲਾ- ਬੀ.ਡੀ.ਪੀ.ਓ ਲੈਨਿਨ ਗਰਗ (98725-21300) ਈ.ਆਰ.ਓ ਹਨ ਅਤੇ ਨਾਇਬ ਤਹਿਸੀਲਦਾਰ ਰਵਿੰਦਰਜੀਤ ਕੌਰ (82840-75171) ਏ.ਈ.ਆਰ.ਓ ਹਨ।

12,07,816 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ : ਡਿਪਟੀ ਕਮਿਸ਼ਨਰ

ਬਠਿੰਡਾ 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 12,07,816 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ, ਜਿਨ੍ਹਾਂ 'ਚੋਂ 11,04,378 ਮੀਟ੍ਰਿਕ ਟਨ ਝੋਨਾ ਵੱਖ-ਵੱਖ ਖਰੀਦ ਏਜੰਸੀਆਂ ਵਲੋਂ ਖਰੀਦਿਆ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਫੂਡ ਸਪਲਾਈ ਵਿਭਾਗ ਦੇ ਅਧਿਕਾਰੀਆਂ ਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਝੋਨੇ ਦੀ ਖਰੀਦ ਤੇ ਚੁਕਾਈ ਦੇ ਪ੍ਰਬੰਧਾਂ ਸਬੰਧੀ ਸਮੀਖਿਆ ਮੀਟਿੰਗ ਦੌਰਾਨ ਸਾਂਝੀ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਨਗ੍ਰੇਨ ਨੇ 4,70,596 ਮੀਟ੍ਰਿਕ ਟਨ, ਮਾਰਕਫੈੱਡ ਨੇ 2,71,561 ਮੀਟ੍ਰਿਕ ਟਨ, ਪਨਸਪ ਨੇ 2,33,872 ਮੀਟ੍ਰਿਕ ਟਨ ਤੇ ਪੰਜਾਬ ਵੇਅਰ ਹਾਊਸ ਨੇ 1,28,349 ਮੀਟ੍ਰਿਕ ਟਨ ਝੋਨਾ ਖਰੀਦਿਆਂ।

ਉਨ੍ਹਾਂ ਅੱਗੇ ਹੋਰ ਦੱਸਿਆ ਕਿ ਕਿਸਾਨਾਂ ਨੂੰ 18 ਨਵੰਬਰ ਤੱਕ 2392.85 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।

ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਸਖਤ ਆਦੇਸ਼ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਚੋਂ ਝੋਨੇ ਦੀ ਜਲਦ ਤੋਂ ਜਲਦ ਚੁਕਾਈ ਕਰਵਾ ਕੇ ਮੰਡੀਆਂ ਨੂੰ ਖਾਲੀ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਝੋਨੇ ਦੀ ਖਰੀਦ ਤੇ ਚੁਕਾਈ 'ਚ ਹੋਰ ਤੇਜ਼ੀ ਲਿਆਂਦੀ ਜਾਵੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਆਪਣੀ ਫਸਲ ਵੇਚਣ 'ਚ ਕੋਈ ਦਿੱਕਤ ਨਾ ਆਵੇ।

ਲੁਧਿਆਣਾ ਵਿਖੇ ਪੰਜਾਬ ਸਕੂਲ ਸਟੇਟ ਅਥਲੈਟਿਕਸ ਵਿੱਚ ਸਟੀਫਨ ਇੰਟਰਨੈਸ਼ਨਲ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

ਲੁਧਿਆਣਾ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਕੂਲ ਸਟੇਟ ਐਥਲੈਟਿਕਸ 2024 ਸਟੀਫਨ ਇੰਟਰਨੈਸ਼ਨਲ ਸਕੂਲ ਨੇ ਇਕ ਵਾਰ ਫਿਰ ਆਪਣੀ ਅਕਾਦਮਿਕ ਅਤੇ ਸਹਿ-ਪਾਠਕ੍ਰਮ ਉੱਤਮਤਾ ਦਾ ਪ੍ਰਦਰਸ਼ਨ ਕੀਤਾ।

ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਬੇਮਿਸਾਲ ਪ੍ਰਤਿਭਾ ਅਤੇ ਲਗਨ ਦਾ ਪ੍ਰਦਰਸ਼ਨ ਕੀਤਾ। ਸਹਿਨੂਰ ਬਾਵਾ ਨੇ ਰਿਲੇਅ ਅਤੇ ਰਿਲੇਅ ਵਿੱਚ ਦੋ ਕਾਂਸੀ ਦੇ ਤਗਮੇ ਜਿੱਤੇ।

ਇਹ ਪ੍ਰਾਪਤੀ ਉੱਤਮਤਾ ਅਤੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਮਾਨਯੋਗ ਚੇਅਰਮੈਨ ਸ਼੍ਰੀ ਦੀਪਕ ਗੁਪਤਾ ਅਤੇ ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ, ÷ਉਨ੍ਹਾਂ ਦੀ ਮਿਹਨਤ ਅਤੇ ਸੰਘਰਸ਼ ਰੰਗ ਲਿਆਇਆ ਹੈ, ਅਤੇ ਅਸੀਂ ਉਨ੍ਹਾਂ ਦੀ ਨਿਰੰਤਰ ਸਫਲਤਾ ਦੀ ਕਾਮਨਾ ਕਰਦੇ ਹਾਂ।

ਇਹ ਪ੍ਰਾਪਤੀ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੇ ਪਾਲਣ ਪੋਸ਼ਣ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਟੀਫਨ ਇੰਟਰਨੈਸ਼ਨਲ ਸਕੂਲ ਦੀ ਸਾਖ ਨੂੰ ਹੋਰ ਮਜ਼ਬੂਤ ਕਰਦੀ ਹੈ।

ਕੋਚ ਸ੍ਰੀ ਜਸਪ੍ਰੀਤ ਦੀ ਰਹਿਨੁਮਾਈ ਹੇਠ, ਉਸਦੀ ਜਿੱਤ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਉਸਦੇ ਸਾਥੀਆਂ ਨੂੰ ਪ੍ਰੇਰਿਤ ਕੀਤਾ ਹੈ।

ਸਹਿਨੂਰ ਦੀ ਪ੍ਰਾਪਤੀ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੇ ਪਾਲਣ ਪੋਸ਼ਣ ਲਈ ਸਕੂਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ, ਸ਼੍ਰੀਮਤੀ ਸ਼ਰਮਾ ਨੇ ਕਿਹਾ। ਅਸੀਂ ਆਪਣੇ ਵਿਦਿਆਰਥੀਆਂ ਨੂੰ ਅਕਾਦਮਿਕਤਾ ਤੋਂ ਪ

ਨਸ਼ਿਆਂ ਵਿਰੁੱਧ ਸੰਪਰਕ ਮੁਹਿੰਮ ਤਹਿਤ ਪਬਲਿਕ ਵੱਧ ਤੋਂ ਵੱਧ ਜੁੜ ਕੇ ਨਸ਼ਿਆਂ ਵਿਰੁੱਧ ਲਾਮਬੰਦ ਹੋਵੇ: ਡੀ ਐਸ ਪੀ ਅੱਛਰੂ ਰਾਮ ਸ਼ਰਮਾ

ਪਟਿਆਲਾ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਪਟਿਆਲਾ ਪੁਲਿਸ ਸਾਂਝ ਕੇਂਦਰ ਪਟਿਆਲਾ ਵਲੋਂ ਨਵੇਂ ਸ਼ੁਰੂ ਹੋਏ ਸੰਪਰਕ ਪ੍ਰੋਗਰਾਮ ਤਹਿਤ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਮੈਡਮ ਗੁਰਪ੍ਰੀਤ ਕੌਰ ਦਿਉ ਦੀ ਸਰਪ੍ਰਸਤੀ ਅਤੇ ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ, ਐਸ ਐਸ ਪੀ ਪਟਿਆਲਾ ਡਾ. ਨਾਨਕ ਸਿੰਘ, ਐਸ ਪੀ ਹੈਡਕੁਆਰਟਰ ਅਤੇ ਨੋਡਲ ਅਫ਼ਸਰ ਜ਼ਿਲ੍ਹਾ ਸਾਂਝ ਕੇਂਦਰ ਹਰਵੰਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਾ ਮੁਕਤ ਭਾਰਤ ਅਭਿਆਨ, ਰੰਗਲਾ ਪੰਜਾਬ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਗਾਜੇਵਾਸ ਵਿਖੇ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਐਸ ਡੀ ਐਮ ਸਮਾਣਾ ਤਰਸੇਮ ਬਾਂਸਲ ਅਤੇ ਡੀ ਐਸ ਪੀ ਟ੍ਰੈਫਿਕ ਅੱਛਰੂ ਰਾਮ ਸ਼ਰਮਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗੁਰਦੇਵ ਸਿੰਘ ਟਿਵਾਣਾ ਪੀ ਏ ਐਮ ਐਲ ਏ ਸਮਾਣਾ ਚੇਤਨ ਸਿੰਘ ਜੋੜੇਮਾਜਰਾ ਨੇ ਕੀਤੀ। ਇਸ ਮੌਕੇ ਐਸ ਆਈ ਅਵਤਾਰ ਸਿੰਘ ਐਸ ਐਚ ਓ ਸਦਰ ਸਮਾਣਾਂ ਨੇ ਸਾਰੇ ਆਏਂ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ। ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ, ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਮੈਂਬਰ ਵੂਮੈਨ ਕੌਂਸਲਿੰਗ ਸੈੱਲ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਂਝ ਕੇਂਦਰ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗੁਰਨੈਬ ਸਿੰਘ ਸਰਪੰਚ ਫਤਿਹਗੜ੍ਹ ਛੰਨਾ, ਅਵਤਾਰ ਸਿੰਘ ਧਾਲੀਵਾਲ ਸ਼ੇਰਪੁਰ, ਸਰਬਜੀਤ ਸਿੰਘ ਸਰਪੰਚ ਗਾਜੇਵਾਸ, ਬਲਕਾਰ ਸਿੰਘ ਸਰਪੰਚ ਨਮਾਦਾ, ਸੰਦੀਪ ਸਿੰਘ ਸਰਪੰਚ ਬੰਮਣਾ, ਗੁਰਵੀਰ ਸਿੰਘ ਸਰਪੰਚ ਖਤਰੀਵਾਲਾ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਐਸ ਡੀ ਐਮ ਸਮਾਣਾਂ ਤਰਸੇਮ ਬਾਂਸਲ ਅਤੇ ਡੀ ਐਸ ਪੀ ਟ੍ਰੈਫਿਕ ਪਟਿਆਲਾ ਅੱਛਰੂ ਰਾਮ ਸ਼ਰਮਾ ਨੇ ਕਿਹਾ ਕੀ ਸਾਂਝ ਕੇਂਦਰ ਪਟਿਆਲਾ ਨੌਜਵਾਨਾਂ ਅਤੇ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਲੜੀਵਾਰ ਪ੍ਰੋਗਰਾਮ ਆਯੋਜਿਤ ਕਰ ਰਹੀ ਹੈ ਤਾਂ ਜੋ ਨੌਜਵਾਨਾਂ ਅਤੇ ਪਬਲਿਕ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖੋਖਲਾ ਕਰਦੇ ਜਾਂ ਰਹੇ ਹਨ ਜੋਂ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ।

ਉਹਨਾਂ ਕਿਹਾ ਕਿ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਨੌਜਵਾਨਾਂ ਨੂੰ ਬਾਹਰ ਕੱਢਣ ਲਈ ਉਹਨਾਂ ਦੇ ਪਰਿਵਾਰਾਂ ਦੇ ਸਹਿਯੋਗ ਦੇ ਨਾਲ-ਨਾਲ ਨੌਜਵਾਨਾਂ ਦੀ ਕੌਂਸਲਿੰਗ ਵੀ ਜ਼ਰੂਰੀ ਹੈ ਤਾਂ ਜੋ ਉਹਨਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਿਆ ਜਾ ਸਕੇ। ਉਹਨਾਂ ਕਿਹਾ ਕਿ ਨਸ਼ਿਆਂ ਵਿਰੁੱਧ ਪੰਜਾਬ ਪੁਲਿਸ ਵੱਲੋਂ ਛੇੜੀ ਲੜਾਈ ਵਿਚ ਪਬਲਿਕ ਦਾ ਸਹਿਯੋਗ ਜ਼ਰੂਰੀ ਹੈ। ਇਸ ਮੌਕੇ ਡਰੱਗ ਫਰੀ ਵਲਰਡ ਕੈਲੋਫੋਰਨੀਆਂ ਅਮਰੀਕਾ ਵਲੋਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਕਿਤਾਬਾਂ ਵੀ ਵੰਡੀਆਂ ਗਈਆਂ।

ਸਾਂਝ ਕੇਂਦਰ ਪਟਿਆਲਾ ਵਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦੋਰਾਨ ਪਹੁੰਚੇ ਡੀ ਐਸ ਪੀ ਅੱਛਰੂ ਰਾਮ ਸ਼ਰਮਾ, ਐਸ ਆਈ ਅਵਤਾਰ ਸਿੰਘ, ਸੁਖਜਿੰਦਰ ਸਿੰਘ, ਪਰਮਿੰਦਰ ਭਲਵਾਨ, ਜਤਵਿੰਦਰ ਗਰੇਵਾਲ ਅਤੇ ਹੋਰ

ਚੰਡੀਗੜ੍ਹ 'ਚ ਵਿਧਾਨ ਸਭਾ ਦੀ ਵੱਖਰੀ ਇਮਾਰਤ ਲਈ ਸਿਆਸੀ ਪਾਰਟੀਆਂ ਇਕਜੁੱਟ

ਚੰਡੀਗੜ੍ਹ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਹਰਿਆਣਾ ਵਿਧਾਨ ਸਭਾ ਦੀ ਵੱਖਰੀ ਇਮਾਰਤ ਬਣਾਉਣ ਲਈ 10 ਏਕੜ ਜ਼ਮੀਨ ਦੇਣ ਦੀ ਤਜਵੀਜ਼ ਦਾ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਵੱਲੋਂ ਵਿਰੋਧ ਕਰਨ ਤੋਂ ਬਾਅਦ ਅੱਜ ਹਰਿਆਣਾ ਦੀਆਂ ਸਾਰੀਆਂ ਪਾਰਟੀਆਂ ਜ਼ਮੀਨ ਲੈਣ ਲਈ ਇੱਕ-ਸੁਰ ਹੋ ਗਈਆਂ ਹਨ। ਉਨ੍ਹਾਂ ਅੱਜ ਚੰਡੀਗੜ੍ਹ 'ਚ ਹਰਿਆਣਾ ਵਿਧਾਨ ਸਭਾ ਦੀ ਵੱਖਰੀ ਇਮਾਰਤ ਦੀ ਉਸਾਰੀ ਲਈ ਇਕੱਠੇ ਹੋ ਕੇ ਆਵਾਜ਼ ਚੁੱਕਣ ਦਾ ਫ਼ੈਸਲਾ ਕੀਤਾ ਹੈ।

ਹਰਿਆਣਾ ਵਿਧਾਨ ਸਭਾ ਦੇ ਆਖਰੀ ਦਿਨ ਕਾਂਗਰਸੀ ਵਿਧਾਇਕ ਅਸ਼ੋਕ ਅਰੋੜਾ ਨੇ ਚੰਡੀਗੜ੍ਹ ਵਿੱਚ ਹਰਿਆਣਾ ਵਿਧਾਨ ਸਭਾ ਦੀ ਵੱਖਰੀ ਇਮਾਰਤ ਲਈ ਜ਼ਮੀਨ ਦੇਣ ਸਬੰਧੀ ਮੁੱਦਾ ਚੁੱਕਿਆ। ਇਸ ਦੇ ਜਵਾਬ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਬਹੁਤ ਸੰਵੇਦਨਸ਼ੀਲ ਮੁੱਦਾ ਹੈ। ਇਸ 'ਤੇ ਹਰਿਆਣਾ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਸਿਆਸਤ ਤੋਂ ਉੱਪਰ ਉੱਠ ਕੇ ਇਕ ਮੰਚ 'ਤੇ ਇਕੱਠੇ ਹੋ ਕੇ ਵਿਚਾਰ ਪੇਸ਼ ਕਰਨੇ ਚਾਹੀਦੇ ਹਨ। ਇਸ ਦੌਰਾਨ ਕਾਂਗਰਸ ਸਣੇ ਸਾਰੀਆਂ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਸੂਬਾ ਸਰਕਾਰ ਨੂੰ ਹਮਾਇਤ ਦੇਣ ਦਾ ਫ਼ੈਸਲਾ ਕੀਤਾ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਚੰਡੀਗੜ੍ਹ 'ਚ ਹਰਿਆਣਾ ਵਿਧਾਨ ਸਭਾ ਦੀ ਉਸਾਰੀ ਲਈ ਜ਼ਮੀਨ ਦੇ ਮੁੱਦੇ 'ਤੇ ਆਲ ਪਾਰਟੀ ਮੀਟਿੰਗ ਸੱਦੀ ਜਾਵੇਗੀ, ਜਿਸ ਵਿੱਚ ਵਿਚਾਰ-ਚਰਚਾ ਤੋਂ ਬਾਅਦ ਅਗਲੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਸੈਣੀ ਨੇ ਕਿਹਾ ਕਿ ਪੰਜਾਬ ਦੇ ਸਿਆਸੀ ਆਗੂਆਂ ਨੇ ਪਹਿਲਾਂ ਵੀ ਐੱਸਵਾਈਐੱਲ ਦੇ ਮੁੱਦੇ 'ਤੇ ਸਿਆਸਤ ਕੀਤੀ ਹੈ, ਜਿਸ ਕਾਰਨ ਹਰਿਆਣਾ ਦੇ ਕਿਸਾਨਾਂ ਨੂੰ ਉਨ੍ਹਾਂ ਦੇ ਹੱਕ ਦਾ ਪਾਣੀ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਕਹਿਣ ਦੇ ਬਾਵਜੂਦ ਹਰਿਆਣਾ ਦੇ ਕਿਸਾਨਾਂ ਨੂੰ ਐੱਸਵਾਈਐੱਲ ਦਾ ਪਾਣੀ ਨਹੀਂ ਦਿੱਤਾ ਗਿਆ। ਇਸੇ ਤਰ੍ਹਾਂ ਹੁਣ ਪੰਜਾਬ ਦੇ ਸਿਆਸੀ ਆਗੂ ਚੰਡੀਗੜ੍ਹ 'ਚ ਹਰਿਆਣਾ ਵਿਧਾਨ ਸਭਾ ਦੀ ਵੱਖਰੀ ਇਮਾਰਤ ਦੀ ਉਸਾਰੀ ਦੇ ਵਿਸ਼ਾ 'ਤੇ ਵੀ ਸਵਾਲੀਆ ਨਿਸ਼ਾਨ ਖੜ੍ਹੇ ਕਰ ਰਹੇ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਸੂਬੇ 'ਚ ਕਿਸਾਨਾਂ ਦੇ ਖੇਤਾਂ 'ਚੋਂ ਲੰਘਣ ਵਾਲੀਆਂ ਬਿਜਲੀ ਦੀਆਂ ਲਾਈਨਾਂ ਲਈ ਮੁਆਵਜ਼ਾ ਨੀਤੀ ਤਿਆਰ ਕੀਤੀ ਹੈ। ਇਸ ਨੀਤੀ ਤਹਿਤ ਕਿਸਾਨਾਂ ਨੂੰ ਟਾਵਰ ਏਰੀਆ ਦੀ ਜ਼ਮੀਨ ਲਈ ਬਾਜ਼ਾਰ ਦੀ ਕੀਮਤ ਦਾ 200 ਫ਼ੀਸਦ ਵੱਧ ਮੁਆਵਜ਼ਾ ਦਿੱਤਾ ਜਾਵੇਗਾ।

ਹਰਿਆਣਾ ਵਿਧਾਨ ਸਭਾ ਦੇ ਸਰਦ ਰੁੱਤ ਸੈਸ਼ਨ ਦੇ ਆਖਰੀ ਦਿਨ 6 ਬਿੱਲ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਵਿਚਾਰ-ਚਰਚਾ ਕਰਨ ਤੋਂ ਬਾਅਦ ਪਾਸ ਕਰ ਦਿੱਤਾ ਗਿਆ। ਇਨ੍ਹਾਂ ਵਿੱਚ ਹਰਿਆਣਾ ਐਕਸਟੈਂਸ਼ਨ ਲੈਕਚਰਾਰ ਤੇ ਗੈਸਟ ਲੈਕਚਰਾਰ ਦੀ ਨੌਕਰੀ ਦੀ ਸੁਰੱਖਿਆ ਸਬੰਧੀ ਬਿੱਲ, ਹਰਿਆਣਾ ਤਕਨੀਕੀ ਸਿੱਖਿਆ ਗੈਸਟ ਫੈਕਲਟੀ ਦੀ ਨੌਕਰੀ ਦੀ ਸੁਰੱਖਿਆ ਸਬੰਧੀ ਬਿੱਲ, ਹਰਿਆਣਾ ਲੀਜ਼ ਆਫ਼ ਐਗਰੀਕਲਚਰਲ ਲੈਂਡ ਬਿੱਲ, ਹਰਿਆਣਾ ਮਾਲ ਤੇ ਸੇਵਾ ਕਰ ਬਿੱਲ ਅਤੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਸਬੰਧੀ (ਹਰਿਆਣਾ ਸੋਧ) ਬਿੱਲ ਸ਼ਾਮਲ ਹਨ।

ਹਰਿਆਣਾ ਵਿਧਾਨ ਸਭਾ ਦੇ ਆਖਰੀ ਦਿਨ 'ਹਰਿਆਣਾ ਖੇਤੀ ਭੂਮੀ ਪੱਟਾ ਬਿੱਲ' ਪਾਸ ਕਰ ਦਿੱਤਾ ਗਿਆ ਹੈ। ਇਸ ਬਿੱਲ ਦੇ ਪਾਸ ਹੋਣ ਨਾਲ ਹਰਿਆਣਾ ਵਿੱਚ 20 ਸਾਲਾਂ ਤੋਂ ਸ਼ਾਮਲਾਤ ਜ਼ਮੀਨਾਂ 'ਤੇ ਖੇਤੀ ਕਰਨ ਵਾਲੇ ਅਤੇ ਮਕਾਨ ਬਣਾ ਕੇ ਰਹਿਣ ਵਾਲੇ ਕਿਸਾਨਾਂ ਨੂੰ ਹੁਣ ਮਾਲਿਕਾਨਾ ਹੱਕ ਮਿੱਲ ਸਕੇਗਾ। ਮਾਲਿਕਾਨਾ ਹੱਕ ਲੈਣ ਲਈ ਕਿਸਾਨਾਂ ਨੂੰ ਬਾਜ਼ਾਰ ਕੀਮਤ ਦੇ ਬਰਾਬਰ ਜ਼ਮੀਨ ਦਾ ਮੁੱਲ ਦੇਣਾ

ਲੋਕ ਗਾਇਕੀ ਨੂੰ ਸਮਰਪਿਤ ਗਾਇਕਾ ਅਨੁਜੋਤ ਕੌਰ

ਉਹ ਰੂਹਾਂ ਬਹੁਤ ਸੁਭਾਗੀਆਂ ਹੁੰਦੀਆਂ ਹਨ ਜਿਨ੍ਹਾਂ ਦੀ ਜ਼ਿੰਦਗੀ ਦੇ ਹਰ ਪੜਾਅ 'ਤੇ ਉਨ੍ਹਾਂ ਦੀ ਅਗਵਾਈ ਅਤੇ ਰਾਖੀ ਕਰਨ ਵਾਲੇ ਪਰਮ ਪ੍ਰਮਾਤਮਾ ਦਾ ਹੱਥ ਉਨ੍ਹਾਂ ਦੇ ਸਿਰ 'ਤੇ ਰਹਿੰਦਾ ਹੈ। ਅਜਿਹੀ ਰੂਹਾਨੀ ਸ਼ਖਸੀਅਤ ਹੈ ਅਨੁਜੋਤ ਕੌਰ ਜੋ ਨਾ ਸਿਰਫ ਇੱਕ ਬਹੁਤ ਹੀ ਪ੍ਰਤਿਭਾਸ਼ਾਲੀ ਗਾਇਕਾ ਹੈ ਸਗੋਂ ਇੱਕ ਅਧਿਆਤਮਿਕ ਗਿਆਨ ਵਾਲੀ, ਚਿੱਤਰਕਾਰ ਅਤੇ ਭੌਤਿਕ ਵਿਗਿਆਨ ਦੀ ਸਾਬਕਾ ਅਧਿਆਪਕ ਵੀ ਹੈ ਜੋ ਤੁਹਾਨੂੰ ਤੁਹਾਡੀਆਂ ਚਿੰਤਾਵਾਂ ਦੇ ਹੱਲ ਲਈ ਇੱਕ ਰਹੱਸਮਈ ਸਫ਼ਰ 'ਤੇ ਲੈ ਜਾਂਦੀ ਹੈ।

ਸੂਫੀਆਨਾ/ਲੋਕ ਸੰਗੀਤ/ਪਲੇਅਬੈਕ ਗਾਇਕੀ ਨੂੰ ਸਮਰਪਿਤ, ਅਨੁਜੋਤ ਨੂੰ ਸ਼ੁਰੂ ਤੋਂ ਹੀ ਸੰਗੀਤ ਨਾਲ ਬੇਹੱਦ ਪਿਆਰ ਸੀ ਅਤੇ ਇਹ ਪਿਆਰ ਤੇ ਲਗਾਅ ਉਸ ਨੂੰ ਆਪਣੇ ਪਿਤਾ ਸ੍ਰੀ ਗੁਰਚਰਨ ਸਿੰਘ ਜੋ ਮੋਗਾ ਦੇ ਪਿੰਡ ਢੁੱਡੀਕੇ ਦੇ ਰਹਿਣ ਵਾਲੇ ਪੰਜਾਬ ਦੇ ਪ੍ਰਸਿੱਧ 'ਗਜ਼ਲ-ਗੋ' ਸਨ, ਤੋਂ ਵਿਰਾਸਤ ਵਿੱਚ ਮਿਲਿਆ ਸੀ। ਘਰ ਵਿੱਚ ਬੌਧਿਕ ਅਤੇ ਰਚਨਾਤਮਕ ਮਾਹੌਲ ਹੋਣ ਕਰਕੇ, ਅਨੁਜੋਤ ਨੇ 4 ਸਾਲ ਦੀ ਉਮਰ ਤੋਂ ਪੇਂਟਿੰਗ ਸ਼ੁਰੂ ਕੀਤੀ ਅਤੇ ਵੱਕਾਰੀ ਦੱਖਣੀ ਏਸ਼ੀਆਈ ਭਾਈਚਾਰੇ ਦੀ ਪ੍ਰਦਰਸ਼ਨੀ ਸਮੇਤ ਵੱਖ-ਵੱਖ ਪ੍ਰਦਰਸ਼ਨੀਆਂ ਵਿੱਚ ਹਿੱਸਾ ਲਿਆ ਜਿਸ ਵਿੱਚ ਦੱਖਣੀ ਏਸ਼ੀਆ ਦੇ 10 ਦੇਸ਼ਾਂ ਦੇ ਚਿੱਤਰਕਾਰਾਂ ਦੀਆਂ ਸ਼ਾਨਦਾਰ ਰਚਨਾਵਾਂ ਸਮੇਤ ਉਸ ਦੀਆਂ ਰਚਨਾਵਾਂ ਪ੍ਰਦਰਸ਼ਿਤ ਕੀਤੀਆਂ ਗਈਆਂ। ਅਕਾਦਮਿਕ ਖੇਤਰ ਵਿੱਚ ਵੀ ਪਿੱਛੇ ਨਾ ਰਹਿਣ ਵਾਲੀ, ਅਨੁਜੋਤ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਭੌਤਿਕ ਵਿਗਿਆਨ ਵਿਚ ਐਮ.ਏ., ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਸੈਕਟਰ-20, ਚੰਡੀਗੜ੍ਹ ਤੋਂ ਬੀ.ਐੱਡ. ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਐਮ.ਐੱਡ. ਦੀ ਡਿਗਰੀ ਹਾਸਲ ਕੀਤੀ ਅਤੇ 2006 ਵਿੱਚ ਸਰਕਾਰੀ ਖੇਤਰ ਵਿੱਚ ਆਪਣਾ ਅਧਿਆਪਨ ਕੈਰੀਅਰ ਸ਼ੁਰੂ ਕੀਤਾ ਜੋ ਕਿ 17 ਸਾਲਾਂ ਤੱਕ ਨਿਰੰਤਰ ਜਾਰੀ ਰਿਹਾ। ਇਸ ਉਪਰੰਤ ਉਸਨੇ ਆਪਣੇ ਆਪ ਨੂੰ ਸੰਗੀਤ ਦੇ ਖੇਤਰ ਵਿੱਚ ਸਮਰਪਿਤ ਕਰਨ ਲਈ ਅਸਤੀਫਾ ਦੇਣ ਦਾ ਫੈਸਲਾ ਕੀਤਾ।

ਆਪਣੇ ਇਸ ਸਫ਼ਰ ਵਿੱਚ ਉਸ ਦੇ ਜੀਵਨ ਸਾਥੀ ਸ੍ਰੀ ਪੁਨੀਤ ਨੇ ਅਹਿਮ ਭੂਮਿਕਾ ਨਿਭਾਈ। ਲੋਕ ਗਾਇਕੀ ਵੱਲ ਜਾਣ ਦੇ ਉਸ ਸੁਪਨਿਆਂ ਨੂੰ ਖੰਭ ਦੇਣ ਲਈ ਆਪਣੀ ਪਤਨੀ ਅਨੁਜੋਤ ਦਾ ਸਾਥ ਨਿਭਾਉਂਦੇ ਹੋਏ, ਪੁਨੀਤ ਨੇ ਉਸ ਨੂੰ ਨੌਕਰੀ ਨੂੰ ਅਲਵਿਦਾ ਕਹਿ ਕੇ ਆਪਣੇ ਦਿਲ ਦੀਆਂ ਇੱਛਾਵਾਂ ਪੂਰੀਆਂ ਕਰਨ ਅਤੇ ਆਪਣੇ ਸੁਪਨਿਆਂ ਨੂੰ ਜਿਉਣ ਲਈ ਉਤਸ਼ਾਹਿਤ ਕੀਤਾ। ਕਦੇ-ਕਦਾਈਂ, ਜਦੋਂ ਉਹ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਬਾਰੇ ਨਿਮੋਸ਼ੀ ਮਹਿਸੂਸ ਕਰਦੀ, ਤਾਂ ਉਸਦੇ ਹਮਸਫ਼ਰ ਨੇ ਉਸ ਦਾ ਆਤਮ-ਵਿਸ਼ਵਾਸ ਵਧਾ ਕੇ ਉਸਦਾ ਮਨੋਬਲ ਉੱਚਾ ਕੀਤਾ।

ਉਹ ਸਮਕਾਲੀ ਪਾਕਿਸਤਾਨੀ ਪੌਪ ਸੰਗੀਤ, ਪੰਜਾਬੀ ਲੋਕ ਸੰਗੀਤ, ਸੂਫੀ ਪਰੰਪਰਾਗਤ ਅਤੇ ਪੱਛਮੀ ਸੰਗੀਤ ਦੇ ਫਿਊਜ਼ਨ ਸਮੇਤ ਹਲਕੇ ਕਲਾਸੀਕਲ ਪਲੇਅਬੈਕ ਵਿੱਚ ਪੂਰੀ ਤਰਾਂ ਨਿਪੁੰਨ ਹੈ।

ਮੁੱਖ ਖੇਤਰ ਜਿਸ ਵਿੱਚ ਉਹ ਆਪਣਾ ਧਿਆਨ ਕੇਂਦਰਿਤ ਕਰਨਾ ਚਾਹੁੰਦੀ ਹੈ ਅਤੇ ਆਪਣੀ ਊਰਜਾ ਨੂੰ ਦਿਸ਼ਾ ਦੇਣੀ ਚਾਹੁੰਦੀ ਹੈ ਉਹ ਹੈ ਲੋਕ ਸੰਗੀਤ। ਜਿਵੇਂ ਕਿ ਉਹ ਆਪਣੇ ਸ਼ਬਦਾਂ ਵਿੱਚ ਕਹਿੰਦੀ ਹੁੰਦੀ ਹੈ ਕਿ ਉਹ ਜੜ੍ਹਾਂ ਨਾਲ ਜੁੜੀ ਰਹਿਣਾ ਚਾਹੁੰਦੀ ਹੈ। ਇਹ ਉਹ ਸ਼ੈਲੀ ਹੈ ਜੋ ਉਸਨੂੰ ਉੱਚ ਪੱਧਰ ਦਾ ਅਨੰਦ ਦਿੰਦੀ ਹੈ ਜੋ ਸਾਰਥਕ ਸੰਗੀਤ ਲਈ ਉਸਦੀ ਰੂਹ ਦੀ ਪਿਆਸ ਬੁਝਾਉਂਦੀ ਹੈ।

ਅਨੁਜੋਤ ਨੇ ਪੰਜਾਬੀ ਫਿਲਮਾਂ, ਵੈੱਬ ਸੀਰੀਜ਼, ਇਸ਼ਤਿਹਾਰਾਂ ਵਿੱਚ ਪਲੇਅਬੈਕ ਲਈ ਵੱਖ-ਵੱਖ ਪ੍ਰੋਜੈਕਟ ਰਿਕਾਰਡ ਕੀਤੇ ਹਨ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ 'ਤੇ ਬਾਦਸ਼ਾਹ ਦਰਵੇਸ਼, ਹਿਜਦਾ, ਵੀਰਿਆ, ਲਾਈਟ ਐਂਡ ਸਾਊਂਡ ਸ਼ੋਅ, ਸੱਤ ਬੇਗਾਨੇ, ਮਾਈ ਭਾਗੋ ਵਰਗੇ ਮਸ਼ਹੂਰ ਨਾਟਕਾਂ ਵਿੱਚ ਪਲੇਅਬੈਕ ਗਾਇਕ ਵਜੋਂ ਭੂਮਿਕਾ ਨਿਭਾਈ।

ਕਲਾ ਪ੍ਰੀਸ਼ਦ ਚੰਡੀਗੜ੍ਹ, ਟੈਗੋਰ ਥੀਏਟਰ ਵੱਲੋਂ ਆਯੋਜਿਤ ਵੱਖ-ਵੱਖ ਸੂਫੀ ਮਹਿਫਿਲਾਂ ਵਿੱਚ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ, ਅਨੁਜੋਤ ਨੇ ਵੱਖ-ਵੱਖ ਰਵੀ ਰਾਤਾਂ ਵਿੱਚ ਗ਼ਜ਼ਲਾਂ ਅਤੇ ਫਿਲਮੀ ਗੀਤਾਂ ਦੀ ਪੇਸ਼ਕਾਰੀ ਤੋਂ ਇਲਾਵਾ ਬ੍ਰਹਿਮੰਡ ਅਕੈਡਮੀ ਅਤੇ ਲਾਇਨਜ਼ ਕਲੱਬ ਅਤੇ ਰੋਟਰੀ ਕਲੱਬ ਦੇ ਵੱਖ-ਵੱਖ ਸਮਾਗਮਾਂ ਵਿੱਚ ਮੁੱਖ ਗਾਇਕ ਵਜੋਂ ਵੀ ਕੰਮ ਕੀਤਾ।

ਉਸਦੀਆਂ ਸੁਹਜ ਅਤੇ ਮਨਮੋਹਕ ਧੁਨਾਂ ਇਸ਼ਕ ਕਮਾਉਣਾ, ਯਾਦ ਦੇ ਸਹਾਰੇ, ਮਸਤ ਕਲੰਦਰ, ਨਾਨਕ ਫਕੀਰ, ਰੱਬਾ ਮੇਰੇ, ਮਾਹੀ ਅਣਜਾਣ ਏ, ਢੋਲਣਾ, ਸਾਈਂ, ਦੱਸੇ ਬਿਨਾਂ, ਰੂਹ ਦਾ ਹਾਣੀ, ਰੰਗ ਮਾਣਿਆ, ਰਾਂਝਣਾ ਵਰਗੀਆਂ ਬਹੁਤ ਸਾਰੀਆਂ ਸੰਗੀਤ ਐਲਬਮਾਂ ਦਾ ਸ਼ਿੰਗਾਰ ਬਣੀਆਂ।

ਮੌਜੂਦਾ ਸਮੇਂ ਅਨੁਜੋ

ਪੰਜਾਬ ਵਿਚ 2400 ਹੈਕਟੇਅਰ ਰਕਬੇ 'ਚ ਗਾਜਰ, ਮੂਲੀ, ਸ਼ਲਗਮ ਆਦਿ ਦੀ ਕਾਸ਼ਤ ਕੀਤੀ ਜਾਂਦੀ ਹੈ। ਖਣਿਜ ਪਦਾਰਥਾਂ ਨਾਲ ਭਰਪੂਰ ਇਹ ਸਬਜ਼ੀਆਂ ਸਿਹਤ ਲਈ ਬੇਹੱਦ ਲਾਹੇਵੰਦ ਹਨ...

ਕੁਦਰਤ ਦਾ ਤੋਹਫ਼ਾ

3 ਜੜ੍ਹਾਂ ਵਾਲੀਆਂ ਸਬਜ਼ੀਆਂ

• ਡਾ. ਰਣਜੀਤ ਸਿੰਘ
94170-87328

ਪੰਜਾਬ ਵਿਚ ਸਵਾ ਦੋ ਲੱਖ ਹੈਕਟਰ ਰਕਬੇ 'ਚ ਸਬਜ਼ੀਆਂ ਦੀ ਕਾਸ਼ਤ ਕੀਤੀ ਜਾਂਦੀ ਹੈ। ਆਲੂ ਅਤੇ ਮਟਰਾਂ ਤੋਂ ਬਾਅਦ ਰਕਬੇ ਦੇ ਹਿਸਾਬ ਨਾਲ ਗਾਜਰ, ਮੂਲੀ, ਸ਼ਲਗਮ ਆਦਿ ਜੜ੍ਹਾਂ ਵਾਲੀਆਂ ਸਬਜ਼ੀਆਂ ਪੰਜਾਬ ਵਿਚ ਤੀਸਰੇ ਸਥਾਨ 'ਤੇ ਆਉਂਦੀਆਂ ਹਨ। ਸਰਕਾਰ ਸੂਬੇ ਵਿਚ ਸਬਜ਼ੀਆਂ ਦੀ ਕਾਸ਼ਤ ਨੂੰ ਉਤਸਾਹਿਤ ਕਰਨਾ ਚਾਹੁੰਦੀ ਹੈ ਪਰ ਅਜਿਹਾ ਤਦ ਹੀ ਸੰਭਵ ਹੈ ਜੇ ਇਨ੍ਹਾਂ ਦੀਆਂ ਕੀਮਤਾਂ ਵਿਚ ਸਥਿਰਤਾ ਹੋਵੇ ਅਤੇ ਵਾਧੂ ਸਬਜ਼ੀਆਂ ਦੀ ਸੰਭਾਲ ਲਈ ਸਥਾਨਕ ਪੱਧਰ 'ਤੇ ਵੱਧ ਤੋਂ ਵੱਧ ਫੂਡ ਪ੍ਰੋਸੈਸਿੰਗ ਯੂਨਿਟ ਲਗਾਏ ਜਾਣ।

ਸਰਕਾਰ ਨੂੰ ਚਾਹੀਦਾ ਹੈ ਕਿ 'ਆਪਣੀ ਮੰਡੀ' ਨੂੰ ਉਤਸ਼ਾਹਿਤ ਕੀਤਾ ਜਾਵੇ, ਤਾਂ ਜੋ ਕਿਸਾਨ ਆਪਣੀਆਂ ਸਬਜ਼ੀਆਂ ਸਿੱਧੇ ਤੌਰ 'ਤੇ ਗਾਹਕਾਂ ਨੂੰ ਵੇਚ ਕੇ ਆੜ੍ਹਤੀਆਂ ਦੇ ਹੱਥਾਂ 'ਚ ਜਾਣ ਵਾਲੇ ਮੁਨਾਫ਼ੇ ਨੂੰ ਬਚਾ ਸਕਣ। ਇਸ ਤੋਂ ਇਲਾਵਾ ਮੰਡੀ ਬੋਰਡ ਰਾਹੀਂ ਹਰ ਹਫ਼ਤੇ ਸਬਜ਼ੀਆਂ ਦੀ ਘੱਟੋ ਘੱਟ ਕੀਮਤ ਮਿੱਥੀ ਜਾਵੇ ਤੇ ਮੰਡੀ ਵਿਚ ਇਸ ਕੀਮਤ ਤੋਂ ਹੇਠਾਂ ਉਪਜ ਦੀ ਵਿਕਰੀ 'ਤੇ ਰੋਕ ਲਗਾਈ ਜਾਵੇ। ਜੜ੍ਹਾਂ ਵਾਲੀਆਂ ਕੁਝ ਸਬਜ਼ੀਆਂ ਮੂਲੀ, ਸ਼ਲਗਮ ਆਦਿ ਨੂੰ ਅੰਗਰੇਜ਼ ਭਾਰਤ ਲੈ ਕੇ ਆਏ ਸਨ।

ਪੰਜਾਬ ਵਿਚ ਕਰੀਬ 2400 ਹੈਕਟੇਅਰ ਰਕਬੇ 'ਚ ਗਾਜਰ, ਮੂਲੀ ਤੇ ਸ਼ਲਗਮ ਆਦਿ ਜੜ੍ਹਾਂ ਵਾਲੀਆਂ ਸਬਜ਼ੀਆਂ ਦੀ ਕਾਸ਼ਤ ਕੀਤੀ ਜਾਂਦੀ ਹੈ। ਇਨ੍ਹਾਂ ਵਿੱਚੋਂ ਸਬਜ਼ੀ ਅਤੇ ਜੂਸ ਦੇ ਲਈ ਸਭ ਤੋਂ ਵੱਧ ਵਰਤੋਂ ਗਾਜਰ ਦੀ ਕੀਤੀ ਜਾਂਦੀ ਹੈ। ਗਾਜਰਾਂ ਵਿਚ ਵੱਡੀ ਮਾਤਰਾ 'ਚ ਖ਼ੁਰਾਕੀ ਤੱਤ ਹੁੰਦੇ ਹਨ। ਗਾਜਰ ਵਿਚ ਬੀਟਾ ਕੈਰੋਟੀਨ, ਲੋਹਾ, ਕੈਲਸ਼ੀਅਮ, ਫਿਨੋਲਿਜ ਆਦਿ ਤੱਤ ਹੁੰਦੇ ਹਨ। ਕਾਲੀ ਗਾਜਰ ਕੈਂਸਰ ਦੀ ਰੋਕਥਾਮ ਕਰਦੀ ਹੈ।

ਗਾਜਰ

ਪੰਜਾਬ ਵਿਚ ਕਾਸ਼ਤ ਲਈ ਪੰਜਾਬ ਕੈਰਟ ਰੈਂਡ, ਪੰਜਾਬ ਬਲੈਕ ਬਿਊਟੀ ਅਤੇ ਪੀਸੀ-34 ਕਿਸਮਾਂ ਦੀ ਸਿਫ਼ਾਰਸ਼ ਕੀਤੀ ਗਈ ਹੈ। ਪੰਜਾਬ ਕੈਰਟ ਰੈਂਡ ਕਿਸਮ ਤੋਂ ਇਕ ਏਕੜ ਵਿੱਚੋਂ ਕਰੀਬ 230 ਕੁਇੰਟਲ ਗਾਜਰਾਂ ਪ੍ਰਾਪਤ ਹੁੰਦੀਆਂ ਹਨ। ਕਾਲੀ ਗਾਜਰ ਦਾ ਉਤਪਾਦਨ 200 ਕੁਇੰਟਲ ਪ੍ਰਤੀ ਏਕੜ ਹੈ ਪਰ ਇਹ ਸਿਹਤ ਲਈ ਬਹੁਤ ਵਧੀਆ ਹੈ। ਇਹ ਖ਼ੂਨ ਦੀ ਕਮੀ ਪੂਰੀ ਕਰਦੀ ਹੈ ਤੇ ਕੈਂਸਰ ਦੀ ਬਿਮਾਰੀ ਦਾ ਵੀ ਟਾਕਰਾ ਕਰਦੀ ਹੈ। ਗਾਜਰ ਲਈ ਪ੍ਰਤੀ ਏਕੜ 5 ਕਿੱਲੋ ਬੀਜ ਦੀ ਲੋੜ ਪੈਂਦੀ ਹੈ। ਬਿਜਾਈ ਵੱਟਾਂ ਉੱਤੇ ਕਰੋ, ਇਸ ਨਾਲ ਗਾਜਰਾਂ ਦਾ ਆਕਾਰ ਸਿੱਧਾ ਅਤੇ ਲੰਬਾ ਰਹਿੰਦਾ ਹੈ। ਬਿਜਾਈ ਕਰਦੇ ਸਮੇਂ ਕਤਾਰ ਤੋਂ ਕਤਾਰ ਦਰਮਿਆਨ 45 ਅਤੇ ਬੂਟਿਆਂ ਦਰਮਿਆਨ 7.5 ਸੈਂਟੀਮੀਟਰ ਦਾ ਫ਼ਾਸਲਾ ਰੱਖੋ। ਗਾਜਰਾਂ 100 ਦਿਨਾਂ ਵਿਚ ਪੁਟਾਈ ਲਈ ਤਿਆਰ ਹو ਜਾਂਦੀਆਂ ਹਨ।

ਖਾਦਾਂ ਤੇ ਸਿੰਚਾਈ

ਜੜ੍ਹਾਂ ਵਾਲੀਆਂ ਸਬਜ਼ੀਆਂ ਪ੍ਰਤੀ ਏਕੜ 15 ਟਨ ਰੂੜੀ ਖਾਦ ਬਿਜਾਈ ਵੇਲੇ ਪਾਉਣ ਦੀ ਸਿਫ਼ਾਰਸ਼ ਕੀਤੀ ਗਈ ਹੈ। ਇਸ ਦੇ ਨਾਲ ਹੀ 55 ਕਿੱਲੋ ਯੂਰੀਆ, 75 ਕਿੱਲੋ ਸੁਪਰਫਾਸਫੇਟ ਤੇ 30 ਕਿੱਲੋ ਪੋਟਾਸ਼ ਪ੍ਰਤੀ ਏਕੜ ਪਾਈ ਜਾਵੇ। ਪਹਿਲਾ ਪਾਣੀ ਬਿਜਾਈ ਤੋਂ ਤੁਰੰਤ ਬਾਅਦ ਲਗਾ ਦੇਵੋ। ਨਦੀਨਾਂ ਦੀ ਰੋਕਥਾਮ ਲਈ ਮਹੀਨੇ ਪਿੱਛੋਂ ਇਕ ਗੋਡੀ ਕਰੋ। ਗਾਜਰ ਨੂੰ ਲੋੜ ਤੋਂ ਵੱਧ ਪਾਣੀ ਨਹੀਂ ਦੇਣਾ ਚਾਹੀਦਾ।

ਮੂਲੀ

ਆਮ ਤੌਰ 'ਤੇ ਮੂਲੀ ਦੀ ਵਰਤੋਂ ਸਲਾਦ ਦੇ ਰੂਪ 'ਚ ਕੀਤੀ ਜਾਂਦੀ ਹੈ। ਮੂਲੀ ਸਾਰਾ ਸਾਲ ਉਗਾਈ ਜਾ ਸਕਦੀ ਹੈ ਹੈ ਪਰ ਇਸ ਦੀ ਮੁੱਖ ਫ਼ਸਲ ਸਰਦੀਆਂ ਦੀ ਹੀ ਹੁੰਦੀ ਹੈ। ਪੰਜਾਬ ਸਫ਼ੈਦ ਮੂਲੀ-2, ਪੰਜਾਬ ਪਸੰਦ, ਪੂਸਾ ਹਿਮਾਨੀ, ਪੂਸ ਚੇਤਕੀ ਤੇ ਜਪਾਨੀ ਵ੍ਹਾਈਟ ਸਿਫ਼ਾਰਸ਼ ਕੀਤੀਆਂ ਕਿਸਮਾਂ ਹਨ। ਪੰਜਾਬ ਸਫ਼ੈਦ ਮੂਲੀ-2 ਤੋਂ ਇਕ ਏਕੜ ਵਿੱਚੋਂ 236 ਕੁਇੰਟਲ ਮੂਲੀਆਂ ਪ੍ਰਾਪਤ ਹੁੰਦੀਆਂ ਹਨ। ਇਕ ਏਕੜ ਲਈ ਇਕ ਕਿੱਲੋ ਬੀਜ ਦੀ ਲੋੜ ਪੈਂਦੀ ਹੈ। ਮੂਲੀ ਵਿਚ ਵਿਟਾਮਿਨ-ਬੀ ਤੇ ਵਿਟਾਮਿਨ-ਸੀ ਭਰਪੂਰ ਮਾਤਰਾ 'ਚ ਹੁੰਦਾ ਹੈ।

ਸ਼ਲਗਮ

ਸ਼ਲਗਮ ਦੀ ਵਰਤੋਂ ਸਬਜ਼ੀ ਬਣਾਉਣ ਲਈ ਕੀਤੀ ਜਾਂਦੀ ਹੈ। ਬਿਜਾਈ ਕਰਦੇ ਸਮੇਂ ਕਤਾਰਾਂ ਵਿਚਕਾਰ 45 ਅਤੇ ਬੂਟਿਆਂ ਵਿਚਕਾਰ 7.5 ਸੈਂਟੀਮੀਟਰ ਫ਼ਾਸਲਾ ਰੱਖੋ। ਲੋੜ ਪੈਣ 'ਤੇ ਬੂਟਿਆਂ ਨੂੰ ਵਿਰਲਾ ਕਰ ਦੇਣਾ ਚਾਹੀਦਾ ਹੈ। ਐੱਲ-1 ਸ਼ਲਗਮ ਦੀ ਸਿਫ਼ਾਰਸ਼ ਕੀਤੀ ਗਈ ਕਿਸਮ ਹੈ। ਇਕ ਏਕੜ ਲਈ ਦੋ ਕਿਲੋ ਬੀਜ ਦੀ ਲੋੜ ਪੈਂਦੀ ਹੈ। ਸ਼ਲਗਮ ਤੋਂ ਬਿਨਾਂ ਇਸ ਦੇ ਪੱਤਿਆਂ ਵਿਚ ਵੀ ਵਿਟਾਮਿਨ-ਏ ਅਤੇ ਵਿਟਾਮਿਨ-ਸੀ ਹੁੰਦਾ ਹੈ। •

ਜੈਵਿਕ ਤਰੀਕੇ ਨਾਲ ਫ਼ਸਲਾਂ ਦੀ ਕਾਸ਼ਤ

• ਡਾ. ਬਲਵਿੰਦਰ ਸਿੰਘ ਢਿੱਲੋਂ
94654-20097

ਪੰਜਾਬ ਵਿਚ ਅਨਾਜ ਪੈਦਾ ਕਰਨ ਲਈ ਰਸਾਇਣਕ ਖਾਦਾਂ ਤੇ ਕੀਟਨਾਸ਼ਕਾਂ ਦੀ ਵਰਤੋਂ ਬਹੁਤ ਜ਼ਿਆਦਾ ਹੋ ਰਹੀ ਹੈ। ਸਿੱਟੇ ਵਜੋਂ ਮਨੁੱਖੀ ਸਿਹਤ ਉੱਪਰ ਇਸ ਦਾ ਬਹੁਤ ਮਾੜਾ ਅਸਰ ਪਿਆ ਹੈ। ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਤੋਂ ਬਚਣ ਲਈ ਪੰਜਾਬ ਦੇ ਲੋਕਾਂ ਨੂੰ ਜੈਵਿਕ ਦੁੱਧ, ਜੈਵਿਕ ਸਬਜ਼ੀਆਂ ਅਤੇ ਜੈਵਿਕ ਕਣਕ ਦੀ ਪੈਦਾਵਾਰ ਕਰਨੀ ਚਾਹੀਦੀ ਹੈ। ਅੱਜ ਕੱਲ੍ਹ ਜੈਵਿਕ ਖੇਤੀ ਦੀ ਮੰਗ ਲਗਾਤਾਰ ਵਧ ਰਹੀ ਹੈ। ਆਰਗੈਨਿਕ ਤਰੀਕੇ ਨਾਲ ਤਿਆਰ ਅਨਾਜ ਰਸਾਇਣਕ ਖਾਦ ਨਾਲ ਉਪਜਾਏ ਅਨਾਜ ਦੇ ਮੁਕਾਬਲੇ ਡੇਢ ਤੋਂ ਦੁੱਗਣੀ ਕੀਮਤ 'ਤੇ ਵਿਕਦਾ ਹੈ। ਜੈਵਿਕ ਖੇਤੀ ਵਿਚ ਕਿਸੇ ਤਰ੍ਹਾਂ ਦੇ ਰਸਾਇਣ ਨਹੀਂ ਵਰਤੇ ਜਾਂਦੇ। ਇਸ ਵਿਚ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਤੇ ਫ਼ਸਲਾਂ ਨੂੰ ਲੋੜੀਂਦੇ ਖ਼ੁਰਾਕੀ ਤੱਤ ਮੁਹੱਈਆ ਕਰਵਾਉਣ ਲਈ ਫ਼ਸਲੀ ਚੱਕਰਾਂ, ਫ਼ਸਲੀ ਰਹਿੰਦ-ਖੂੰਦ, ਰੂੜੀ ਦੀ ਖਾਦ, ਕੰਪੋਸਟ, ਫ਼ਲੀਦਾਰ ਫ਼ਸਲਾਂ ਤੇ ਹਰੀ ਖਾਦ ਦੀ ਵਰਤੋਂ ਕੀਤੀ ਜਾਂਦੀ ਹੈ।

ਜੈਵਿਕ ਹਰਾ ਚਾਰਾ

ਜੈਵਿਕ ਹਰੇ ਚਾਰੇ ਦੇ ਉਤਪਾਦਨ ਲਈ ਸਭ ਤੋਂ ਵਧੀਆ ਖੇਤ ਦੀ ਚੋਣ ਕਰਨੀ ਚਾਹੀਦੀ ਹੈ। ਮੁਢਲੇ ਤਿੰਨ-ਚਾਰ ਸਾਲ ਜੈਵਿਕ ਚਾਰੇ ਦਾ ਝਾੜ ਕੁਝ ਘਟ ਹੁੰਦਾ ਹੈ ਪਰ ਬਾਅਦ 'ਚ ਇਹ ਰਸਾਇਣਕ ਚਾਰੇ ਦੇ ਬਰਾਬਰ ਹੋ ਜਾਂਦਾ ਹੈ। ਘੱਟੋ-ਘੱਟ 60 ਫ਼ੀਸਦੀ ਚਾਰਾ ਜੈਵਿਕ ਸਰੋਤਾਂ ਤੋਂ ਆਉਣਾ ਚਾਹੀਦਾ ਹੈ। ਚਰਾਂਦਾਂ ਦੀ ਕਟਾਈ ਤੇ ਸਰਦੀਆਂ ਲਈ ਸੁਰੱਖਿਅਤ ਰੱਖਿਆ ਚਾਰਾ ਜੈਵਿਕ ਫਾਰਮ ਤੋਂ ਪੈਦਾ ਹੋਣਾ ਚਾਹੀਦਾ ਹੈ। ਜੈਵਿਕ ਚਾਰੇ ਦੇ ਉਤਪਾਦਨ ਲਈ ਫ਼ਸਲਾਂ ਦੇ ਕਾਸ਼ਤਕਾਰੀ ਢੰਗ ਆਮ ਫ਼ਸਲਾਂ ਵਾਂਗ ਹੀ ਹਨ ਪਰ ਜੈਵਿਕ ਚਾਰੇ ਵਾਲੀਆਂ ਫ਼ਸਲਾਂ 'ਚ ਰਸਾਇਣਕ ਖਾਦਾਂ, ਨਦੀਨਨਾਸ਼ਕਾਂ, ਕੀਟਨਾਸ਼ਕਾਂ ਤੇ ਉੱਲੀਨਾਸ਼ਕਾਂ ਦੀ ਵਰਤੋਂ ਨਹੀਂ ਹੁੰਦੀ ਹੈ। ਹਰੇ ਚਾਰੇ ਦੇ ਵੱਖ-ਵੱਖ ਫ਼ਸਲੀ ਚੱਕਰ ਇਸ ਤਰ੍ਹਾਂ ਹਨ :

ਮੱਕੀ-ਬਰਸੀਮ-ਬਾਜਰਾ : ਖੇਤ 'ਚ 3.5 ਟਨ ਪ੍ਰਤੀ ਏਕੜ ਸੁੱਕੀ ਰੂੜੀ (ਇਕ ਫ਼ੀਸਦੀ ਨਾਈਟ੍ਰੋਜਨ) ਪਾਉ ਤੇ ਅਗਸਤ ਦੇ ਦੂਜੇ ਹਫ਼ਤੇ ਮੱਕੀ ਬੀਜੋ। 50-60 ਦਿਨ ਬਾਅਦ (ਜਦੋਂ ਫ਼ਸਲ ਦੋਧੇ ਤੇ ਹੋਵੇ) ਕੱਟ ਲਵੋ। ਇਸ ਤੋਂ ਬਾਅਦ ਇਕ ਟਨ ਪ੍ਰਤੀ ਏਕੜ ਰੂੜੀ ਖੇਤ 'ਚ ਪਾ ਕੇ ਅਕਤੂਬਰ ਦੇ ਦੂਜੇ ਹਫ਼ਤੇ ਬਰਸੀਮ ਬੀਜੋ। ਇਸ ਤੋਂ 4-5 ਕਟਾਈਆਂ ਲਈਆਂ ਜਾ ਸਕਦੀਆਂ ਹਨ। ਬਰਸੀਮ ਦੀ ਕਟਾਈ ਤੋਂ ਬਾਅਦ ਦੋ ਟਨ ਪ੍ਰਤੀ ਏਕੜ ਸੁੱਕੀ ਰੂੜੀ ਪਾਉ ਤੇ ਜੂਨ ਦੇ ਦੂਜੇ ਹਫ਼ਤੇ ਬਾਜਰਾ ਬੀਜ ਕੇ ਬਿਜਾਈ ਤੋਂ 45-55 ਦਿਨ ਬਾਅਦ ਕੱਟ ਲਵੋ।

ਮੱਕੀ-ਬਰਸੀਮ-ਮੱਕੀ+ਰਵਾਂਹ : ਖੇਤ 'ਚ 3.5 ਟਨ ਪ੍ਰਤੀ ਏਕੜ ਸੁੱਕੀ ਰੂੜੀ ਪਾਉ ਤੇ ਅਗਸਤ ਦੇ ਦੂਜੇ ਹਫ਼ਤੇ ਮੱਕੀ ਬੀਜੋ। 50-60 ਦਿਨ ਬਾਅਦ ਫ਼ਸਲ ਕੱਟ ਲਵੋ। ਉਸ ਤੋਂ ਬਾਅਦ ਇਕ ਟਨ ਪ੍ਰਤੀ ਏਕੜ ਰੂੜੀ ਖੇਤ 'ਚ ਪਾ ਕੇ ਅਕਤੂਬਰ ਦੇ ਦੂਜੇ ਹਫ਼ਤੇ ਬਰਸੀਮ ਬੀਜੋ। ਬਰਸੀਮ ਦੀ ਕਟਾਈ ਤੋਂ ਬਾਅਦ 3.5 ਟਨ ਪ੍ਰਤੀ ਏਕੜ ਰੂੜੀ ਪਾਉ ਤੇ ਜੂਨ ਦੇ ਦੂਜੇ ਹਫ਼ਤੇ ਮੱਕੀ+ਰਵਾਂਹ ਰਲਾ ਕੇ ਬੀਜੋ। ਇਸ ਲਈ 15 ਕਿੱਲੋ ਮੱਕੀ ਦਾ ਬੀਜ ਤੇ 15 ਕਿੱਲੋ ਰਵਾਂਹ-88 ਕਿਸਮ ਜਾਂ 6 ਕਿੱਲੋ ਸੀਐੱਲ-367 ਕਿਸਮ ਦਾ ਬੀਜ ਵਰਤੋ। ਇਸ ਰਲਵੇਂ ਚਾਰੇ ਨੂੰ ਬਿਜਾਈ ਤੋਂ 50-60 ਦਿਨ ਬਾਅਦ ਕੱਟ ਲਵੋ।

ਜੈਵਿਕ ਤਰੀਕੇ ਨਾਲ ਸਬਜ਼ੀਆਂ ਦੀ ਕਾਸ਼ਤ

ਅੱਜ ਸਬਜ਼ੀਆਂ ਨੂੰ ਕੀੜੇ-ਮਕੌੜਿਆਂ ਤੇ ਬਿਮਾਰੀਆਂ ਤੋਂ ਬਚਾਉਣ ਲਈ ਕੀਟਨਾਸ਼ਕਾਂ ਦੀ ਬੇਲੋੜੀ ਵਰਤੋਂ ਕੀਤੀ ਜਾਂਦੀ ਹੈ ਪਰ ਤਾਜ਼ੀ, ਤੰਤਾਂ ਨਾਲ ਭਰਪੂਰ ਤੇ ਕੀਟਨਾਸ਼ਕਾਂ ਤੋਂ ਰਹਿਤ ਸਬਜ਼ੀ ਘਰੇਲੂ ਬਗ਼ੀਚੀ ਵਿੱਚੋਂ ਹੀ ਮਿਲ ਸਕਦੀ ਹੈ। ਇਕ ਸਾਲ ਵਿਚ 6×6 ਮੀਟਰ ਦੇ ਜ਼ਮੀਨੀ ਟੁਕੜੇ ਉੱਪਰ 27 ਵੱਖ-ਵੱਖ ਸਬਜ਼ੀਆਂ ਪੈਦਾ ਕੀਤੀਆਂ ਜਾ ਸਕਦੀਆਂ ਹਨ ਤੇ ਕਰੀਬ 300 ਕਿੱਲੋ ਸਬਜ਼ੀ ਪ੍ਰਾਪਤ ਕੀਤੀ ਜਾ ਸਕਦੀ ਹੈ। ਮੱਕੀ-ਆਲੂ-ਪਿਆਜ਼ ਫ਼ਸਲੀ ਚੱਕਰ ਵਿਚ ਆਲੂ ਵਿਚ ਮੂਲੀ ਦੀ ਰਲਵੀਂ ਫ਼ਸਲ ਅਤੇ ਪਿਆਜ਼ ਵਿਚ ਧਨੀਏ ਦੀ ਰਲਵੀਂ ਫ਼ਸਲ ਬੀਜਣੀ ਚਾਹੀਦੀ ਹੈ, ਜਿਸ ਨਾਲ ਜੈਵਿਕ ਖੇਤੀ ਵਿਚ ਪਹਿਲੇ ਸਾਲ ਹੀ ਰਸਾਇਣਕ ਖੇਤੀ ਦੇ

ਬਰਾਬਰ ਆਮਦਨ ਹੋ ਸਕਦੀ ਹੈ। ਮੱਕੀ ਲਈ 1.7 ਟਨ ਰੂੜੀ+1.1 ਟਨ ਗੰਡੋਇਆਂ ਦੀ ਖਾਦ+0.7 ਟਨ ਨਾ ਖਾਣ ਯੋਗ ਰਿੰਡ ਦੀ ਖਲ਼ ਪ੍ਰਤੀ ਏਕੜ ਖੇਤ ਵਿਚ ਪਾਉ। ਇਸੇ ਤਰ੍ਹਾਂ ਆਲੂਆਂ ਦੀ ਫ਼ਸਲ ਲਈ 2.5 ਟਨ ਰੂੜੀ+1.7 ਟਨ ਗੰਡੋਇਆਂ ਦੀ ਖਾਦ + ਇਕ ਟਨ ਨਾ ਖਾਣ ਯੋਗ ਰਿੰਡ ਦੀ ਖਲ਼ ਪ੍ਰਤੀ ਏਕੜ ਪਾਉ। ਪਿਆਜ਼ ਲਈ ਪ੍ਰਤੀ ਏਕੜ 1.3 ਟਨ ਰੂੜੀ ਦੀ ਖਾਦ+0.9 ਟਨ ਗੰਡੋਇਆਂ ਦੀ ਖਾਦ+0.5 ਟਨ ਨਾ ਖਾਣ ਯੋਗ ਰਿੰਡ ਦੀ ਖਲ਼ ਪ੍ਰਤੀ ਏਕੜ ਪਾਉ। ਮੱਕੀ ਦੀ ਫ਼ਸਲ ਨੂੰ ਜੂਨ ਦੇ ਪਹਿਲੇ ਪੰਦਰਵਾੜੇ, ਆਲੂ ਅਕਤੂਬਰ ਦੇ ਪਹਿਲੇ ਪੰਦਰਵਾੜੇ ਤੇ ਪਿਆਜ਼ ਜਨਵਰੀ ਦੇ ਪਹਿਲੇ ਪੰਦਰਵਾੜੇ ਵਿਚ ਬੀਜੋ। ਮੂਲੀ ਨੂੰ ਅਕਤੂਬਰ ਦੇ ਪਹਿਲੇ ਪੰਦਰਵਾੜੇ ਆਲੂਆਂ ਦੀ ਹਰੇਕ ਵੱਟ ਦੇ ਦੱਖਣ ਵਾਲੇ ਪਾਸੇ ਬੀਜ ਕੇ, ਦਸੰਬਰ ਦੇ ਮਹੀਨੇ ਵਿਚ ਬਿਜਾਈ ਤੋਂ 50 ਤੋਂ 70 ਦਿਨਾਂ ਵਿਚ ਪੁੱਟ ਲਵੋ। ਧਨੀਏ ਦੀ ਇਕ ਕਤਾਰ ਪਿਆਜ਼ ਦੀਆਂ 5 ਕਤਾਰਾਂ ਬਾਅਦ ਜਨਵਰੀ ਦੇ ਪਹਿਲੇ ਪੰਦਰਵਾੜੇ ਵਿਚ ਪਿਆਜ਼ ਦੀ ਪਨੀਰੀ ਲਾਉਣ ਤੇ ਪਹਿਲਾ ਪਾਣੀ ਦੇਣ ਉਪਰੰਤ ਲਾਓ। ਹਰੇ ਧਨੀਏ ਦੀ ਬਿਜਾਈ ਤੋਂ 40 ਦਿਨਾਂ ਬਾਅਦ ਪਹਿਲੀ ਕਟਾਈ ਕਰੋ ਤੇ ਬੀਜ ਦੇ ਤੌਰ ਤੇ ਧਨੀਏ ਨੂੰ ਮਈ ਦੇ ਦੂਸਰੇ ਹਫ਼ਤੇ ਕੱਟ ਲਵੋ।

ਜੈਵਿਕ ਹਲਦੀ ਲਈ ਖ਼ੁਰਾਕੀ ਤੱਤਾਂ ਦੀ ਲੋੜ ਨੂੰ 6 ਟਰਾਲੀਆਂ ਰੂੜੀ ਦੀ ਖਾਦ ਵਰਤ ਕੇ ਪੂਰਾ ਕੀਤਾ ਜਾ ਸਕਦਾ ਹੈ। ਜੇ ਰੂੜੀ ਦੀ ਖਾਦ ਪੂਰੀ ਮਾਤਰਾ 'ਚ ਉਪਲਬਧ ਨਾ ਹੋਵੇ ਤਾਂ 4 ਟਰਾਲੀਆਂ ਰੂੜੀ ਦੇ ਨਾਲ 1.3 ਟਨ ਗੰਡੋਆ ਖਾਦ ਦੀ ਵਰਤੋਂ ਕਰੋ। ਜੈਵਿਕ ਪਿਆਜ 'ਚ ਖ਼ੁਰਾਕੀ ਤੱਤਾਂ ਦੀ ਲੋੜ ਨੂੰ 4 ਟਰਾਲੀਆਂ ਰੂੜੀ ਦੀ ਖਾਦ ਵਰਤ ਕੇ ਪੂਰਾ ਕੀਤਾ ਜਾ ਸਕਦਾ ਹੈ। ਜੇ ਰੂੜੀ ਦੀ ਖਾਦ ਪੂਰੀ ਮਾਤਰਾ 'ਚ ਉਪਲਬਧ ਨਾ ਹੋਵੇ ਤਾਂ 3 ਟਰਾਲੀਆਂ ਰੂੜੀ ਦੇ ਨਾਲ 0.9 ਟਨ ਗੰਡੋਆ ਖਾਦ ਦੀ ਵਰਤੋਂ ਕਰੋ। ਹਲਦੀ ਵਿਚ ਨਦੀਨਾਂ ਦੀ ਰੋਕਥਾਮ ਲਈ ਬਿਜਾਈ ਸਮੇਂ 40 ਕੁਇੰਟਲ ਪ੍ਰਤੀ ਏਕੜ ਪਰਾਲੀ ਵਿਛਾਓ ਤੇ ਜੇ ਲੋੜ ਪਵੇ ਤਾਂ 3 ਮਹੀਨੇ ਬਾਅਦ ਇਕ ਗੋਡੀ ਕਰੋ।

ਜੈਵਿਕ ਕਣਕ ਦਾ ਉਤਪਾਦਨ

ਕਣਕ ਵਿਚ 8, 12 ਅਤੇ 16 ਟਨ ਰੂੜੀ ਪ੍ਰਤੀ ਏਕੜ ਦੇ ਹਿਸਾਬ ਨਾਲ ਕ੍ਰਮਵਾਰ ਜੈਵਿਕ ਮਾਦੇ ਪੱਖੋਂ ਭਾਰੀ, ਦਰਮਿਆਨੀ ਤੇ ਹੌਲੀ ਜ਼ਮੀਨ ਵਿਚ ਪਾਉਣੀ ਚਾਹੀਦੀ ਹੈ। ਕਣਕ ਦੀਆਂ ਦੇਸੀ ਕਿਸਮਾਂ ਤੋਂ ਜ਼ਮੀਨ ਦੀ ਕਿਸਮ ਅਨੁਸਾਰ ਉੱਪਰ ਦੱਸੀ ਜੈਵਿਕ ਖਾਦ ਦੀ ਅੱਧੀ ਮਾਤਰਾ ਨਾਲ ਹੀ ਚੰਗਾ ਝਾੜ ਲਿਆ ਜਾ ਸਕਦਾ ਹੈ। ਕਣਕ ਦੀ 50 ਕਿੱਲੋ ਨਾਈਟ੍ਰੋਜਨ ਪ੍ਰਤੀ ਏਕੜ ਦੀ ਲੋੜ ਨੂੰ ਰੂੜੀ, ਗੰਡੋਆ ਖਾਦ ਤੇ ਰਿੰਡ ਦੀ ਖਲ਼ ਵਰਤ ਕੇ ਪੂਰਾ ਕੀਤਾ ਜਾ ਸਕਦਾ ਹੈ। ਇਸ ਲਈ 1.7 ਟਨ ਰੂੜੀ +1.1 ਟਨ ਗੰਡੋਆ ਖਾਦ+0.7 ਟਨ ਰਿੰਡ ਦੀ ਖਲ਼ ਪ੍ਰਤੀ ਏਕੜ ਵਰਤੋ। ਨਦੀਨਾਂ ਦੀ ਰੋਕਥਾਮ ਲਈ ਆਮ ਕਾਸ਼ਤਕਾਰੀ ਢੰਗ, ਜੋ ਰਸਾਇਣਕ ਖੇਤੀ 'ਚ ਵਰਤੇ ਜਾ ਸਕਦੇ ਹਨ ਜਿਵੇਂ ਕਿ ਮਿੱਟੀ ਨੂੰ ਉੱਪਰੋਂ ਸੁਕਾਉਣਾ, ਨਦੀਨਾਂ ਨੂੰ ਪਹਿਲੇ ਪਾਣੀ ਤੋਂ ਪਹਿਲਾਂ ਮਾਰਨਾ ਅਤੇ ਗੁੱਲੀ-ਡੰਡੇ ਦੇ ਬੀਜ ਨੂੰ ਕਣਕ ਪੱਕਣ ਤੋਂ ਪਹਿਲਾਂ ਖੇਤ 'ਚੋਂ ਬਾਹਰ ਕੱਢਣਾ। ਲੋੜ ਅਨੁਸਾਰ ਗੋਡੀ ਕਰੋ। ਜੈਵਿਕ ਕਣਕ ਵਿਚ ਆਮ ਤੌਰ 'ਤੇ ਕੀੜੇ-ਮਕੌੜਿਆਂ ਦੀ ਸਮੱਸਿਆ ਨਹੀਂ ਆਉਂਦੀ। ਜੇ ਕਿਤੇ ਤੇਲਾ ਆ ਜਾਵੇ ਤਾਂ ਮਿੱਤਰ ਕੀੜੇ ਉਸ ਨੂੰ ਕਾਬੂ ਕਰ ਲੈਂਦੇ ਹਨ।

ਮੱਕੀ ਜਾਂ ਸੋਇਆਬੀਨ ਦੀ ਰਹਿੰਦ-ਖੂੰਹਦ ਨੂੰ ਖੇਤ ਵਿਚ ਹੀ ਵਾਹਿਆ ਜਾਵੇ। ਜੈਵਿਕ ਖੇਤੀ ਦੇ ਪਹਿਲੇ ਪੰਜ ਸਾਲਾਂ ਵਿਚ ਕਣਕ ਨੂੰ 8 ਟਨ ਸੁੱਕੀ ਰੂੜੀ ਦੀ ਖਾਦ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਉ ਅਤੇ ਬਾਅਦ ਵਿਚ 25 ਫ਼ੀਸਦੀ ਰੂੜੀ ਦੀ ਮਾਤਰਾ ਘਟਾ ਦਿਓ। ਨਦੀਨਾਂ ਦ

ਗਰਭ ਅਵਸਥਾ ਦੌਰਾਨ ਕਸਰਤ ਦੇ ਫ਼ਾਇਦੇ

ਗਰਭ ਅਵਸਥਾ ਦਾ ਅਹਿਸਾਸ ਸਾਰਿਆਂ ਲਈ ਖੁਸ਼ੀ ਭਰਿਆ ਹੁੰਦਾ ਹੈ। ਜਦੋਂ ਘਰ ਵਿੱਚ ਛੋਟੇ ਬੱਚੇ ਦੇ ਆਉਣ ਦੀ ਖਬਰ ਮਿਲਦੀ ਹੈ ਤਾਂ ਸਾਰਿਆਂ ਦੀ ਖੁਸ਼ੀ ਦਾ ਠਿਕਾਣਾ ਨਹੀਂ ਰਹਿੰਦਾ। ਇਨ੍ਹਾਂ ਦਿਨਾਂ ਵਿੱਚ ਬਾਲੀਵੁੱਡ ਦੀ ਕਈ ਐਕਟਰਸ ਆਪਣੇ ਪ੍ਰੈਗਨੇਂਸੀ ਪੀਰੀਅਡ ਨੂੰ ਕਾਫ਼ੀ ਇਨਜਾਏ ਕਰ ਰਹੀ ਹੈ। ਆਪਣੇ ਬੇਬੀ ਬੰਪ ਦੇ ਨਾਲ ਨਵੇਂ-ਨਵੇਂ ਪੋਜ਼ ਦੇ ਕੇ ਫ਼ੋਟੋਜ ਸ਼ੇਅਰ ਕਰ ਰਹੀ ਹੈ। ਇਸ ਤੋਂ ਇਲਾਵਾ ਬਾਲੀਵੁੱਡ ਡਿਵਾਜ ਆਪਣੇ ਗਰਭ ਅਵਸਥਾ ਵਿੱਚ ਕਸਰਤ ਨੂੰ ਕਾਫ਼ੀ ਅਹਮਿਅਤ ਦੇ ਰਹੀ ਹੈ। ਕੀ ਤੁਸੀਂ ਜਾਣਦੇ ਹੋ ਗਰਭ ਅਵਸਥਾ ਵਿੱਚ ਕਸਰਤ ਕਰਨ ਨਾਲ ਕਿਹੜੇ ਫ਼ਾਇਦੇ ਮਿਲਦੇ ਹਨ। ਜੇ ਤੁਸੀਂ ਨਹੀਂ ਜਾਣਦੇ ਤਾਂ ਇਨ੍ਹਾਂ ਬਾਲੀਵੁੱਡ ਅਦਾਕਾਰਾ ਤੋਂ ਸਿਖੋ। ਆਓ ਜਾਣਦੇ ਹਾਂ ਗਰਭ ਅਵਸਥਾ ਦੇ ਦੌਰਾਨ ਕਸਰਤ ਕਰਨ ਨਾਲ ਕੀ ਫ਼ਾਇਦਾ ਹੁੰਦਾ ਹੈ।

1. ਲੇਬਰ ਪੇਨ ਮਾਨਸਿਕ ਅਤੇ ਸਰੀਰਕ ਰੂਪ ਵਿੱਚ ਕਾਫ਼ੀ ਦਰਦ ਦਿੰਦਾ ਹੈ। ਜਦੋਂ ਲੇਬਰ ਪੇਨ ਹੁੰਦਾ ਹੈ ਤਾਂ ਇਸ ਨੂੰ ਸਹਿਣਾ ਕਾਫ਼ੀ ਮੁਸ਼ਕਲ ਹੁੰਦਾ ਹੈ ਪਰ ਗਰਭ ਅਵਸਥਾ ਦੌਰਾਨ ਕਸਰਤ ਕੀਤੀ ਜਾਵੇ ਤਾਂ ਲੇਬਰ ਪੇਨ ਦਾ ਦਰਦ ਸਹਿਣ ਲਈ ਤਾਕਤ ਮਿਲਦੀ ਹੈ।

2. ਗਰਭ ਅਵਸਥਾ ਦੌਰਾਨ ਕਸਰਤ ਕਰਨ ਨਾਲ ਪੇਲਵਿਰ ਫ਼ਲੋਰ ਮਾਸਪੇਸ਼ੀਆਂ ਵੀ ਮਜ਼ਬੂਤ ਹੋ ਜਾਂਦੀਆਂ ਹਨ। ਇਸ ਨਾਲ ਵੈਜਾਈਨਾ ਨੂੰ ਸਪੋਟ ਮਿਲਦੀ ਹੈ। ਇਸ ਲਈ ਗਰਭ ਅਵਸਥਾ ਦੌਰਾਨ ਫ਼ਲੋਰ ਫ਼ਰਸ਼ ਨਾਲ ਜੁੜੀ ਕਸਰਤ ਕਰੋ।

3. ਗਰਭ ਅਵਸਥਾ ਦੌਰਾਨ ਜੇ ਤੁਸੀਂ ਆਸਾਨੀ ਨਾਲ ਹੋਣ ਵਾਲੀ ਕਸਰਤ ਵੀ ਕਰੋ ਤਾਂ ਇਸ ਨਾਲ ਲੱਤਾ ਦੀਆਂ ਮਾਸਪੇਸ਼ੀਆਂ ਮਜ਼ਬੂਕ ਰਹਿੰਦੀਆਂ ਹਨ। ਇਸ ਲਈ ਬਹਿਤਰ ਹੋਵੇਗਾ ਕਿ ਕਸਰਤ ਕਰੋ ਕਿਉਂਕਿ ਇਹ ਲੱਤਾ ਦੀਆਂ ਮਾਸਪੇਸ਼ੀਆਂ ਨੂੰ ਲੇਬਰ ਦੇ ਤਣਾਅ ਤੋਂ ਬਚਾਉਂਦੀ ਹੈ।

4. ਗਰਭ ਅਵਸਥਾ ਦੇ ਬਾਅਦ ਭਾਰ ਵਧਣ ਲੱਗਦਾ ਹੈ ਜੇ ਤੁਸੀਂ ਵੀ ਆਪਣੇ ਭਾਰ ਨੂੰ ਕੰਟਰੋਲ ਵਿੱਚ ਰੱਖਣਾ ਚਾਹੁੰਦੀ ਹੋ ਤਾਂ ਗਰਭ ਅਵਸਥਾ ਦੇ ਦੌਰਾਨ ਕਸਰਤ ਨੂੰ ਵੀ ਅਹਮਿਅਤ ਦਿਓ।

5. ਡਿਲਵਰੀ ਦੇ ਬਾਅਦ ਸਰੀਰ ਨੂੰ ਫ਼ਿਟ ਰੱਖਣ ਲਈ ਕਸਰਤ ਕਾਫ਼ੀ ਜ਼ਰੂਰੀ ਹੈ। ਇਸ ਨਾਲ ਤੇਜ਼ੀ ਨਾਲ ਰਿਕਵਰੀ ਹੋਵੇਗੀ ਅਤੇ ਤੁਸੀਂ ਪਹਿਲਾਂ ਵਰਗੀ ਫ਼ਿਗਰ ਮੇਨਟੇਨ ਰੱਖ ਸਕੋਗੀ।

ਤੁਲਸੀ ਕਰਦੀ ਹੈ ਸ਼ਰੀਰ ਦੀਆਂ ਕਈ ਬੀਮਾਰੀਆਂ ਨੂੰ ਦੂਰ

ਤੁਲਸੀ ਵਿੱਚ ਕਈ ਔਸ਼ਧੀਆਂ ਦੇ ਗੁਣ ਮੌਜੂਦ ਹਨ। ਦਿਲ ਦਾ ਰੋਗ ਹੋਵੇ ਜਾਂ ਸਰਦੀ ਜ਼ੁਕਾਮ, ਆਯੁਰਵੇਦਾ ਵਿੱਚ ਤੁਲਸੀ ਦੀ ਵਰਤੋਂ ਸ਼ੁਰੂ ਤੋਂ ਹੁੰਦੀ ਆ ਰਹੀ ਹੈ। ਭਾਰਤ ਵਿੱਚ ਕਈ ਘਰਾਂ ਵਿੱਚ ਹੀ ਤੁਹਾਨੂੰ ਤੁਲਸੀ ਦੇ ਪੌਦੇ ਦੇਖਣ ਨੂੰ ਮਿਲ ਜਾਂਦੇ ਹਨ। ਤੁਲਸੀ ਦੀ ਵਰਤੋਂ ਨਾਲ ਸਰੀਰ ਕਈ ਬੀਮਾਰੀਆਂ ਤੋਂ ਦੂਰ ਰਹਿੰਦਾ ਹੈ। ਤੁਲਸੀ ਨਾਲ ਕਈ ਰੋਗਾਂ ਨੂੰ ਦੂਰ ਕੀਤਾ ਜਾ ਸਕਦਾ ਹੈ। ਆਓ ਜਾਣਦੇ ਹਾਂ ਤੁਲਸੀ ਨਾਲ ਸ਼ਰੀਰ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ...

1. ਗਲੇ ਦੀ ਖ਼ਰਾਸ਼: ਤੁਲਸੀ ਦੀਆਂ ਪੱਤੀਆਂ ਨੂੰ ਉਬਾਲ ਕੇ ਉਸ ਪਾਣੀ ਨੂੰ ਪੀਣ ਨਾਲ ਗਲੇ ਦੀ ਖ਼ਰਾਸ਼ ਦੂਰ ਹੋ ਜਾਂਦੀ ਹੈ। ਇਸ ਪਾਣੀ ਨੂੰ ਤੁਸੀਂ ਗਰਾਰੇ ਕਰਨ ਲਈ ਵੀ ਵਰਤ ਸਕਦੇ ਹੋ। ਬੱਚਿਆਂ ਵਿੱਚ ਬੁਖਾਰ, ਖ਼ਾਂਸੀ ਅਤੇ ਉਲਟੀ ਵਰਗੀ ਸਮੱਸਿਆ ਹੋਣ 'ਤੇ ਤੁਲਸੀ ਬੇਹੱਦ ਫ਼ਾਇਦੇਮੰਦ ਹੁੰਦੀ ਹੈ।

2. ਸਾਹ ਦੀ ਸਮੱਸਿਆ: ਸਾਹ ਦੀ ਸਮੱਸਿਆ ਹੋਣ 'ਤੇ ਤੁਲਸੀ ਬਹੁਤ ਹੀ ਲਾਭਕਾਰੀ ਸਾਬਤ ਹੁੰਦੀ ਹੈ। ਸ਼ਹਿਦ, ਅਦਰਕ ਅਤੇ ਤੁਲਸੀ ਨੂੰ ਮਿਲਾ ਕੇ ਬਣਾਇਆ ਗਿਆ ਕਾੜ੍ਹਾ ਪੀਣ ਨਾਲ ਖ਼ਾਂਸੀ ਅਤੇ ਸਰਦੀ ਤੋਂ ਰਾਹਤ ਮਿਲਦੀ ਹੈ ਅਤੇ ਇਸ ਨਾਲ ਸਾਹ ਦੀ ਸਮੱਸਿਆ ਵੀ ਦੂਰ ਹੋ ਜਾਂਦੀ ਹੈ।

3. ਗੁਰਦੇ ਦੀ ਪੱਥਰੀ: ਤੁਲਸੀ ਗੁਰਦਿਆਂ ਨੂੰ ਮਜ਼ਬੂਤ ਬਣਾਉਂਦੀ ਹੈ ਜੇ ਕਿਸੇ ਦੇ ਗੁਰਦੇ ਵਿੱਚ ਪੱਥਰੀ ਹੋ ਗਈ ਹੈ ਤਾਂ ਸ਼ਹਿਦ ਵਿੱਚ ਤੁਲਸੀ ਦੇ ਪੱਤੇ ਮਿਲਾ ਕੇ ਨਿਯਮਿਤ ਇਸ ਦੀ ਵਰਤੋਂ ਕਰੋ। ਛੇ ਮਹੀਨੇ ਵਿਚ ਹੀ ਇਸ ਦਾ ਅਸਰ ਦਿਖਣਾ ਸ਼ੁਰੂ ਹੋ ਜਾਵੇਗਾ।

4. ਦਿਲ ਦੇ ਰੋਗ: ਤੁਲਸੀ ਖ਼ੂਨ ਵਿੱਚ ਕੋਲੈਸਟਰੋਲ ਦੇ ਲੇਵਲ ਨੂੰ ਘਟਾਉਂਦੀ ਹੈ। ਅਜਿਹੇ ਵਿੱਚ ਦਿਲ ਦੇ ਰੋਗੀਆਂ ਲਈ ਇਹ ਕਾਫ਼ੀ ਕਾਰਗਾਰ ਸਾਬਤ ਹੁੰਦੀ ਹੈ। ਇਸ ਤੋਂ ਇਲਾਵਾ ਜਿਨ੍ਹਾਂ ਮਰਦਾਂ ਨੂੰ ਕੋਲੈਸਟਰੋਲਦ ਦੀ ਵਜ੍ਹਾ ਤੋਂ ਨਾਮਰਦੀ ਦੀ ਸਮੱਸਿਆ ਨਾਲ ਜੂਝਣਾ ਪੈ ਰਿਹਾ ਹੈ, ਉਨ੍ਹਾਂ ਨੂੰ ਵੀ ਤੁਲਸੀ ਦੀ ਲੰਬਾ ਅਰਸਾ ਵਰਤੋਂ ਨਾਲ ਫ਼ਾਇਦਾ ਹੁੰਦਾ ਹੈ।

5. ਤਨਾਅ: ਤੁਲਸੀ ਦੇ ਪੱਤਿਆਂ ਵਿੱਚ ਤਨਾਅ ਦੂਰ ਕਰਨ ਦੇ ਗੁਣ ਵੀ ਮੌਜੂਦ ਹਨ। ਹਾਲ ਹੀ ਵਿੱਚ ਇੱਕ ਸ਼ੋਧ ਵਿੱਚ ਪਤਾ ਚਲਿਆ ਹੈ ਕਿ ਤੁਲਸੀ ਤਨਾਅ ਤੋਂ ਬਚਾਉਂਦੀ ਹੈ। ਤਨਾਅ ਨੂੰ ਖ਼ੁਦ ਤੋਂ ਦੂਰ ਰੱਖਣ ਲਈ ਹਰ ਕਿਸੇ ਨੂੰ ਤੁਲਸੀ ਦੇ 12 ਪੱਤਿਆਂ ਦੀ ਰੋਜ਼ ਵਰਤੋਂ ਕਰਨੀ ਚਾਹੀਦੀ ਹੈ। ਇਸ ਨਾਲ ਕਾਫ਼ੀ ਫ਼ਾਇਦਾ ਹੁੰਦਾ ਹੈ।

6. ਇਨਫ਼ੈਕਸ਼ਨ ਅਤੇ ਚਮੜੀ ਰੋਗ: ਅਲਸਰ ਅਤੇ ਇਨਫੈਕਸ਼ਨ ਹੋਣ 'ਤੇ ਤੁਲਸੀ ਦੀਆਂ ਪੱਤੀਆਂ ਫ਼ਾਇਦੇਮੰਦ ਸਾਬਤ ਹੁੰਦੀਆਂ ਹਨ। ਰੋਜ਼ਾਨਾ ਤੁਲਸੀ ਨੂੰ ਚਬਾਉਣ ਨਾਲ ਇਨਫ਼ੈਕਸ਼ਨ ਦੂਰ ਹੋ ਜਾਂਦੀ ਹੈ। ਦਾਦ, ਖ਼ਾਰਸ਼ ਅਤੇ ਚਮੜੀ ਦੀਆਂ ਹੋਰ ਸਮੱਸਿਆਵਾਂ ਲਈ ਤੁਲਸੀ ਦੇ ਅਰਕ ਨੂੰ ਪ੍ਰਭਾਵਿਤ ਥਾਂਵਾਂ 'ਤੇ ਲਗਾਉਣ ਨਾਲ ਕੁਝ ਹੀ ਦਿਨ੍ਹਾਂ ਵਿੱਚ ਰੋਗ ਦੂਰ ਹੋ ਜਾਂਦਾ ਹੈ।

7. ਸਾਹ ਦੀ ਬਦਬੂ: ਤੁਲਸੀ ਦੀਆਂ ਸੁੱਕੀਆਂ ਪੱਤੀਆਂ ਨੂੰ ਸਰ੍ਹੋਂ ਦੇ ਤੇਲ ਵਿੱਚ ਮਿਲਾ ਕੇ ਦੰਦ ਸਾਫ਼ ਕਰਨ ਨਾਲ ਸਾਹ ਦੀ ਬਦਬੂ ਦੂਰ ਹੋ ਜਾਂਦੀ ਹੈ। ਸਿਰ ਦਰਦ ਵਿੱਚ ਤੁਲਸੀ ਇੱਕ ਵੱਧੀਆ ਦਵਾਈ ਦੇ ਤੌਰ 'ਤੇ ਕੰਮ ਕਰਦੀ ਹੈ। ਤੁਲਸੀ ਦਾ ਕਾੜ੍ਹਾ ਪੀਣ ਨਾਲ ਸਿਰ ਦਰਦ ਵਿੱਚ ਆਰਾਮ ਮਿਲਦਾ ਹੈ। ਅੱਖਾਂ ਵਿੱਚ ਜਲਨ ਹੋਣ 'ਤੇ ਤੁਲਸੀ ਕਾਰਗਾਰ ਸਾਬਤ ਹੁੰਦੀ ਹੈ। ਰੋਜ਼ਾਨਾ ਤੁਲਸੀ ਦੇ ਅਰਕ ਦੀਆਂ ਦੋ ਬੂੰਦਾਂ ਅੱਖਾਂ ਵਿੱਚ ਪਾਉਣੀਆਂ ਚਾਹੀਦੀਆਂ ਹਨ।

ਡੇਂਗੂ ਦਾ ਇਲਾਜ ਤੇ ਸਾਵਧਾਨੀਆਂ

ਨਰਿੰਦਰ ਕੁਮਾਰ ਭਦੌੜੀਆ (ਡਾ.)

ਡੇਂਗੂ ਇੱਕ ਵਾਇਰਸ ਦਾ ਨਾਮ ਹੈ। ਡੇਂਗੂ ਹੋਣ ਦਾ ਕਾਰਨ ਇਨਫੈਕਸ਼ਨ ਹੁੰਦਾ ਹੈ। ਇਹ ਇਨਫੈਕਸ਼ਨ ਡੇਂਗੂ ਦੇ ਕਰੀਬ ਚਾਰ ਤਰ੍ਹਾਂ ਦੇ ਵਾਇਰਸ ਕਰਕੇ ਹੁੰਦਾ ਹੈ। ਇਹ ਵਾਇਰਸ ਹਨ 45ਐਨਵੀ1, 45ਐਨਵੀ 2, 45ਐਨਵੀ 3 ਅਤੇ 45 ਐਨਵੀ4। ਡੇਂਗੂ ਬੁਖ਼ਾਰ, ਡੇਂਗੂਗ੍ਰਸਤ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜਿਸਦਾ ਨਾਮ ਏਡੀਜ਼ ਹੈ। ਇਹ ਇੱਕ ਮਨੁੱਖ, ਜਿਸਨੂੰ ਡੇਂਗੂ ਹੈ, ਰਾਹੀਂ ਇਕ ਮਨੁੱਖ ਤੋਂ ਦੂਸਰੇ ਮਨੁੱਖ ਤੱਕ ਏਡੀਜ਼ ਮੱਛਰ ਫੈਲਾਉਂਦਾ ਹੈ। ਇਸ ਮੱਛਰ ਦੇ ਸਰੀਰ ਅਤੇ ਲੱਤਾਂ 'ਤੇ ਕਾਲੇ ਅਤੇ ਚਿੱਟੇ ਰੰਗ ਦੀਆਂ ਧਾਰੀਆਂ ਹੁੰਦੀਆਂ ਹਨ। ਇਸ ਕਰਕੇ ਇਸ ਨੂੰ ਚੀਤਾ ਮੱਛਰ ਵੀ ਕਿਹਾ ਜਾਂਦਾ ਹੈ। ਇਹ ਮੱਛਰ ਦਿਨ ਸਮੇਂ ਕੱਟਦਾ ਹੈ। ਮਾਦਾ ਮੱਛਰ ਆਪਣੇ ਆਂਡੇ ਸਾਫ ਪਾਣੀ ਦੇ ਕੰਟੇਨਰਾਂ ਵਿੱਚ ਹੀ ਦਿੰਦੀ ਹੈ।

ਸਿਰਫ ਮਾਦਾ ਮੱਛਰ ਹੀ ਡੰਗ ਮਾਰਦਾ ਹੈ ਕਿਉਂਕਿ ਇਸਨੂੰ ਆਂਡੇ ਦੇਣ ਲਈ ਪ੍ਰੋਟੀਨ ਦੀ ਜ਼ਰੂਰਤ ਹੁੰਦੀ ਹੈ ਜੋ ਇਸ ਨੂੰ ਮਨੁੱਖੀ ਖ਼ੂਨ ਚੋਂ ਮਿਲ ਜਾਂਦੀ ਹੈ। ਇਸ ਨਾਲ ਇਸ ਦੇ ਆਂਡੇ ਨੂੰ ਵਧਣ ਵਿੱਚ ਆਸਾਨੀ ਹੋ ਜਾਂਦੀ ਹੈ। ਇਸ ਮੱਛਰ ਦੇ ਕੱਟਣ ਤੋਂ ਸੱਤ ਦਿਨਾਂ ਬਾਅਦ ਇਸ ਦਾ ਵਾਇਰਸ ਮਨੁੱਖੀ ਸਰੀਰ 'ਚ ਘਰ ਕਰ ਜਾਂਦਾ ਹੈ।

ਇਕ ਮਾਦਾ ਏਡੀਜ਼ ਦੀ ਉਮਰ ਲਗਪਗ ਤਿੰਨ ਹਫਤੇ ਮੰਨੀ ਜਾਂਦੀ ਹੈ। ਪ੍ਰੰਤੂ ਇਹ ਮਾਦਾ ਮੱਛਰ ਆਪਣੀ ਉਮਰ ਵਿੱਚ 3 ਜਾਂ 4 ਵਾਰੀ ਆਂਡੇ ਦਿੰਦੀ ਹੈ। ਹਰ ਵਾਰ ਦਿੱਤੇ ਆਂਡਿਆਂ ਦੀ ਗਿਣਤੀ ਕਰੀਬ 200-250 ਹੁੰਦੀ ਹੈ।

ਵੱਡੇ ਬਣ ਚੁੱਕੇ ਮੱਛਰ ਆਮ ਤੌਰ 'ਤੇ ਹਨੇਰੇ ਥਾਵਾਂ ਉਪਰ ਜਿਵੇਂ ਕਿ ਕਮਰੇ ਵਿੱਚ ਬੈਡ ਦੇ ਹੇਠਾਂ, ਪਰਦਿਆਂ ਦੇ ਪਿੱਛੇ, ਕੁਰਸੀਆਂ ਅਤੇ ਮੇਜ਼ਾਂ ਦੇ ਥੱਲੇ ਲੁਕ ਕੇ ਬੈਠਦੇ ਹਨ। ਇਨ੍ਹਾਂ ਦੇ ਡੰਗ ਮਾਰਨ ਲਈ ਉਡਣ ਦੀ ਸਮਰੱਥਾ ਬਹੁਤ ਥੋੜੀ ਹੁੰਦੀ ਹੈ। ਇਹ ਮੱਛਰ ਤਕਰੀਬਨ 400 ਮੀਟਰ ਤਕ ਉਡਾਰੀ ਮਾਰ ਸਕਦਾ ਹੈ। ਸਾਫ ਪਾਣੀ ਨਾਲ ਭਰੇ ਹੋਏ ਕੰਟੇਨਰ, ਪਾਣੀ ਵਾਲੇ ਘੜੇ, ਪੁਰਾਣੇ ਸਕੂਟਰਾਂ ਸਾਈਕਲਾਂ ਦੇ ਟਾਇਰ, ਗਮਲੇ ਅਤੇ ਹੋਰ ਅਜਿਹਾ ਸਾਮਾਨ, ਜਿਸ ਵਿੱਚ ਪਾਣੀ ਖੜ੍ਹਾ ਹੋਵੇ, ਆਂਡੇ ਦੇਣ ਲਈ ਵਰਤਦੇ ਹਨ। ਇਸ ਦਾ ਸਿੱਧਾ ਮਤਲਬ ਇਹ ਨਿਕਲਦਾ ਹੈ ਕਿ ਇਹ ਮੱਛਰ ਹੌਲੀ ਹੌਲੀ ਆਪਣੇ ਆਂਡਿਆਂ ਨਾਲ ਇਸ ਬਿਮਾਰੀ ਨੂੰ ਬਹੁਤ ਹੀ ਆਸਾਨੀ ਨਾਲ ਫੈਲਾਅ ਦਿੰਦੇ ਹਨ। ਡੇਂਗੂ ਮਾਦਾ ਮੱਛਰ ਕਦੇ ਵੀ ਆਪਣੇ ਆਂਡੇ ਦੇਣ ਲਈ ਚੱਲਦੇ ਪਾਣੀ ਦਾ ਇਸਤੇਮਾਲ ਜਿਵੇਂ ਸੂਏ, ਨਹਿਰਾਂ, ਡਰੇਨਾਂ, ਨਦੀਆਂ, ਝੀਲਾਂ ਆਦਿ ਨੂੰ ਨਹੀਂ ਵਰਤਦੇ।

ਦੇਖਣ ਵਿੱਚ ਆਇਆ ਹੈ ਕਿ ਮਾਦਾ ਮੱਛਰ ਹੌਲੀ ਹੌਲੀ ਆਪਣੇ ਆਂਡਿਆਂ ਨਾਲ ਇਸ ਬਿਮਾਰੀ ਨੂੰ ਬਹੁਤ ਹੀ ਆਸਾਨੀ ਨਾਲ ਫੈਲਾਅ ਦਿੰਦੇ ਹਨ। ਡੇਂਗੂ ਮਾਦਾ ਮੱਛਰ ਕਦੇ ਵੀ ਆਪਣੇ ਆਂਡੇ ਦੇਣ ਲਈ ਚੱਲਦੇ ਪਾਣੀ ਦਾ ਇਸਤੇਮਾਲ ਜਿਵੇਂ ਸੂਏ, ਨਹਿਰਾਂ, ਡਰੇਨਾਂ, ਨਦੀਆਂ, ਝੀਲਾਂ ਆਦਿ ਨੂੰ ਨਹੀਂ ਵਰਤਦੇ।

ਦੇਖਣ ਵਿੱਚ ਆਇਆ ਹੈ ਕਿ ਮਾਦਾ ਮੱਛਰ ਦੇ ਡੰਗ ਮਾਰਨ ਤੋਂ 5-6 ਦਿਨਾਂ ਬਾਅਦ ਮੱਛਰ ਦੀ ਇਨਫੈਕਸ਼ਨ ਮਨੁੱਖੀ ਸਰੀਰ ਵਿੱਚ ਘਰ ਕਰਦੀ ਹੈ। ਇਸ ਦਾ ਸਿੱਧਾ ਜਿਹਾ ਮਤਲਬ ਇਹ ਹੈ ਕਿ ਕਿਸੇ ਵੀ ਡੇਂਗੂ ਮਾਦਾ ਮੱਛਰ ਦੇ ਕੱਟਣ ਮੌਕੇ ਇਨਫੈਕਸ਼ਨ ਨਹੀਂ ਹੁੰਦੀ ਸਗੋਂ 5- 6 ਦਿਨਾਂ ਵਿੱਚ ਇਸਦਾ ਅਸਰ ਹੋਣਾ ਸ਼ੁਰੂ ਹੁੰਦਾ ਹੈ। ਡੇਂਗੂ ਦਾ ਮੱਛਰ ਆਮ ਕਰਕੇ ਦਿਨ ਵੇਲੇ ਡੰਗ ਮਾਰਦਾ ਹੈ। ਇਹ ਦੇਖਣ ਵਿੱਚ ਆਇਆ ਹੈ ਕਿ ਇਹ ਸੂਰਜ ਨਿਕਲਣ ਤੋਂ ਦੋ ਘੰਟੇ ਬਾਅਦ ਅਤੇ ਸ਼ਾਮ ਨੂੰ ਸੂਰਜ ਛਿਪਣ ਤੋਂ ਦੋ ਘੰਟੇ ਪਹਿਲਾਂ ਐਕਟਿਵ ਰਹਿੰਦਾ ਹੈ ਭਾਵ ਡੇਂਗੂ ਦਾ ਮੱਛਰ ਸਿਰਫ ਦਿਨ ਸਮੇਂ ਹੀ ਕੱਟਦਾ ਹੈ।

ਇਸ ਤੋਂ ਬਚਣ ਲਈ ਪੂਰੀਆਂ ਬਾਹਾਂ ਦੇ ਕੱਪੜੇ ਪਹਿਨੋ। ਇਸ ਤਰ੍ਹਾਂ ਦੇ ਕੱਪੜੇ ਪਾਉ ਜਿਸ ਨਾਲ ਪੂਰਾ ਸਰੀਰ ਢੱਕਿਆ ਜਾਵੇ। ਦਿਨ ਸਮੇਂ ਮੱਛਰ ਭਜਾਉਣ ਵਾਲੀਆਂ ਕਰੀਮਾਂ, ਗੁੱਡ ਨਾਈਟ, ਆਦਿ ਦਾ ਇਸਤੇਮਾਲ ਕਰੋ। ਖਾਸ ਕਰਕੇ ਬੱਚਿਆਂ ਅਤੇ ਬਜ਼ੁਰਗਾਂ ਦਾ ਧਿਆਨ ਰੱਖੋ ਕਿਉਂਕਿ ਦਿਨ ਸਮੇਂ ਜ਼ਿਆਦਾਤਾਰ ਬੱਚੇ ਅਤੇ ਬਜ਼ੁਰਗ ਆਰਾਮ ਕਰਦੇ ਹਨ।

ਡੇਂਗੂ ਦੀਆਂ ਨਿਸ਼ਾਨੀਆਂ: ਤੇਜ਼ ਸਿਰ ਦਰਦ ਹੋਣਾ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਜ਼ਿਆਦਾ ਦਰਦ ਮਹਿਸੂਸ ਹੋਣਾ, ਮਾਸਪੇਸ਼ੀਆਂ ਦਾ ਦਰਦ, ਜੋੜਾਂ ਦਾ ਦਰਦ, ਖ਼ਾਰਸ਼ ਨਾਲ ਦਾਣੇ ਨਿਕਲਣਾ ਅਤੇ ਨੱਕ ਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ। ਇਹ ਲੱਛਣ ਆਮ ਤੌਰ 0ਤੇ ਡੇਂਗੂ ਦੀ ਬਿਮਾਰੀ ਗ੍ਰਸਤ ਮੱਛਰ ਦੇ ਕੱਟਣ ਤੇ ਦਿਖਾਈ ਦਿੰਦੇ ਹਨ। ਇਥੇ ਇਹ ਵੀ ਜਿਕਰਯੋਗ ਹੈ ਕਿ ਇਹ ਉਪਰੋਕਤ ਲੱਛਣ ਹੋਣ ਦਾ ਮਤਲਬ ਇਹ ਵੀ ਨਹੀਂ ਹੈ ਕਿ ਜਿਸ ਮਨੁੱਖ 0ਚ ਇਹ ਲੱਛਣ ਹੋਣ ਉਸ ਨੂੰ ਡੇਂਗੂ ਹੋਣਾ ਯਕੀਨੀ ਹੈ। ਜੇ ਕਿਸੇ ਮਨੁੱਖ ਨੂੰ ਲੱਗਦਾ ਹੈ ਕਿ ਉਸ ਵਿੱਚ ਡੇਂਗੂ ਬੁਖ਼ਾਰ ਦੇ ਲੱਛਣ ਹਨ ਤਾਂ ਉਹ ਜਲਦੀ ਡਾਕਟਰ ਕੋਲ ਜਾ ਕੇ ਆਪਣੇ ਖ਼ੂਨ ਦੇ ਸੈਂਪਲ ਦੇ ਸਕਦਾ ਹੈ। ਸੈਂਪਲ ਦੀ ਰਿਪੋਰਟ ਆਉਣ ਤੇ ਸਾਫ ਹੋ ਜਾਂਦਾ ਹੈ ਕਿ ਡੇਂਗੂ ਹੈ ਜਾਂ ਨਹੀਂ। ਡੇਂਗੂ ਦੇ ਟੈਸਟ ਦੋ ਪ੍ਰਕਾਰ ਦੇ ਹੁੰਦੇ ਹਨ। ਇਕ ਟੈਸਟ ਪਹਿਲੇ ਪੰਜ ਦਿਨ ਵਿੱਚ ਡੇਂਗੂ ਦੇ ਲੱਛਣ ਮਹਿਸੂਸ ਹੋਣ ਅਤੇ ਦੂਜਾ ਟੈਸਟ ਪੰਜ ਦਿਨਾਂ ਤੋਂ ਬਾਅਦ ਹੁੰਦਾ ਹੈ।

ਸਾਧਾਰਨ ਡੇਂਗੂ ਬੁਖ਼ਾਰ ਵਿੱਚ ਮੌਤ ਨਹੀਂ ਹੁੰਦੀ ਅਤੇ ਲਗਭਗ ਇੱਕ ਹਫਤੇ ਬਾਅਦ ਮਰੀਜ਼ ਠੀਕ ਹੋ ਜਾਂਦਾ ਹੈ। ਪਰ ਜੇਕਰ ਮਰੀਜ਼ ਨੂੰ ਅਗਲੇ ਪੜਾਅ ਡੇਂਗੂ ਸੋਕ ਸਿੰਡਰਮ ਦੇ ਲੱਛਣ ਹੋਣ ਅਤੇ ਸਮੇਂ ਸਿਰ ਭਰਤੀ ਨਾ ਕਰਵਾਇਆ ਜਾਵੇ ਤਾਂ ਜਾਨਲੇਵਾ ਹੋ ਸਕਦਾ ਹੈ। 3 ਤੋਂ 5 ਦਿਨਾ ਦੇ ਬੁਖਾਰ ਤੋ ਬਾਅਦ ਉਪਰੋਕਤ ਲੱਛਣ ਦਿਖਾਈ ਦੇਣ ਤਾਂ ਮਰੀਜ਼ ਨੂੰ ਤੁਰੰਤ ਹਸਪਤਾਲ ਭਰਤੀ ਕਰਵਾ ਦੇਣਾ ਚਾਹੀਦਾ ਹੈ। ਨਵਜੰਮੇ ਬੱਚੇ ਅਤੇ ਛੋਟੇ ਬੱਚੇ ਇਸਦਾ ਜਲਦੀ ਸ਼ਿਕਾਰ ਹੋ ਸਕਦੇ ਹਨ। ਸਹੀ ਸਮੇਂ ਕੀਤਾ ਗਿਆ ਇਲਾਜ ਡੇਂਗੂ ਮਰੀਜ਼ ਦੀ ਜ਼ਿੰਦਗੀ ਬਚਾ ਸਕਦਾ ਹੈ। ਇਸ ਵਿੱਚ ਦੇਰੀ ਹੋਣ ਕਾਰਨ ਮੌਤ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ।

ਡੇਂਗੂ ਦੇ ਚਿੰਨ੍ਹ: ਜ਼ਿਆਦਾ ਪੇਟ ਦਰਦ ਅਤੇ ਵਾਰ-ਵਾਰ ਉਲਟੀ ਆਉਣਾ। ਲਾਲ ਰੰਗ ਦੇ ਧੱਬੇ ਜਾਂ ਚਮੜੀ ਦੇ ਪੈਚਿਜ। ਨੱਕ ਰਾਹੀਂ ਖ਼ੂਨ ਦਾ ਆਉਣਾ। ਉਲਟੀ ਰਾਹੀਂ ਖ਼ੂਨ ਦਾ ਆਉਣਾ। ਸਾਹ ਲੈਣ ਵੇਲੇ ਤਕਲੀਫ ਹੋਣਾ। ਜਿਸ ਮਰੀਜ਼ ਨੂੰ ਇਕ ਵਾਰ ਡੇਂਗੂ ਹੋ ਚੁੱਕਾ ਹੋਵੇ ਉਸ ਨੂੰ ਦੁਬਾਰਾ ਵੀ ਡੇਂਗੂ ਹੋਣ ਦੇ ਆਸਾਰ ਹਨ, ਪਰ ਦੂਸਰੀ ਕਿਸਮ ਦੇ ਵਾਇਰਸ ਤੋਂ।

ਤੰਦਰੁਸਤ ਦਿਖਣ ਵਾਲਾ ਵਿਅਕਤੀ ਵੀ ਡੇਂਗੂ ਦਾ ਮਰੀਜ਼ ਹੋ ਸਕਦਾ ਹੈ। ਜ਼ਿਆਦਾਤਰ ਮਰੀਜ਼ ਡੇਂਗੂ ਬੁਖਾਰ ਦਾ ਇਲਾਜ ਆਪਣੇ ਘਰ ਕਰਵਾਉਂਦੇ ਹਨ ਕਿਉਂਕਿ ਆਪਣੇ ਘਰ ਵਿੱਚ ਮਰੀਜ਼ ਸੁਖਾਵਾਂ ਰਹਿ ਕੇ ਆਪਣੇ ਖਾਣ ਪੀਣ ਦਾ ਜ਼ਿਆਦਾ ਧਿਆਨ ਰੱਖ

ਭੂੰਦੜ ਅਤੇ ਐਡਵੋਕੇਟ ਧਾਮੀ ਵੱਲੋਂ ਜਥੇਦਾਰਾਂ ਨਾਲ ਮੁਲਾਕਾਤ

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬਲਵਿੰਦਰ ਸਿੰਘ ਭੂੰਦੜ।

ਅੰਮ੍ਰਿਤਸਰ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੰਕਟ ਵਿੱਚ ਫਸੇ ਸ਼੍ਰੋਮਣੀ ਅਕਾਲੀ ਦਲ ਦੇ ਮਾਮਲੇ ਨੂੰ ਲੈ ਕੇ ਅੱਜ ਇੱਥੇ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇੱਥੇ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਰਿਹਾਇਸ਼ 'ਤੇ ਉਨ੍ਹਾਂ ਨਾਲ ਅਚਨਚੇਤੀ ਮੀਟਿੰਗ ਕੀਤੀ। ਮੀਟਿੰਗ ਵਿੱਚ ਤਖਤ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੀ ਸ਼ਾਮਲ ਸਨ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੌਜੂਦਾ ਸੰਕਟ ਬਾਰੇ ਚਰਚਾ ਕੀਤੀ ਗਈ ਹੈ। ਮੀਟਿੰਗ ਦੌਰਾਨ ਸੁਖਬੀਰ ਸਿੰਘ ਬਾਦਲ ਮਾਮਲੇ ਵਿੱਚ ਪੰਜ ਸਿੰਘ ਸਾਹਿਬਾਨ ਦੀ ਜਲਦੀ ਮੀਟਿੰਗ ਸੱਦਣ ਅਤੇ ਮਾਮਲੇ ਨੂੰ ਜਲਦ ਹੱਲ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਸੁਖਬੀਰ ਬਾਦਲ ਦੇ ਅਸਤੀਫ਼ੇ ਤੋਂ ਬਾਅਦ ਹੋਰਨਾਂ ਅਕਾਲੀ ਆਗੂਆਂ ਵੱਲੋਂ ਦਿੱਤੇ ਜਾ ਰਹੇ ਅਸਤੀਫ਼ੇ ਅਤੇ ਇਸ ਨਾਲ ਪਾਰਟੀ ਵਿੱਚ ਵਧ ਰਹੇ ਅੰਦਰੂਨੀ ਸੰਕਟ ਦਾ ਵੀ ਜ਼ਿਕਰ ਕੀਤਾ ਹੈ। ਮੀਟਿੰਗ ਮਗਰੋਂ ਮੀਡੀਆ ਨਾਲ ਗੱਲਬਾਤ ਦੌਰਾਨ ਸ੍ਰੀ ਭੂੰਦੜ ਨੇ ਮੀਟਿੰਗ ਦੇ ਵੇਰਵਿਆਂ ਸਬੰਧੀ ਕੋਈ ਵੀ ਜਾਣਕਾਰੀ ਦੇਣ ਤੋਂ ਗੁਰੇਜ਼ ਕੀਤਾ। ਉਨ੍ਹਾਂ ਕਿਹਾ ਕਿ ਉਹ ਇੱਥੇ ਚੱਲ ਰਹੇ ਪਾਠ ਵਿੱਚ ਸ਼ਾਮਲ ਹੋਣ ਲਈ ਆਏ ਸਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਚੋਣ ਸਬੰਧੀ ਉਨ੍ਹਾਂ ਕਿਹਾ ਕਿ ਚੋਣ ਤੋਂ ਪਹਿਲਾਂ ਭਰਤੀ ਸ਼ੁਰੂ ਹੋਵੇਗੀ ਅਤੇ ਡੈਲੀਗੇਟ ਚੁਣੇ ਜਾਣਗੇ। ਡੈਲੀਗੇਟ ਬਾਅਦ ਵਿੱਚ ਪ੍ਰਧਾਨ ਦੀ ਚੋਣ ਕਰਨਗੇ। ਬਲਵੰਤ ਸਿੰਘ ਰਾਜੋਆਣਾ ਵੱਲੋਂ ਪੰਥਕ ਏਕਤਾ ਦੀ ਕੀਤੀ ਗਈ ਅਪੀਲ ਬਾਰੇ ਉਨ੍ਹਾਂ ਕਿਹਾ ਕਿ ਇਸ 'ਤੇ ਗੌਰ ਕੀਤਾ ਜਾਣਾ ਚਾਹੀਦਾ ਹੈ। ਉਧਰ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੀ ਮੀਟਿੰਗ ਬਾਰੇ ਕੁਝ ਵੀ ਕਹਿਣ ਤੋਂ ਗੁਰੇਜ਼ ਕੀਤਾ।

ਸੀਵਰੇਜ ਸਮੱਸਿਆ: ਸੁਪਰ ਸਕਸ਼ਨ ਮਸ਼ੀਨਾਂ ਨਾਲ ਸਫ਼ਾਈ ਸ਼ੁਰੂ

ਮਾਨਸਾ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਨਸਾ ਸ਼ਹਿਰ ਦੇ ਸੀਵਰੇਜ ਦੇ ਪਾਣੀ ਦੀ ਸਮੱਸਿਆ ਦੇ ਪ੍ਰਬੰਧ ਲਈ ਨਗਰ ਕੌਂਸਲ ਮਾਨਸਾ ਵੱਲੋਂ ਵੱਖ-ਵੱਖ ਟੈਂਡਰ ਲਾ ਕੇ ਦੋ ਸੁਪਰ ਸਕਸ਼ਨ ਮਸ਼ੀਨਾਂ ਨਾਲ ਸੀਵਰੇਜ ਦੀ ਸਫ਼ਾਈ ਕਰਨੀ ਸ਼ੁਰੂ ਕਰ ਦਿੱਤੀ ਹੈ। ਸੁਪਰ ਸਕਸ਼ਨ ਮਸ਼ੀਨਾਂ ਨਾਲ ਸੀਵਰੇਜ ਦੀ ਸਫ਼ਾਈ ਦਾ ਕੰਮ ਸ਼ੁਰੂ ਕਰਨ ਦਾ ਰਸਮੀ ਉਦਘਾਟਨ ਹਲਕਾ ਵਿਧਾਇਕ ਵਿਜੈ ਸਿੰਗਲਾ ਨੇ ਕੀਤਾ। ਵਿਧਾਇਕ ਸਿੰਗਲਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਸਰਕਾਰ ਸੀਵਰੇਜ ਦੀ ਸਮੱਸਿਆ ਨੂੰ ਹੱਲ ਕਰਵਾਉਣ ਲਈ ਵਚਨਬੱਧ ਹੈ ਅਤੇ ਕੀਤੇ ਵਾਅਦੇ ਮੁਤਾਬਕ ਅੱਜ ਸ਼ਹਿਰ ਦੇ ਸਾਲਾਂ ਤੋਂ ਬੰਦ ਪਏ ਸੀਵਰੇਜ ਨੂੰ ਖੋਲ੍ਹਣ ਅਤੇ ਸਾਫ਼-ਸਫ਼ਾਈ ਕਰਨ ਲਈ ਦੋ ਸੁਪਰ ਸਕਸ਼ਨ ਮਸ਼ੀਨਾਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੀਵਰੇਜ ਦੇ ਪਾਣੀ ਦੀ ਪੱਕੇ ਤੌਰ 'ਤੇ ਨਿਕਾਸੀ ਦੇ ਹੱਲ ਲਈ ਜਲਦ ਹੀ ਕੰਮ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਨਗਰ ਕੌਂਸਲ ਦੇ ਸੀਨੀਅਰ ਵਾਈਸ ਪ੍ਰਧਾਨ ਸੁਨੀਲ ਕੁਮਾਰ ਨੀਨੂ, ਕੌਂਸਲਰ ਵਿਸ਼ਾਲ ਜੈਨ ਗੋਲਡੀ, ਮੀਤ ਪ੍ਰਧਾਨ ਰਾਮਪਾਲ ਸਿੰਘ, ਐਡਵੋਕੇਟ ਅਮਨ ਕੁਮਾਰ ਮਿੱਤਲ ਤੇ ਹੋਰ ਹਾਜ਼ਰ ਸਨ। ਮਾਨਸਾ ਸ਼ਹਿਰ ਦੇ ਸੀਵਰੇਜ ਸਿਸਟਮ ਅਤੇ ਸਫ਼ਾਈ ਦੇ ਮਾੜੇ ਪ੍ਰਬੰਧਾਂ ਖ਼ਿਲਾਫ਼ ਕੌਂਸਲਰਾਂ ਦੀ ਅਗਵਾਈ ਹੇਠ ਵੱਖ-ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਸੇਵਾ ਸਿੰਘ ਠੀਕਰੀਵਾਲਾ ਚੌਕ ਮਾਨਸਾ ਵਿੱਚ ਚੱਲ ਰਿਹਾ ਧਰਨਾ ਅੱਜ 24ਵੇਂ ਦਿਨ ਵੀ ਜਾਰੀ ਰਿਹਾ।

ਮਾਨਸਾ ਵਿੱਚ ਸਫ਼ਾਈ ਸ਼ੁਰੂ ਕਰਵਾਉਂਦੇ ਹੋਏ ਵਿਧਾਇਕ ਵਿਜੈ ਸਿੰਗਲਾ।

ਮਿਸੀਸਾਗਾ 'ਚ ਵਧਦੇ ਰੋਟੀ ਦੇ ਸੰਕਟ ਕਾਰਨ ਐਮਰਜੈਂਸੀ ਦਾ ਐਲਾਨ

ਨਵੀਂ ਦਿੱਲੀ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੈਨੇਡਾ 'ਚ ਆਮ ਜਨਤਾ ਮਹਿੰਗਾਈ ਦੀ ਸਮੱਸਿਆ ਨਾਲ ਜੂਝ ਰਹੀ ਹੈ। ਹਾਲ ਹੀ 'ਚ ਮਿਸੀਸਾਗਾ ਸ਼ਹਿਰ 'ਚ ਰੋਟੀ ਦਾ ਸੰਕਟ ਪੈਦਾ ਹੋ ਗਿਆ ਹੈ ਅਤੇ ਸਿਟੀ ਕੌਂਸਲ ਵਲੋਂ ਇੱਕ ਮਤਾ ਪਾਸ ਕਰਦਿਆਂ ਖੁਰਾਕ ਅਸੁਰੱਖਿਆ ਬਾਰੇ ਐਮਰਜੈਂਸੀ ਦਾ ਐਲਾਨ ਕਰ ਦਿੱਤਾ ਗਿਆ ਹੈ। ਫੂਡ ਬੈਂਕਸ ਤੋਂ ਮੰਗ ਕੇ ਰੋਟੀ ਖਾਣ ਵਾਲਿਆਂ ਦੀ ਗਿਣਤੀ ਭਾਵੇਂ ਕੈਨੇਡਾ ਦੇ ਹਰ ਇਲਾਕੇ 'ਚ ਵਧੀ ਹੈ, ਪਰ ਮਿਸੀਸਾਗਾ ਦੀ ਮੇਅਰ ਦਾ ਕਹਿਣਾ ਹੈ ਕਿ ਖੁਰਾਕ ਅਸੁਰੱਖਿਆ ਸੰਕਟ ਦੇ ਪੱਧਰ ਤੋਂ ਵੀ ਅੱਗੇ ਜਾ ਚੁੱਕੀ ਹੈ ਅਤੇ ਇਹ ਕੋਈ ਆਰਜ਼ੀ ਮੁੱਦਾ ਨਹੀਂ। ਮਿਸੀਸਾਗਾ ਦੇ ਫੂਡ ਬੈਂਕਸ ਦੀ ਤਾਜ਼ਾ ਰਿਪੋਰਟ ਮੁਤਾਬਿਕ ਸੱਤ ਲੱਖ 16 ਹਜ਼ਾਰ ਦੀ ਆਬਾਦੀ ਵਾਲੇ ਇਸ ਕੈਨੇਡੀਅਨ ਸ਼ਹਿਰ 'ਚ ਮੰਗ ਕੇ ਰੋਟੀ ਖਾਣ ਵਾਲਿਆਂ ਦੀ ਗਿਣਤੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਹੈ। ਇਸ ਸੰਕਟ ਨਾਲ ਉੱਥੇ ਰਹਿ ਰਿਹਾ ਭਾਰਤੀ ਭਾਈਚਾਰਾ ਵੀ ਪ੍ਰਭਾਵਿਤ ਹੋਇਆ ਹੈ।

ਸੂਬਾ ਅਤੇ ਫ਼ੈਡਰਲ ਸਰਕਾਰ ਤੋਂ ਸਹਾਇਤਾ ਦੀ ਮੰਗ: ਜੂਨ 2023 ਤੋਂ ਮਈ 2024 ਦਰਮਿਆਨ ਸ਼ਹਿਰ ਦੀ ਅੱਠ ਫ਼ੀਸਦੀ ਆਬਾਦੀ ਮੰਗ ਕੇ ਰੋਟੀ ਖਾ ਜਾ ਰਹੀ ਸੀ ਜਦ ਕਿ 2019 'ਚ ਹਰ 37 ਜਣਿਆਂ ਪਿੱਛੇ ਇੱਕ ਜਣਾ ਹੀ ਮੰਗ ਕੇ ਰੋਟੀ ਖਾਣ ਲਈ ਮਜਬੂਰ ਸੀ। ਇੱਕ ਰਿਪੋਰਟ 'ਚ ਦਾਅਵਾ ਕੀਤਾ ਗਿਆ ਹੈ ਕਿ ਪਿਛਲੇ ਸਾਲ ਦੇ ਮੁਕਾਬਲੇ ਮੰਗ ਕੇ ਰੋਟੀ ਖਾਣ ਵਾਲਿਆਂ ਦੀ ਗਿਣਤੀ 58 ਫ਼ੀਸਦੀ ਵਧੀ ਹੈ, ਅਤੇ ਲੋਕਾਂ ਨੇ ਫੂਡ ਬੈਂਕਸ ਦੇ ਚਾਰ ਲੱਖ 20 ਹਜ਼ਾਰ ਤੋਂ ਵੱਧ ਚੱਕਰ ਲਾਏ। ਦੂਜੇ ਪਾਸੇ ਸਟੈਟਿਸਟਿਕਸ ਕੈਨੇਡਾ ਅਤੇ ਫੂਡ ਬੈਂਕਸ ਕੈਨੇਡਾ ਦਾ ਮੰਨਣਾ ਹੈ ਕਿ ਇਹੀ ਹਾਲਾਤ ਰਹੇ ਤਾਂ ਕੈਨੇਡਾ ਦੇ 25 ਫ਼ੀਸਦੀ ਲੋਕ ਰੋਟੀ ਲਈ ਫੂਡ ਬੈਂਕਸ 'ਤੇ ਨਿਰਭਰ ਹੋ ਸਕਦੇ ਹਨ। ਮਿਸੀਸਾਗਾ ਸਿਟੀ ਕੌਂਸਲ ਵਲੋਂ ਪਾਸ ਮਤੇ 'ਚ ਸੂਬਾ ਅਤੇ ਫ਼ੈਡਰਲ ਸਰਕਾਰ ਤੋਂ ਸਹਾਇਤਾ ਦੀ ਮੰਗ ਕੀਤੀ ਗਈ ਹੈ ਤਾਂ ਕਿ ਸ਼ਹਿਰ ਵਾਸੀਆਂ ਨੂੰ ਜ਼ਰੂਰੀ ਵਸਤਾਂ ਮੁਹੱਈਆ ਕਰਵਾਉਣ 'ਚ ਦਿੱਕਤਾਂ ਨਾ ਆਉਣ। ਇਸ ਦੇ ਨਾਲ ਹੀ ਫ਼ੈਡਰਲ ਅਤੇ ਸੂਬਾ ਸਰਕਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਖੁਰਾਕ ਅਸੁਰੱਖਿਆ ਨੂੰ ਓਨਟੈਰੀਓ ਪੱਧਰ 'ਤੇ ਐਮਰਜੈਂਸੀ ਐਲਾਨਿਆ ਜਾਵੇ ਅਤੇ ਸਮਾਜਿਕ ਸਹਾਇਤਾ ਪ੍ਰੋਗਰਾਮਾਂ 'ਚ ਸੁਧਾਰ ਦੇ ਯਤਨ ਕੀਤੇ ਜਾਣ।

ਹੱਲ ਲਈ ਲੱਭਣੀ ਪਵੇਗੀ ਮਸਲੇ ਦੀ ਜੜ੍ਹ: ਕਿਰਤੀ ਕਾਨੂੰਨਾਂ 'ਚ ਸੋਧ ਕਰਦਿਆਂ ਵੱਖ-ਵੱਖ ਖੇਤਰਾਂ 'ਚ ਸਰਗਰਮ ਕਾਮਿਆਂ ਸਈ ਸੁਖਾਵੇਂ ਮਾਹੌਲ ਦੀ ਸਿਰਜਣਾ ਕੀਤੀ ਜਾਵੇ ਅਤੇ ਸੰਘਰਸ਼ ਕਰ ਰਹੇ ਪਰਿਵਾਰਾਂ ਦੀ ਮਦਦ ਲਈ ਗਰੌਸਰੀ ਜਾਂ ਹੋਰ ਜ਼ਰੂਰੀ ਵਸਤਾਂ ਉਪਲਬਧਤਾ ਯਕੀਨੀ ਬਣਾਈ ਜਾਵੇ। ਸਿਟੀ ਕੌਂਸਲ ਦਾ ਬਿਆਨ ਕਹਿੰਦਾ ਹੈ ਕਿ ਇਹ ਸਿਰਫ਼ ਮਿਸੀਸਾਗਾ ਦੀ ਸਮੱਸਿਆ ਨਹੀਂ ਅਤੇ ਇਸ ਮਸਲੇ ਨੂੰ ਇਕੱਲੇ ਤੌਰ 'ਤੇ ਹੱਲ ਨਹੀਂ ਕੀਤਾ ਜਾ ਸਕਦਾ। ਸਭ ਤੋਂ ਪਹਿਲਾਂ ਮਸਲੇ ਦੀ ਜੜ੍ਹ ਵੱਲ ਜਾਣਾ ਹੋਵੇਗਾ ਅਤੇ ਉਹ ਕਾਰਨ ਸਾਹਮਣੇ ਲਿਆਉਣੇ ਹੋਣਗੇ ਜਿਨ੍ਹਾਂ ਕਰ ਕੇ ਲੋਕਾਂ ਨੂੰ ਫੂਡ ਬੈਂਕਸ 'ਤੇ ਨਿਰਭਰ ਹੋਣਾ ਪਿਆ। ਮੇਅਰ ਕੈਰੋਲਿਨ ਪੈਰਿਸ਼ ਨੇ ਕਿਹਾ ਕਿ ਗ਼ਰੀਬੀ ਘਟਾਉਣ ਲਈ ਲੰਮੇ ਸਮੇਂ ਦੀ ਸਥਿਰ ਯੋਜਨਾ ਲੋੜੀਂਦੀ ਹੈ ਜਦ ਕਿ ਅਜਿਹੀਆਂ ਨੀਤੀਆਂ ਲਾਗੂ ਕਰਨੀਆਂ ਹੋਣਗੀਆਂ ਜਿਨ੍ਹਾਂ ਰਾਹੀਂ ਬੁਨਿਆਦੀ ਮਨੁੱਖੀ ਹੱਕਾਂ ਨੂੰ ਕਾਇਮ ਰੱਖਿਆ ਜਾ ਸਕੇ। ਆਪਣੀਆਂ ਕਮਿਊਨਿਟੀਜ਼ ਦੀ ਬਿਹਤਰੀ ਲਈ ਸਾਨੂੰ ਸਭਨਾਂ ਨੂੰ ਇਕਜੁੱਟ ਵੀ ਹੋਣਾ ਪਵੇਗਾ। ਇਸੇ ਦੌਰਾਨ ਫੂਡ ਬੈਂਕਸ ਮਿਸੀਸਾਗਾ ਦੀ ਮੁੱਖ ਕਾਰਜਕਾਰੀ ਅਫ਼ਸਰ ਮੇਗਨ ਨਿਕੋਲਜ਼ ਨੇ ਕਿਹਾ ਕਿ ਇਸ ਵੇਲੇ ਖੁਰਾਕੀ ਵਸਤਾਂ ਦੀ ਮੰਗ ਕੋਰੋਨਾ ਮਹਾਂਮਾਰੀ ਵਾਲੇ ਸਮੇਂ ਤੋਂ ਵੀ ਟੱਪ ਚੁੱਕੀ ਹੈ। ਪਿਛਲੇ ਸਾਲ ਫੂਡ ਬੈਂਕਸ ਦੇ ਗੇੜੇ ਲਾਉਣ ਵਾਲਿਆਂ ਦੀ ਗਿਣਤੀ ਤਕਰੀਬਨ 80 ਫ਼ੀਸਦੀ ਵਧੀ, ਪਰ ਲੱਖ ਯਤਨਾਂ ਦੇ ਬਾਵਜੂਦ ਫੂਡ ਬੈਂਕਸ ਨੂੰ ਮਿਲਣ ਵਾਲੇ ਦਾਨ 'ਚ ਸਿਰਫ਼ ਦੋ ਫ਼ੀਸਦੀ ਦਾ ਵਾਧਾ ਹੀ ਕੀਤਾ ਜਾ ਸਕਿਆ।

ਪੂੰਜੀ ਵਿਸਥਾਰ ਅਤੇ ਸਹਿਕਾਰਤਾ ਲਹਿਰ ਦੀ ਮਜ਼ਬੂਤੀ ਲਈ ਸਹਿਕਾਰਤਾ ਵਿਭਾਗ ਨੂੰ ਪੰਜਾਬ ਸਰਕਾਰ ਵੱਲੋਂ ਪੂਰਨ ਸਹਿਯੋਗ : ਹਰਪਾਲ ਸਿੰਘ ਚੀਮਾ

➢ ਸਹਿਕਾਰਤਾ ਵਿਭਾਗ ਨੂੰ ਪੰਜਾਬ ਦੇ ਆਰਥਿਕ ਵਿਕਾਸ ਦੀ ਰੀੜ੍ਹ ਦੀ ਹੱਡੀ ਐਲਾਨਿਆ ➢ ਵਿੱਤੀ ਸਾਲ 2023-2024 ਦੌਰਾਨ ਪ੍ਰਤੀ ਦਿਨ 31 ਲੱਖ ਲੀਟਰ ਦੁੱਧ ਦੀ ਰਿਕਾਰਡ ਖਰੀਦ ਲਈ ਮਿਲਕਫੈੱਡ ਦੀ ਕੀਤੀ ਸ਼ਲਾਘਾ

ਚੰਡੀਗੜ੍ਹ, 23 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਹਿਕਾਰਤਾ ਵਿਭਾਗ ਨੂੰ ਪੰਜਾਬ ਦੇ ਆਰਥਿਕ ਵਿਕਾਸ ਦੀ ਰੀੜ੍ਹ ਦੀ ਹੱਡੀ ਐਲਾਨਦਿਆਂ ਸੂਬੇ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਸਹਿਕਾਰਤਾ ਲਹਿਰ ਦੀ ਮਜ਼ਬੂਤੀ ਅਤੇ ਪੂੰਜੀ ਵਿਸਥਾਰ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਤੇ ਖਾਸਕਰ ਵਿੱਤ ਵਿਭਾਗ ਵੱਲੋਂ ਸਹਿਕਾਰਤਾ ਵਿਭਾਗ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ। ਉਹ ਇਥੇ ਟੈਗੋਰ ਭਵਨ ਵਿਖੇ 71ਵੇਂ ਸਰਬ ਭਾਰਤੀ ਸਹਿਕਾਰਤਾ ਹਫਤੇ ਦੇ ਆਖਰੀ ਦਿਨ ਸੂਬਾ ਪੱਧਰੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।

ਇਸ ਮੌਕੇ ਉਨ੍ਹਾਂ ਸਹਿਕਾਰਤਾ ਵਿਭਾਗ ਵੱਲੋਂ ਸੂਬੇ ਭਰ ਵਿੱਚ ਫੁਲਕਾਰੀਆਂ ਤਿਆਰ ਕਰਨ ਵਾਲੀਆਂ ਔਰਤਾਂ ਦੇ ਉਤਪਾਦਾਂ ਨੂੰ ਵਿਸਵ ਪੱਧਰੀ ਵਿਕਰੀ ਮੰਚ ਮੁਹੱਈਆ ਕਰਵਾਉਣ ਲਈ ਤਿਆਰ ਕੀਤੇ ਗਏ ਵੈੱਬ ਪੋਰਟਲ 'ਫੁਲਕਾਰੀ' ਅਤੇ ਵੇਰਕਾ ਦੇ ਨਵੇਂ ਉਤਪਾਦਾਂ ਨੂੰ ਵੀ ਜਾਰੀ ਕੀਤਾ। ਉਨ੍ਹਾਂ ਸਹਿਕਾਰਤਾ ਵਿਭਾਗ ਵੱਲੋਂ ਤਿਆਰ ਕੀਤੀ ਗਈ ਕੌਫੀ ਟੇਬਲ ਬੁੱਕ ਦੀ ਘੁੰਡ ਚੁਕਾਈ ਵੀ ਕੀਤੀ।

ਸਮਾਗਮ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਲ 2022 ਵਿੱਚ ਮੌਜੂਦਾ ਸਰਕਾਰ ਦੇ ਗਠਨ ਦੌਰਾਨ ਸ਼ੂਗਰਫੈੱਡ ਦੀਆਂ 400 ਕਰੋੜ ਰੁਪਏ ਤੋਂ ਵੱਧ ਦੀਆਂ ਦੇਣਦਾਰੀਆਂ ਸਨ। ਉਨ੍ਹਾਂ ਕਿਹਾ ਕਿ ਬੀਤੇ 2 ਸਾਲਾਂ ਦੌਰਾਨ ਇਸ ਸੰਸਥਾ ਨੂੰ ਨਾ ਸਿਰਫ ਦੇਣਦਾਰੀਆਂ ਤੋਂ ਮੁਕਤ ਕੀਤਾ ਗਿਆ ਬਲਕਿ ਹੋਰ ਮਜ਼ਬੂਤ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਇੰਨ੍ਹਾਂ ਕੋਸ਼ਿਸ਼ਾਂ ਸਦਕਾ ਹੀ ਸਾਲ 2024-25 ਦੌਰਾਨ ਗੰਨੇ ਦੀ ਕਾਸ਼ਤ ਅਧੀਨ ਰਕਬਾ ਸਾਲ 2022-23 ਦੇ ਮੁਕਾਬਲੇ 50429 ਹੈਕਟੇਅਰ ਤੋਂ ਵੱਧ ਕੇ 56391 ਹੈਕਟੇਅਰ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਅਦਾਰੇ ਨੂੰ ਘਾਟੇ ਤੋਂ ਮੁਨਾਫੇ ਵਿੱਚ ਲਿਆਉਣ ਲਈ ਵੀ ਕਈ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਭੋਗਪੁਰ ਸਹਿਕਾਰੀ ਖੰਡ ਮਿੱਲ ਵਿਖੇ ਝੋਨੇ ਦੀ ਪਰਾਲੀ ਨਾਲ 14 ਮੈਗਾਵਾਟ ਦਾ ਕੋ-ਜੈਨਰੇਸ਼ਨ ਪਲਾਂਟ ਚਲਾਇਆ ਗਿਆ ਜਿਸ ਤੋ ਸਾਲ 2023-24 ਵਿੱਚ 15.31 ਕਰੋੜ ਰੁਪਏ ਕਮਾਏ ਗਏ ਹਨ।

ਮਿਲਕਫੈੱਡ ਨੂੰ ਦੇਸ਼ ਦੀਆਂ 3 ਬੇਹਤਰੀਨ ਦੁੱਧ ਉਤਪਾਦਕ ਏਜੰਸੀਆਂ ਵਿੱਚੋਂ ਇੱਕ ਦੱਸਦਿਆਂ, ਵਿੱਤ ਮੰਤਰੀ ਨੇ ਕਿਹਾ ਕਿ ਮਿਲਕਫੈਡ ਵੱਲੋਂ ਵਿੱਤੀ ਸਾਲ 2023-2024 ਦੌਰਾਨ ਹੁਣ ਤੱਕ ਦੀ ਸੱਭ ਤੋਂ ਵੱਧ ਪ੍ਰਤੀ ਦਿਨ 31 ਲੱਖ ਲੀਟਰ ਦੁੱਧ ਦੀ ਖਰੀਦ ਦਾ ਕੀਰਤੀਮਾਨ ਸਥਾਪਤ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਵੇਰਕਾ ਕੈਟਲ ਫੀਡ ਪਲਾਂਟ, ਘਣੀਆ ਕੇ ਬੰਗਰ ਵਿਖੇ 2 ਦਸੰਬਰ 2023 ਨੂੰ ਸ਼ੁਰੂ ਕੀਤੇ ਗਏ 50 ਐਮ.ਟੀ.ਪੀ.ਟੀ ਬਾਈ-ਪਾਸ ਪ੍ਰੋਟੀਨ ਪਲਾਂਟ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵਿਖੇ 50.000 ਐਲ.ਪੀ.ਡੀ ਤੱਕ ਦੀ ਸਮਰੱਥਾ ਵਾਲੇ ਫਰਮੈਂਟਡ ਮਿਲਕ ਪ੍ਰੋਸੈਸਿੰਗ ਅਤੇ ਪੈਕੇਜਿੰਗ ਯੂਨਿਟ ਦਾ ਉਚੇਚੇ ਤੌਰ 'ਤੇ ਜਿਕਰ ਕੀਤਾ। ਵਿੱਤ ਮੰਤਰੀ ਵੱਲੋਂ ਇਸ ਮੌਕੇ ਵੇਰਕਾ ਦੇ ਨਵੇਂ ਉਤਪਾਦਾਂ ਖੰਡ- ਰਹਿਤ ਖੀਰ, ਖੰਡ-ਰਹਿਤ ਮਿਲਕ ਕੇਕ, ਖੰਡ- ਰਹਿਤ ਪੀਓ ਪ੍ਰੋਟੀਨ ਅਤੇ ਗੋਕਾ ਘਿਓ ਦੇ 1 ਲਿਟਰ ਪਲਾਸਟਿਕ ਜਾਰ ਨੂੰ ਵੀ ਜਾਰੀ ਕੀਤਾ ਗਿਆ।

ਫਸਲੀ ਵਿਭਿੰਨਤਾ ਲਿਆਉਣ ਵਿੱਚ ਮਾਰਕਫੈੱਡ ਦੀ ਭੂਮਿਕਾ ਦਾ ਜਿਕਰ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮਾਰਕਫੈੱਡ ਵੱਲੋਂ ਕਿਸਾਨਾਂ ਨੂੰ ਝੋਨੇ ਤੇ ਕਣਕ ਦੇ ਚੱਕਰ ਤੋਂ ਦੂਰ ਕਰਨ ਲਈ ਮੂੰਗੀ ਦੀ ਕੀਮਤ ਸਮਰਥਨ ਯੋਜਨਾ ਮੁਹੱਈਆ ਕਰਵਾਈ ਗਈ। ਉਨ੍ਹਾਂ ਕਿਹਾ ਕਿ ਮਾਰਕਫੈੱਡ ਦੁਆਰਾ 7584 ਮੀਟਰਕ ਟਨ ਮੂੰਗੀ ਦੀ ਖਰੀਦ ਕੀਤੀ ਗਈ ਜਿਸ ਨਾਲ 4515 ਕਿਸਾਨਾਂ ਨੂੰ ਫਾਇਦਾ ਹੋਇਆ। ਉਨ੍ਹਾਂ ਕਿਹਾ ਕਿ ਮਾਰਕਫੈੱਡ ਵੱਲੋਂ ਤਿਆਰ ਅਤੇ ਮਾਰਕਿਟ ਕੀਤੇ ਜਾਣ ਵਾਲੇ ਪ੍ਰੈਸੈਡ ਫੂਡ ਅਤੇ ਹੋਰ ਖਾਦ ਪਦਾਰਥ ਜਿੱਥੇ ਆਪਣੇ ਮਿਆਰ ਲਈ ਦ

1990 ਦੇ ਸਬੂਤਾਂ ਨਾਲ ਛੇੜਛਾੜ ਦੇ ਮਾਮਲੇ 'ਚ ਸਾਬਕਾ ਮੰਤਰੀ ਵਿਰੁੱਧ ਅਪਰਾਧਿਕ ਕਾਰਵਾਈ ਮੁੜ ਬਹਾਲ

ਏਜੰਸੀਆਂ

ਨਵੀਂ ਦਿੱਲੀ 23 ਨਵੰਬਰ। ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਕੇਰਲ ਦੇ ਸਾਬਕਾ ਟਰਾਂਸਪੋਰਟ ਮੰਤਰੀ ਐਂਟੋਨੀ ਰਾਜੂ ਵਿਰੁੱਧ 1990 ਦੇ ਨਸੀਲੇ ਪਦਾਰਥਾਂ ਦੀ ਜਬਤੀ ਦੇ ਮਾਮਲੇ ਵਿਚ ਸਬੂਤਾਂ ਨਾਲ ਛੇੜਛਾੜ ਕਰਨ ਦੇ ਦੋਸ਼ ਵਿਚ ਹੇਠਲੀ ਅਦਾਲਤ ਵਿਚ

ਅਪਰਾਧਿਕ ਕਾਰਵਾਈ ਨੂੰ ਬਹਾਲ ਕਰ ਦਿੱਤਾ ਹੈ। ਜਸਟਿਸ ਸੀਟੀ ਰਵੀਕੁਮਾਰ ਅਤੇ ਜਸਟਿਸ ਸੰਜੇ ਕਰੋਲ ਦੇ ਬੈਂਚ ਅਨੁਸਾਰ ਇਹ ਨਹੀਂ ਕਿਹਾ ਜਾ ਸਕਦਾ ਕਿ ਰਾਜੂ ਖਿ?ਲਾਫ ਨਵੀਂ ਕਾਰਵਾਈ ਦੀ ਇਜਾਜਤ ਦੇਣ ਵਾਲਾ ਹਾਈ ਕੋਰਟ ਦਾ ਹੁਕਮ ਕਾਨੂੰਨ ਦੇ ਨਜਰੀਏ ਤੋਂ ਮਾੜਾ ਹੈ। ਸਿਖਰਲੀ ਅਦਾਲਤ ਨੇ ਹੇਠਲੀ ਅਦਾਲਤ ਨੂੰ ਇੱਕ ਸਾਲ ਵਿੱਚ ਕਾਰਵਾਈ ਪੂਰੀ ਕਰਨ ਲਈ ਕਿਹਾ ਹੈ। ਬੈਂਚ ਨੇ ਕਿਹਾ ਕਿ ਮੁਲਜਮ 20 ਦਸੰਬਰ, 2024 ਨੂੰ ਹੇਠਲੀ ਅਦਾਲਤ ਵਿੱਚ ਪੇਸ ਹੋਣਗੇ, ਜਾਂ ਸਬੰਧਤ ਅਦਾਲਤ ਦੇ ਅਗਲੇ ਕੰਮਕਾਜੀ ਦਿਨ। ਬੈਂਚ ਨੇ ਪਿਛਲੇ ਸਾਲ 10 ਮਾਰਚ ਨੂੰ ਕੁਝ ਤਕਨੀਕੀ ਆਧਾਰਾਂ 'ਤੇ ਕਾਰਵਾਈ ਮੁਲਤਵੀ ਕਰ ਦਿੱਤੀ ਸੀ। ਸੱਤਾਧਾਰੀ ਫਰੰਟ ਐੱਲਡੀਐੱਫ ਦੇ ਸੱਤਾਧਾਰੀ ਮੋਰਚੇ ਕੇਰਲਾ ਕਾਂਗਰਸ ਦੇ ਆਗੂ ਰਾਜੂ ਵਿਰੁੱਧ ਕੇਸ 1990 'ਚ ਨਸੀਲੇ ਪਦਾਰਥਾਂ ਦੇ ਜਬਤ ਕੇਸ 'ਚ ਸਬੂਤਾਂ ਨਾਲ ਕਥਿਤ ਛੇੜਛਾੜ ਨਾਲ ਸਬੰਧਤ ਹੈ। ਰਾਜੂ ਨਸੇ ਦੇ ਮਾਮਲੇ 'ਚ ਮੁਲਜਮ ਦਾ ਵਕੀਲ ਸੀ। ਇਸ ਮਾਮਲੇ 'ਚ ਦੋਸੀ ਆਸਟ੍ਰੇਲੀਆਈ ਨਾਗਰਿਕ ਨੂੰ ਹਸ਼ੀਸ਼ ਰੱਖਣ ਦੇ ਦੋਸ਼ 'ਚ ਤਿਰੂਵਨੰਤਪੁਰਮ ਅੰਤਰਰਾਸਟਰੀ ਹਵਾਈ ਅੱਡੇ ਤੋਂ ਗਿ੍ਫ਼ਤਾਰ ਕੀਤਾ ਗਿਆ ਸੀ ਅਤੇ ਇਸਤਗਾਸਾ ਪੱਖ ਨੇ ਉਸ ਖਿਲਾਫ ਸਬੂਤ ਵਜੋਂ ਅੰਡਰਵੀਅਰ ਪੇਸ ਕੀਤਾ ਸੀ ਅਤੇ ਕਿਹਾ ਸੀ ਕਿ ਇਸ 'ਚ ਨਸੀਲੇ ਪਦਾਰਥਾਂ ਦੀ ਤਸਕਰੀ ਕੀਤੀ ਗਈ ਸੀ। ਆਸਟ੍ਰੇਲੀਆਈ ਨਾਗਰਿਕ ਨੂੰ 10 ਸਾਲ ਦੀ ਸਖਤ ਕੈਦ ਦੀ ਸਜਾ ਸੁਣਾਈ ਗਈ। ਹਾਲਾਂਕਿ, ਹਾਈ ਕੋਰਟ ਨੇ 1993 ਵਿੱਚ ਉਸ ਨੂੰ ਬਰੀ ਕਰ ਦਿੱਤਾ ਜਦੋਂ ਉਸ ਦੇ ਵਕੀਲ ਨੇ ਸਾਬਤ ਕੀਤਾ ਕਿ ਅੰਡਰਵੀਅਰ ਉਸ ਲਈ ਬਹੁਤ ਛੋਟਾ ਸੀ। ਪੁਲਸ ਜਾਂਚ ਤੋਂ ਬਾਅਦ ਸਾਹਮਣੇ ਆਇਆ ਕਿ ਮੁਲਜਮ ਦੀ ਨੁਮਾਇੰਦਗੀ ਕਰਨ ਵਾਲੇ ਰਾਜੂ ਨੇ ਅਦਾਲਤ ਤੋਂ ਅੰਡਰਗਾਰਮੈਂਟ ਲਿਆ ਸੀ ਅਤੇ ਚਾਰ ਮਹੀਨਿਆਂ ਬਾਅਦ ਵਾਪਸ ਕਰ ਦਿੱਤਾ ਸੀ। ਇਸ ਤੋਂ ਬਾਅਦ ਮੁਲਜਮ ਨੇ ਹਾਈ ਕੋਰਟ ਦਾ ਰੁਖ ਕੀਤਾ। ਇਸ ਤੋਂ ਬਾਅਦ ਜਿ?ਲ੍ਹਾ ਅਦਾਲਤ ਨੇ ਰਾਜੂ ਅਤੇ ਅਦਾਲਤ ਦੇ ਕਲਰਕ ਕੇ. ਜੋਸ ਵਿਰੁੱਧ ਸਬੂਤਾਂ ਨਾਲ ਛੇੜਛਾੜ ਦੇ ਮਾਮਲੇ ਵਿਚ ਕੇਸ ਦਰਜ ਕਰਨ ਦੇ ਹੁਕਮ ਦਿੱਤੇ ਗਏ ਸਨ।

ਪੰਚਾਇਤੀ ਚੋਣਾਂ 'ਚ ਲੈ ਲਈ 15,00,000 ਦੀ ਰਿਸ਼ਵਤ, ਫਿਰ ਰੱਦ ਹੋ ਗਏ ਕਾਗਜ

ਸਰਦੂਲ ਸਿੰਘ

ਚੰਡੀਗੜ੍ਹ 23 ਨਵੰਬਰ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਗਈ ਜੀਰੋ ਟਾਲਰੈਂਸ ਦੀ ਨੀਤੀ ਦੇ ਤਹਿਤ, ਪੰਜਾਬ ਵਿਜੀਲੈਂਸ ਬਿਊਰੋ ਨੇ ਨਹਿਰੀ ਵਿਭਾਗ ਫਿਰੋਜਪੁਰ ਦੇ ਐੱਸ.ਡੀ.ਓ. ਗੁਲਾਬ ਸਿੰਘ ਅਤੇ ਖੇਤੀਬਾੜੀ ਵਿਭਾਗ ਫਿਰੋਜਪੁਰ ਦੇ ਸਬ-ਇੰਸਪੈਕਟਰ ਦਵਿੰਦਰ ਸਿੰਘ ਖਿਲਾਫ 15,00,000 ਰੁਪਏ ਦੀ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸਾਂ ਤਹਿਤ ਮੁਕੱਦਮਾ ਦਰਜ ਕੀਤਾ ਹੈ। ਇਸ ਮਾਮਲੇ ਵਿੱਚ ਦੋਵੇਂ ਮੁਲਜਮ ਹਾਲ ਹੀ ਦੌਰਾਨ ਹੋਈਆਂ ਪੰਚਾਇਤ ਚੋਣਾਂ ਵੇਲੇ ਕ੍ਰਮਵਾਰ ਰਿਟਰਨਿੰਗ ਅਫਸਰ ਅਤੇ ਸਹਾਇਕ ਰਿਟਰਨਿੰਗ ਅਫਸਰ ਵਜੋਂ ਤਾਇਨਾਤ ਸਨ, ਜਿਨ੍ਹਾਂ ਨੇ ਇਕ ਸਰਪੰਚੀ ਦੇ ਉਮੀਦਵਾਰ ਤੋਂ ਇਹ ਰਿਸ਼ਵਤ ਲਈ ਸੀ। ਇਸ ਕੇਸ ਦੇ ਮੁੱਖ ਮੁਲਜਮ ਐੱਸ.ਡੀ.ਓ. ਗੁਲਾਬ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਵਿਜੀਲੈਂਸ ਬਿਊਰੋ ਦੀਆਂ ਟੀਮਾਂ ਦੂਸਰੇ ਮੁਲਜਮ ਦੀ ਤਲਾਸ਼ ਕਰ ਰਹੀਆਂ ਹਨ। ਇਹ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਫਿਰੋਜਪੁਰ ਜਿ?ਲ੍ਹੇ ਦੇ ਬਲਾਕ ਘੱਲ ਖੁਰਦ ਦੇ ਪਿੰਡ ਮਾਨਾ ਸਿੰਘ ਵਾਲਾ ਦੇ ਕਿਸਾਨ ਗੁਰਪ੍ਰੀਤ ਸਿੰਘ ਵਲੋਂ ਮੁੱਖ ਮੰਤਰੀ ਦੀ ਐਂਟੀ-ਕੁਰੱਪਸ਼ਨ ਐਕਸ਼ਨ ਲਾਈਨ 'ਤੇ ਦਰਜ ਕੀਤੀ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਸਿ?ਕਾਇਤਕਰਤਾ ਗੁਰਪ੍ਰੀਤ ਸਿੰਘ ਨੇ ਹਾਲ ਹੀ ਵਿੱਚ ਹੋਈਆਂ ਪੰਚਾਇਤ ਚੋਣਾਂ-2024 ਵਿੱਚ ਸਰਪੰਚ ਦੇ ਅਹੁਦੇ ਲਈ ਆਪਣੇ ਨਾਮਜਦਗੀ ਪੱਤਰ ਭਰੇ ਸਨ। ਸ਼ਿਕਾਇਤ ਅਨੁਸਾਰ, ਘੱਲ ਖੁਰਦ ਬਲਾਕ ਵਿੱਚ

ਰਿਟਰਨਿੰਗ ਅਫਸਰ ਵਜੋਂ ਤਾਇਨਾਤ ਐੱਸ.ਡੀ.ਓ. ਗੁਲਾਬ ਸਿੰਘ ਨੇ 04 ਨਵੰਬਰ 2024 ਨੂੰ ਉਕਤ ਸਬ-ਇੰਸਪੈਕਟਰ ਦਵਿੰਦਰ ਸਿੰਘ, ਸਹਾਇਕ ਰਿਟਰਨਿੰਗ ਅਫਸਰ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10,00,000 ਰੁਪਏ ਰਿਸ਼ਵਤ ਲਈ। ਇਸ ਤੋਂ ਇਲਾਵਾ, 05 ਨਵੰਬਰ 2024 ਨੂੰ ਗੁਲਾਬ ਸਿੰਘ ਵੱਲੋਂ ਇਕ ਅਣਪਛਾਤੇ ਵਿਅਕਤੀ ਨੇ ਬਾਗੀ ਰੋਡ ਫਿਰੋਜਪੁਰ ਨੇੜੇ ਪੈਟਰੋਲ ਪੰਪ 'ਤੇ 5,00,000 ਰੁਪਏ ਹੋਰ ਲੈ ਲਏ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਰਿਸ਼ਵਤ ਦੇ ਬਾਵਜੂਦ ਉਸ ਦੇ ਸਰਪੰਚੀ ਦੇ ਕਾਗਜ 06 ਨਵੰਬਰ 2024 ਨੂੰ ਰੱਦ ਕਰ ਦਿੱਤੇ ਗਏ। ਬਾਅਦ ਵਿੱਚ, ਉਪਰੋਕਤ ਸਬ-ਇੰਸਪੈਕਟਰ ਦਵਿੰਦਰ ਸਿੰਘ ਨੇ ਐੱਸ.ਡੀ.ਓ. ਗੁਲਾਬ ਸਿੰਘ ਨਾਲ ਪੈਸੇ ਵਾਪਸ ਕਰਨ ਸਬੰਧੀ ਗੱਲ ਕੀਤੀ। ਇਹ ਗੱਲਬਾਤ ਦਵਿੰਦਰ ਸਿੰਘ ਨੇ ਆਪਣੇ ਮੋਬਾਈਲ 'ਤੇ ਰਿਕਾਰਡ ਕਰਕੇ ਸ਼ਿਕਾਇਤਕਰਤਾ ਨੂੰ ਭੇਜ ਦਿੱਤੀ, ਜਿਸ ਨੂੰ ਉਸ ਨੇ ਵਿਜੀਲੈਂਸ ਬਿਊਰੋ ਨੂੰ ਬਤੌਰ ਸਬੂਤ ਵਜੋਂ ਸੌਂਪ ਦਿੱਤਾ। ਬੁਲਾਰੇ ਨੇ ਦੱਸਿਆ ਕਿ ਰਿਕਾਰਡਿੰਗ 'ਚ ਇਹ ਸਾਹਮਣੇ ਆਇਆ ਕਿ ਮੁਲਜਮ ਗੁਲਾਬ ਸਿੰਘ ਅਤੇ ਦਵਿੰਦਰ ਸਿੰਘ ਨੇ ਮਿਲੀਭੁਗਤ ਕਰਕੇ ਸ਼ਿਕਾਇਤਕਰਤਾ ਤੋਂ ਇਹ ਰਿਸ਼ਵਤ ਦੀ ਰਕਮ ਲੈਣ ਦੀ ਸਾਜਿ?ਸ਼ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਪੜਤਾਲ ਦੇ ਆਧਾਰ 'ਤੇ ਦੋਵੇਂ ਮੁਲਜਮਾਂ, ਗੁਲਾਬ ਸਿੰਘ ਐੱਸ.ਡੀ.ਓ. ਅਤੇ ਦਵਿੰਦਰ ਸਿੰਘ ਸਬ-ਇੰਸਪੈਕਟਰ ਵਿਰੁੱਧ ਭ੍ਰਿਸਟਾਚਾਰ ਰੋਕੂ ਕਾਨੂੰਨ ਦੇ ਤਹਿਤ ਵਿਜੀਲੈਂਸ ਦੇ ਥਾਣਾ ਫਿਰੋਜਪੁਰ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਵਿੱਚ ਦੋਸੀ ਐੱਸ.ਡੀ.ਓ. ਗੁਲਾਬ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਦੂਸਰੇ ਦੋਸੀ ਨੂੰ ਜਲਦੀ ਗ੍ਰਿਫਤਾਰ ਕੀਤਾ ਜਾਵੇਗਾ। ਇਸ ਮੁਕੱਦਮੇ ਦੀ ਹੋਰ ਜਾਂਚ ਜਾਰੀ ਹੈ।

ਗੁਰੂ ਸਾਹਿਬ ਦੀ ਨਕਲ ਵਾਲੀ ਵੀਡੀਓ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਖਤ, ਪੜਤਾਲ ਕੀਤੀ ਸ਼ੁਰੂ

ਜੈਤੋ 23 ਨਵੰਬਰ। ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਨਕਲ ਕਰਕੇ ਸਿੱਖ ਭਾਵਨਾਵਾਂ ਨੂੰ ਠੇਸ ਮਾਰਨ ਵਾਲੀ ਵਾਇਰਲ ਹੋ ਰਹੀ ਵੀਡੀਓ ਦਾ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੀ ਪੜਤਾਲ ਦੇ ਆਦੇਸ਼ ਜਾਰੀ ਕੀਤੇ ਹਨ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਬਿਆਨ 'ਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੁੱਢਲੇ ਤੌਰ 'ਤੇ ਮਿਲੀ ਜਾਣਕਾਰੀ ਅਨੁਸਾਰ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ

ਵੀਡੀਓ ਮੱਧ ਪ੍ਰਦੇਸ਼ ਦੇ ਸ਼ਹਡੋਲ ਵਿਚ ਸਿੰਧੀ ਭਾਈਚਾਰੇ ਵੱਲੋਂ ਕੀਤੇ ਗਏ ਇਕ ਸਮਾਗਮ ਦੀ ਦੱਸੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਅੰਦਰ ਗੁਰੂ ਸਾਹਿਬਾਨ ਦੀ ਨਕਲ ਕਰਨ ਦੀ ਸਖ਼ਤ ਮਨਾਹੀ ਹੈ ਅਤੇ ਇਸ ਵੀਡੀਓ ਨਾਲ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਵੱਜੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੰਧੀ ਭਾਈਚਾਰਾ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਤੀ ਵੱਡੀ ਸ਼ਰਧਾ ਰੱਖਦਾ ਹੈ ਅਤੇ ਉਨ੍ਹਾਂ ਨਾਲ ਸਬੰਧਤ ਦਿਹਾੜਿਆਂ ਨੂੰ ਵੀ ਮਨਾਉਂਦਾ ਹੈ, ਪਰੰਤੂ ਸਿੱਖ ਧਰਮ ਦੀਆਂ ਪ੍ਰੰਪਰਾਵਾਂ ਅਤੇ ਮਰਯਾਦਾ ਦਾ ਖ਼ਿਆਲ ਰੱਖਣਾ ਸਾਰਿਆਂ ਲਈ ਬੇਹੱਦ ਜ਼ਰੂਰੀ ਹੈ। ਕਿਸੇ ਨੂੰ ਵੀ ਗੁਰੂ ਸਾਹਿਬਾਨ ਦੀ ਨਕਲ ਕਰਨ ਅਤੇ ਮਰਯਾਦਾ ਵਿਰੁੱਧ ਹਰਕਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਮੱਧ ਪ੍ਰਦੇਸ਼ ਵਿਖੇ ਚੱਲ ਰਹੇ ਸਿੱਖ ਮਿਸ਼ਨ ਓਜੈਨ ਦੇ ਪ੍ਰਚਾਰਕਾਂ ਨੂੰ ਪੜਤਾਲ ਕਰਕੇ ਮੁਕੰਮਲ ਰਿਪੋਰਟ ਦੇਣ ਲਈ ਕਿਹਾ ਗਿਆ ਹੈ, ਜਿਸ ਦੀ ਰਿਪੋਰਟ ਪ੍ਰਾਪਤ ਹੋਣ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜੀ ਜਾਵੇਗੀ।

ਪੰਜਾਬ 'ਚ ਹੋਰ ਵਧੇਗੀ ਠੰਡ, 7 ਜਿਲ੍ਹਿਆਂ ਲਈ ਜਾਰੀ ਹੋਇਆ ਅਲਰਟ

ਲੁਧਿਆਣਾ/ਜਲੰਧਰ 23 ਨਵੰਬਰ। ਪੰਜਾਬ ਦੇ ਕੁਝ ਜਿ?ਲ੍ਹਿਆਂ ਵਿਚ ਅੱਜ ਵੀ ਧੁੰਦ ਵੇਖਣ ਨੂੰ ਮਿਲ ਸਕਦੀ ਹੈ। ਮੌਸਮ ਵਿਭਾਗ ਦੇ ਅੰਦਾਜੇ ਮੁਤਾਬਕ ਆਉਣ ਵਾਲੇ ਕੁਝ ਦਿਨਾਂ ਵਿਚ ਹੀ ਸੂਬੇ ਅੰਦਰ ਠੰਡ ਹੋਰ ਵੱਧ ਸਕਦੀ ਹੈ। ਵਿਭਾਗ ਦੀ ਭਵਿੱਖਬਾਣੀ ਮੁਤਾਬਕ ਇਕ ਹਫਤੇ ਵਿਚ ਤਾਪਮਾਨ ਵਿਚ 2 ਤੋਂ 3 ਡਿਗਰੀ ਤਕ ਦੀ ਗਿਰਾਵਟ ਵੇਖਣ ਨੂੰ ਮਿਲ ਸਕਦੀ ਹੈ। ਪੱਛਮੀ ਹਿਮਾਲੇ ਵੱਲੋਂ ਵੈਸਟਰਨ ਡਿਸਟਰਬੈਂਸ ਐਕਟਿਵ ਹੋਣ ਕਾਰਨ ਪਹਾੜਾਂ ਵਿਚ ਬਰਫਬਾਰੀ ਦੀ ਆਸਾਰ ਬਣ ਰਹੇ ਹਨ, ਜਿਸ ਨਾਲ ਮੈਦਾਨੀ ਇਲਾਕਿਆਂ ਵਿਚ ਵੀ ਠੰਡ ਹੋਰ ਵੱਧ ਸਕਦੀ ਹੈ। ਮੌਸਮ ਵਿਗਿਆਨ ਕੇਂਦਰ ਮੁਤਾਬਕ ਪੰਜਾਬ ਦੇ 7 ਜਿ?ਲ੍ਹਿਆਂ ਅੰਮ੍ਰਿਤਸਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਫਤਹਿਗੜ੍ਹ ਸਾਹਿਬ ਤੇ ਪਟਿਆਲਾ ਵਿਚ ਅੱਜ ਧੁੰਦ ਦਾ ਅਲਰਟ ਜਾਰੀ ਕੀਤਾ ਗਿਆ ਹੈ। ਹਾਲਾਂਕਿ ਦੁਪਹਿਰ ਵੇਲੇ ਆਸਮਾਨ ਸਾਫ ਰਹੇਗਾ। ਚੰਡੀਗੜ੍ਹ ਵਿਚ ਕਿਸੇ ਤਰ੍ਹਾਂ ਦਾ ਕੋਈ ਅਲਰਟ ਜਾਰੀ ਨਹੀਂ ਕੀਤਾ ਗਿਆ। ਅੱਜ ਸੂਬੇ ਦੇ ਮੁੱਖ ਸ਼ਹਿਰਾਂ ਵਿਚ ਤਾਪਮਾਨ 10 ਤੋਂ 27 ਡਿਗਰੀ ਵਿਚਾਲੇ ਰਹਿਣ ਦੀ ਭਵਿੱਖਬਾਣੀ ਕੀਤੀ ਗਈ ਹੈ। ਉੱਥੇ ਹੀ ਇਸ ਮਹੀਨੇ ਦੀ ਅਖੀਰ ਤਕ ਪੰਜਾਬ ਵਿਚ ਬਾਰਿਸ਼ ਦੀ ਆਸ ਬਹੁਤ ਘੱਟ ਹੈ, ਜਿਸ ਕਾਰਨ ਸੁੱਕੀ ਠੰਡ ਵੱਧ ਸਕਦੀ ਹੈ। ਪ੍ਰਦੂਸ਼ਣ ਦੀ ਗੱਲ ਕਰੀਏ ਤਾਂ ਚੰਡੀਗੜ੍ਹ ਵਾਸੀਆਂ ਲਈ ਰਾਹਤ ਭਰੀ ਖਬਰ ਸਾਹਮਣੇ ਆਈ ਹੈ। ਚੰਡੀਗੜ੍ਹ ਵਿਚ ਪ੍ਰਦੂਸ਼ਣ ਦਾ ਪੱਧਰ ਲਗਾਤਾਰ ਘੱਟ ਹੋ ਰਿਹਾ ਹੈ। ਇੱਥੇ 200 ਤੋਂ ਵੀ ਘੱਟ ਹੋ ਗਿਆ ਹੈ, ਜੋ ਪਹਿਲਾਂ 300 ਤੋਂ ਪਾਰ ਹੋ ਗਿਆ ਸੀ। ਦੂਜੇ ਪਾਸੇ ਪੰਜਾਬ ਦੇ ਕਈ ਜਿ?ਲ੍ਹੇ ਅਜੇ ਵੀ ਪ੍ਰਦੂਸ਼ਣ ਦੀ ਮਾਰ ਝੱਲ ਰਹੇ ਹਨ। ਇਨ੍ਹਾਂ ਵਿਚੋਂ ਪਟਿਆਲਾ ਸਭ ਤੋਂ ਵੱਧ ਪ੍ਰਦੂਸ਼ਣ ਪੱਧਰ ਵਾਲਾ ਸ਼ਹਿਰ ਹੈ, ਜਿੱਥੇ 250 ਦੇ ਕਰੀਬ ਦੱਸਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਲੁਧਿਆਣਾ ਵਿਚ 245, ਅੰਮ੍ਰਿਤਸਰ ਵਿਚ 241, ਮੰਡੀ ਗੋਬਿੰਦਗੜ੍ਹ ਵਿਚ 240 ਤੇ ਜਲੰਧਰ ਵਿਚ 234 ਦਰਜ ਕੀਤਾ ਗਿਆ ਹੈ।

ਏਕਤਾ ਕਪੂਰ ਨਾਲ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਦੇਖੀ 'ਦਿ ਸਾਬਰਮਤੀ ਰਿਪੋਰਟ'

ਕਿਸ਼ਨ ਪਾਲ

ਨਵੀਂ ਦਿੱਲੀ 23 ਨਵੰਬਰ। 'ਦਿ ਸਾਬਰਮਤੀ ਰਿਪੋਰਟ' ਦੇ ਹਿੱਸੇ 'ਚ ਇਕ ਤੋਂ ਬਾਅਦ ਇਕ ਪ੍ਰਾਪਤੀ ਜੁੜਦੀ ਜਾ ਰਹੀ ਹੈ। ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਵੀ ਫਿਲਮ ਦੇਖੀ। ਕੇਂਦਰੀ ਮੰਤਰੀ ਦੇ ਨਾਲ ਫਿਲਮ ਪ੍ਰੋਡੀਊਸਰ ਏਕਤਾ ਕਪੂਰ ਵੀ ਮੌਜੂਦ ਰਹੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸਾਹ ਦੀ ਤਾਰੀਫ ਤੋਂ ਬਾਅਦ ਫਿਲਮ ਨੂੰ ਦੇਸ ਦੇ ਕਈ ਸੂਬਿਆਂ ਵਿੱਚ ਟੈਕਸ ਮੁਕਤ ਕਰ ਦਿੱਤਾ ਗਿਆ ਹੈ। ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਫਿਲਮ ਦੇਖਣ ਤੋਂ ਬਾਅਦ ਕਿਹਾ, "ਸਭ ਤੋਂ ਪਹਿਲਾਂ ਸਾਨੂੰ ਏਕਤਾ ਕਪੂਰ ਅਤੇ ਉਸ ਦੀ ਸਾਨਦਾਰ ਟੀਮ ਨੂੰ ਵਧਾਈ ਦੇਣੀ ਚਾਹੀਦੀ ਹੈ। ਫਿਲਮ 'ਚ ਕਲਾਕਾਰਾਂ ਨੇ ਸਾਨਦਾਰ ਕੰਮ ਕੀਤਾ ਹੈ ਪਰ ਇਸ ਸਭ ਤੋਂ ਇਲਾਵਾ ਹੋਰ ਵੀ ਬਹੁਤ ਕੁਝ ਹੈ। ਉਨ੍ਹਾਂ ਨੇ ਉਸ ਸੱਚਾਈ ਨੂੰ ਸਾਹਮਣੇ ਲਿਆਂਦਾ ਹੈ। " ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੇ ਨਾਲ ਫਿਲਮ ਦੀ ਨਿਰਮਾਤਾ ਏਕਤਾ ਕਪੂਰ ਅਤੇ ਅਦਾਕਾਰਾ ਰਿਧੀ ਡੋਗਰਾ ਵੀ ਨਜਰ ਆਈਆਂ। ਕੇਂਦਰੀ ਮੰਤਰੀ ਨੇ ਅੱਗੇ ਕਿਹਾ, "ਵਿਰੋਧੀਆਂ ਨੂੰ ਆਪਣੇ ਅੰਦਰ ਝਾਂਤ ਮਾਰ ਕੇ ਦੇਖਣਾ ਚਾਹੀਦਾ ਹੈ ਕਿ ਉਹ ਕਿੱਥੇ ਹਨ। ਸਾਨੂੰ ਪਤਾ ਲੱਗਾ ਹੈ ਕਿ ਕੁਝ ਸਿਆਸੀ ਵਿਰੋਧੀ ਪਾਰਟੀਆਂ ਨੇ ਇਸ 'ਤੇ ਟਿੱਪਣੀ ਕੀਤੀ ਹੈ। ਇਨ੍ਹਾਂ ਲੋਕਾਂ ਨੂੰ ਆਪਣੇ ਅੰਦਰ ਝਾਤੀ ਮਾਰਨੀ ਚਾਹੀਦੀ ਹੈ। ਇਹ ਉਹੀ ਲੋਕ ਹਨ ਜੋ ਸੰਵਿਧਾਨ ਦੀ ਕਾਪੀ ਚੁੱਕ ਕੇ ਕਹਿੰਦੇ ਹਨ ਕਿ ਲੋਕਤੰਤਰ 'ਤੇ ਹਮਲਾ ਹੋਇਆ ਹੈ। ਜਰਾ ਇਨ੍ਹਾਂ ਲੋਕਾਂ ਤੋਂ ਪੁੱਛੋ ਕਿ ਆਜਾਦੀ ਤੋਂ

ਬਾਅਦ ਲੋਕਤੰਤਰ 'ਤੇ ਕਦੋਂ ਹਮਲਾ ਹੋਇਆ? ਕੇਂਦਰੀ ਮੰਤਰੀ ਨੇ ਐਮਰਜੈਂਸੀ ਦਾ ਜਿ?ਕਰ ਕਰਦੇ ਹੋਏ ਕਿਹਾ, "ਜਿੱਥੋਂ ਤੱਕ ਮੈਨੂੰ ਯਾਦ ਹੈ, ਲੋਕਤੰਤਰ 'ਤੇ ਹਮਲਾ 1 ਜੂਨ, 1975 ਨੂੰ ਹੋਇਆ ਸੀ।" ਦੱਸ ਦੇਈਏ ਕਿ ਰਾਜਸਥਾਨ ਵਿੱਚ ਭਜਨਲਾਲ ਸਰਕਾਰ ਨੇ ਫਿਲਮ ਦਿ ਸਾਬਰਮਤੀ ਰਿਪੋਰਟ ਨੂੰ ਟੈਕਸ ਫ੍ਰੀ ਕਰ ਦਿੱਤਾ